੧ੴ ਵਾਹਿਗੁਰੂ ਜੀ ਕੀ ਫ਼ਤਹ॥


ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ


# ਗੁਰਦੁਆਰਾ ਗਜ਼ਟ


ਪੋਹ — ਨਾਨਕਸ਼ਾਹੀ ਸੰਮਤ ੫੪੮

ਅੰਕ ੧੨ — ਜਿਲਦ ੯੩

ਦਸੰਬਰ — ੨੦੧੬

**ਸੰਪਾਦਕ** — **ਦਿਲਜੀਤ ਸਿੰਘ 'ਬੇਦੀ'**

**ਸਹਾਇਤਾ**

| **ਦੇਸ਼** | **ਵਿਦੇਸ਼** |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |



***Website : www.sgpc.net***

***E-mail : gurdwaragazette@gmail.com***

***info@sgpc.net***

***Phone: 0183-255 3956-60, Ext. 254***


## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,<br>ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੮ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***


# ਲੇਖ ਸੂਚੀ


| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੭ |
| ਸੰਪਾਦਕੀ | ੮ |
| ਸ੍ਰੀ ਚਮਕੌਰ ਸਾਹਿਬ ਦਾ ਸ਼ਹੀਦੀ ਸਾਕਾ *-ਪ੍ਰੋ. ਕਿਰਪਾਲ ਸਿੰਘ ਬਡੂੰਗਰ* | ੧੧ |
| ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ *-ਡਾ. ਪਰਮਵੀਰ ਸਿੰਘ* | ੧੪ |
| ਮਾਤਾ ਗੁਜਰੀ ਜੀ *-ਸ. ਵਰਿਆਮ ਸਿੰਘ* | ੨੨ |
| ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ *-ਸ. ਜਸਬੀਰ ਸਿੰਘ 'ਤੇਗ'* | ੩੦ |
| ਭਗਤ ਧੰਨਾ ਜੀ *-ਸ੍ਰੀ ਰਮੇਸ਼ ਬੱਗਾ ਚੋਹਲਾ* | ੩੨ |
| ਖ਼ਬਰਨਾਮਾ | ੩੪ |
| ਕਾਰਵਾਈ ਜਨਰਲ ਸਮਾਗਮ | ੭੫ |
| ਹਿਸਾਬ-ਕਿਤਾਬ | ੯੧ |
| ***English Section*** | |
| Historical Events | *101* |
| Sri Guru Tegh Bahadur Sahib Ji *- S. Surjit Singh 'Gandhi'* | 103 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਪੋਹ)

* ਕਿਵਾੜ ਖੁੱਲ੍ਹਣ ਦਾ ਸਮਾਂ — ੩-੦੦ ਵਜੇ ਅੰਮ੍ਰਿਤ ਵੇਲੇ
* ਕੀਰਤਨ ਆਰੰਭ — ੩-੦੦ ਵਜੇ ਅੰਮ੍ਰਿਤ ਵੇਲੇ
* ਆਸਾ ਦੀ ਵਾਰ ਦਾ ਕੀਰਤਨ ਆਰੰਭ — ੪-੦੦ ਵਜੇ ਸਵੇਰੇ
* ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ — ੫-੦੦ ਵਜੇ ਸਵੇਰੇ
* ਪਹਿਲਾ ਹੁਕਮਨਾਮਾ — ੫-੩੦ ਵਜੇ ਸਵੇਰੇ
* ਪਹਿਲੀ ਅਰਦਾਸ — ੬-੦੦ ਵਜੇ ਸਵੇਰੇ
* ਆਸਾ ਦੀ ਵਾਰ ਦੀ ਸਮਾਪਤੀ — ੭-੦੦ ਵਜੇ ਸਵੇਰੇ
* ਦੂਸਰੀ ਅਰਦਾਸ ਤੇ ਹੁਕਮਨਾਮਾ — ੭-੧੫ ਵਜੇ ਸਵੇਰੇ
* ਸ਼ਾਮ ਨੂੰ ਸੋਦਰੁ ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।
* ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ — ੯-੩੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ — ੯-੪੫ ਵਜੇ ਰਾਤ
* ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ — ੧੦-੦੦ ਵਜੇ ਰਾਤ
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬**
**ਫੋਨ : ੦੦੯੧-੧੮੩-੨੫੫੩੯੫੭,੫੮,੫੯**

# ੧੬ ਦਸੰਬਰ ਤੋਂ ੧੫ ਜਨਵਰੀ ਵਿਚਲੇ ਇਤਿਹਾਸਕ ਦਿਹਾੜੇ

**੧੬ ਦਸੰਬਰ**

(ੳ) ਭਰੋਵਾਲ ਦੀ ਸੰਧੀ ਅੰਗਰੇਜ਼ਾਂ ਅਤੇ ਸਿੱਖ ਰਾਜ ਲਾਹੌਰ ਦਰਮਿਆਨ ਹੋਈ। ਜਿਸ ਅਨੁਸਾਰ ਗੁਲਾਬ ਸਿੰਘ ਨੂੰ ਜੰਮੂ-ਕਸ਼ਮੀਰ ਦੇ ਮਹਾਰਾਜੇ ਦੇ ਤੌਰ 'ਤੇ ਮਾਨਤਾ ਮਿਲੀ ਅਤੇ ਹੈਨਰੀ ਲਾਰੈਂਸ ਨੂੰ ਲਾਹੌਰ ਦਰਬਾਰ ਵਿਖੇ ਬਤੌਰ ਬਰਤਾਨਵੀਂ ਰੈਜ਼ੀਡੈਂਟ ਨਿਯੁਕਤ ਕੀਤਾ ਗਿਆ। (੧੬-੧੨-੧੮੪੬)

(ਅ) ਅੰਮ੍ਰਿਤਸਰ ਵਿਖੇ ਇਕ ਸਿੱਖ ਕਨਵੈਨਸ਼ਨ ਹੋਈ, ਜਿਸ ਵਿਚ ਪੰਜਾਬੀ ਸੂਬੇ ਦੀ ਮੰਗ ਪਹਿਲੀ ਵਾਰ ਕੀਤੀ ਗਈ। (੧੬-੧੨-੧੯੫੦)

**੧੭ ਦਸੰਬਰ**

ਮਹਿਰਾਜ ਦੀ ਲੜਾਈ ਵਿਚ ਭਾਈ ਜੈਤਾ, ਭਾਈ ਸੁਖੀਆ ਮਾਂਡਨ ਤੇ ਸੈਂਕੜੇ ਹੋਰ ਸਿੰਘ ਸ਼ਹੀਦ ਹੋਏ। (੧੭-੧੨-੧੬੩੪)

**੧੮ ਦਸੰਬਰ**

ਮੁਦਕੀ ਦੇ ਸਥਾਨ 'ਤੇ ਅੰਗਰੇਜ਼ਾਂ ਅਤੇ ਸਿੱਖਾਂ ਦਰਮਿਆਨ ਪਹਿਲੀ ਜੰਗ ਸ਼ੁਰੂ ਹੋਈ। (੧੮-੧੨-੧੮੪੫)

**੧੯ ਦਸੰਬਰ**

ਪੰਜਾਬ ਅਸੈਂਬਲੀ ਨੇ ਪੰਜਾਬੀ ਬੋਲੀ ਨੂੰ ਸਰਕਾਰੀ ਬੋਲੀ ਹੋਣ ਦਾ ਬਿੱਲ ਪਾਸ ਕੀਤਾ। (੧੯-੧੨-੧੯੬੭)

**੨੨ ਦਸੰਬਰ**

ਤੀਜੀ ਗੋਲਮੇਜ਼ ਕਾਨਫਰੰਸ ਲੰਡਨ ਵਿਚ ਹੋਈ ਸਿੱਖਾਂ ਨੇ ਇਸ ਦਾ ਮੁਕੰਮਲ ਬਾਈਕਾਟ ਕੀਤਾ। (੨੨-੧੨-੧੯੩੨)

**੨੩ ਦਸੰਬਰ**

ਸਾਬਕਾ ਸਿੱਖ ਫੌਜੀਆਂ ਦੀ ਇਕ ਕਨਵੈਨਸ਼ਨ ਅੰਮ੍ਰਿਤਸਰ ਵਿਖੇ ਹੋਈ, ਇਸ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸਾਬਕਾ ਸਿੱਖ ਫੌਜੀਆਂ ਨੇ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ। (੨੩-੧੨-੧੯੮੨)

**੨੪ ਦਸੰਬਰ**

ਅਕਾਲੀ ਜਥਾ ਖਰਾ ਸੌਦਾ ਬਾਰ ਨੇ ਜਥੇਦਾਰ ਕਰਤਾਰ ਸਿੰਘ ਝੱਬਰ ਨੂੰ ਆਪਣਾ ਮੁਖੀ ਚੁਣ ਲਿਆ। (੨੪-੧੨-੧੯੨੦)

**੨੭ ਦਸੰਬਰ**

ਸਿੱਖਾਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਸਟੇਜ ਤੋਂ ਉਸ ਸਮੇਂ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੂੰ ਸਪੀਚ ਨਾ ਕਰਨ ਦਿੱਤੀ। (੨੭-੧੨-੧੯੫੩)

**੨੮ ਦਸੰਬਰ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਭਾਈ ਫੇਰੂ ਦਾ ਪ੍ਰਬੰਧ ਸੰਭਾਲਿਆ। (੨੮-੧੨-੧੯੨੨)

**੨੯ ਦਸੰਬਰ**

ਸ. ਮਹਿਤਾਬ ਸਿੰਘ ਨੇ ਸਰਬ ਪਾਰਟੀ ਕਨਵੈਨਸ਼ਨ ਦੇ ਲੀਡਰਾਂ ਨੂੰ ਮੁਖ਼ਾਤਿਬ ਹੁੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਸਿੱਖਾਂ ਨੂੰ ਅਣਗੌਲਿਆਂ ਕੀਤਾ ਤਾਂ ਭਾਰਤ ਦੇ ਭਵਿੱਖ ਦਾ ਫੈਸਲਾ ਕਿਰਪਾਨ ਦੀ ਧਾਰ 'ਤੇ ਕੀਤਾ ਜਾਵੇਗਾ। (੨੯-੧੨-੧੯੨੮)

**੩੦ ਦਸੰਬਰ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਰਪਾਨ ਧਾਰਨ ਕਰਨ ਦੇ ਹੱਕ ਲਈ ਐਜੀਟੇਸ਼ਨ ਦਾ ਐਲਾਨ ਕੀਤਾ। (੩੦-੧੨-੧੯੩੫)

**੩੧ ਦਸੰਬਰ**

(ੳ) ਭਾਰਤ ਸਰਕਾਰ ਨੇ ਸਿੱਖਾਂ ਦੇ ਗੁਰਧਾਮਾਂ 'ਤੇ ਕਬਜ਼ਾ ਕਰਨ ਦੀ ਸਾਜ਼ਿਸ਼ ਵਜੋਂ ਗੁਰਦੁਆਰਾ ਬਿੱਲ ਵਿਚ ਸੋਧ ਕੀਤੀ। (੩੧-੧੨-੧੯੫੮)

(ਅ) ਪੰਜਾਬ ਸਰਕਾਰ ਨੇ ਇਹ ਮੰਨਿਆ ਕਿ ਸਾਲ ੧੯੮੭ ਵਿਚ ੩੨੮ ਸਿੱਖ ਮਾਰੇ ਗਏ ਅਤੇ ੩੭੫੧ ਗ੍ਰਿਫਤਾਰ ਕੀਤੇ ਗਏ ਹਨ। (੩੧-੧੨-੧੯੮੭)

ੑ ਜਨਵਰੀ — ਕਿਰਪਾਨ ਦੇ ਮੁੱਦੇ 'ਤੇ ਸਿੱਖਾਂ ਦੇ ਪਹਿਲੇ ਜਥੇ ਨੇ ਗ੍ਰਿਫਤਾਰੀ ਦਿੱਤੀ। (੧-੧-੧੯੩੬)

੬ ਜਨਵਰੀ — ਸ਼ਹੀਦ ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਨੂੰ ਇੰਦਰਾ ਗਾਂਧੀ ਕਤਲ ਕਾਂਡ ਵਿਚ ਫਾਂਸੀ ਦਿੱਤੀ ਗਈ, ਫਾਂਸੀ ਤੋਂ ਬਾਅਦ ਇਨ੍ਹਾਂ ਸ਼ਹੀਦਾਂ ਦੀਆਂ ਲਾਸ਼ਾਂ ਦਾ ਸਸਕਾਰ ਜੇਲ੍ਹ ਦੇ ਅੰਦਰ ਹੀ ਕਰ ਦਿੱਤਾ ਗਿਆ ਅਤੇ ਇਸ ਸਾਰੀ ਕਾਰਵਾਈ ਦੌਰਾਨ ਸਾਰੇ ਪੰਜਾਬ ਵਿਚ ਕਰਫਿਊ ਲਗਾਇਆ ਗਿਆ। (੬-੧-੧੯੮੯)

੭ ਜਨਵਰੀ — ਸ਼੍ਰੋਮਣੀ ਕਮੇਟੀ ਦੀ ਨਵੀਂ ਅੰਤ੍ਰਿੰਗ ਕਮੇਟੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਸ਼੍ਰੋਮਣੀ ਕਮੇਟੀ ਨੇ ਗੁਰਦੁਆਰਾ ਗੰਗਸਰ ਜੈਤੋ ਦੇ ਮੋਰਚੇ ਤੇ ਸ਼ਹੀਦੀ ਜਥੇ ਭੇਜਣ ਦਾ ਫੈਸਲਾ ਕੀਤਾ। (੭-੧-੧੯੨੪)

੯ ਜਨਵਰੀ — ਅੰਮ੍ਰਿਤਸਰ ਵਿਖੇ ਬੁੱਧੀਜੀਵੀਆਂ ਦੀ ਇਕ ਕਾਨਫਰੰਸ ਹੋਈ ਜਿਸ ਵਿਚ ਧਰਮ ਯੁੱਧ ਮੋਰਚੇ ਦੀ ਹਮਾਇਤ ਕੀਤੀ ਗਈ। (੯-੧-੧੯੮੩)

੧੧ ਜਨਵਰੀ — ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਦੀ ਅੰਤਮ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤੀ ਗਈ। (੧੧-੧-੧੯੮੯)

੧੨ ਜਨਵਰੀ — ਸਿੱਖਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਗੁਰਧਾਮਾਂ ਦਾ ਪ੍ਰਬੰਧ ਸੰਭਾਲਿਆ। (੧੨-੧-੧੯੨੩)

੧੩ ਜਨਵਰੀ — (ੳ) ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਗੁਰਪੁਰਬ ਸਮੇਂ ਜੰਮੂ ਵਿਖੇ ਸੰਗਤਾਂ ਵੱਲੋਂ ਕੱਢੇ ਜਾ ਰਹੇ ਇਕ ਨਗਰ ਕੀਰਤਨ 'ਤੇ ਹਿੰਦੂਆਂ ਨੇ ਹਮਲਾ ਕਰ ਦਿੱਤਾ। ਇਸ ਵਿੱਚ ੯ ਸਿੱਖ ਸ਼ਹੀਦ ਹੋ ਗਏ। (੧੩-੧-੧੯੮੯)

(ਅ) ਸਿੱਖਾਂ ਅਤੇ ਅੰਗਰੇਜ਼ਾਂ ਦਰਮਿਆਨ ਚੇਲਿਆਂ ਵਾਲੀ ਦੇ ਸਥਾਨ 'ਤੇ ਇਕ ਮਹੱਤਵਪੂਰਨ ਲੜਾਈ ਹੋਈ ਜਿਸ ਵਿਚ ਅੰਗਰੇਜ਼ਾਂ ਦੇ ੧੩੨ ਅਫਸਰ ਅਤੇ ੨੪੪੬ ਫੌਜੀ ਜਵਾਨ ਮਾਰੇ ਗਏ। ਏਨੇ ਜ਼ਿਆਦਾ ਫੌਜੀ ਜਾਨੀ ਨੁਕਸਾਨ ਤੋਂ ਚਿੜ੍ਹ ਖਾ ਕੇ ਅੰਗਰੇਜ਼ ਫੌਜ ਨੇ ਕਈ ਦਿਨ ਆਮ ਸਿੱਖਾਂ ਦਾ ਕਤਲੇਆਮ ਕੀਤਾ। ਇਹ ਘਟਨਾ ਆਪਣੇ ਆਪ ਨੂੰ ਸੱਭਿਅਕ ਅਖਵਾਉਣ ਵਾਲੇ ਅੰਗਰੇਜ਼ਾਂ ਦੀ ਦਰਿੰਦਗੀ ਦਾ ਇਕ ਨਮੂਨਾ ਸੀ, ਜਿਸ ਨੇ ਸਿੱਖਾਂ 'ਤੇ ਹੋਏ ਪਹਿਲੇ ਮੁਗ਼ਲੀਆ ਅੱਤਿਆਚਾਰਾਂ ਨੂੰ ਵੀ ਮਾਤ ਪਾ ਦਿੱਤੀ। (੧੩-੧-੧੮੪੯)

੧੪ ਜਨਵਰੀ — (ੳ) ਗੁਰਦੁਆਰਾ ਰਕਾਬ ਗੰਜ ਦਿੱਲੀ ਦੀ ਬਾਹਰਲੀ ਦੀਵਾਰ ਬ੍ਰਿਟਿਸ਼ ਸਰਕਾਰ ਨੇ ਢਾਹ ਦਿੱਤੀ। (੧੪-੧-੧੯੧੪)

(ਅ) ਪੰਜਾਬ ਵਿਚ ਜ਼ਿਲ੍ਹਾ ਪੱਧਰ 'ਤੇ ਦਫਤਰੀ ਕੰਮ-ਕਾਜ ਪੰਜਾਬੀ ਵਿਚ ਹੋਣਾ ਸ਼ੁਰੂ ਹੋਇਆ। (੧੪-੧-੧੯੬੭)

(ੲ) ਫ਼ਾਜ਼ਿਲਕਾ ਤੇ ਅਬੋਹਰ ਦੇ ਇਲਾਕੇ ਪੰਜਾਬ ਵਿਚ ਰਹਿਣੇ ਚਾਹੀਦੇ ਹਨ ਜਾਂ ਹਰਿਆਣਾ ਨੂੰ ਦਿੱਤੇ ਜਾਣੇ ਚਾਹੀਦੇ ਹਨ, ਦੇ ਸੰਬੰਧ ਵਿਚ ਇਸ ਜ਼ੋਨ ਦੇ ੫੪ ਪਿੰਡਾਂ ਦੀ ਰਾਇ ਸ਼ੁਮਾਰੀ ਕੀਤੀ ਗਈ। ਇਸ ਰਾਇ ਸ਼ੁਮਾਰੀ ਦੌਰਾਨ ਇਨ੍ਹਾਂ ਪਿੰਡਾਂ ਦੇ ਪੰਜਾਬੀ ਬੋਲਣ ਵਾਲੇ ਹਿੰਦੂਆਂ ਨੇ ਆਪਣੀ ਮਾਤ-ਭਾਸ਼ਾ ਹਿੰਦੀ ਲਿਖਵਾਈ ਤੇ ਇਸ ਦੇ ਬਾਵਜੂਦ ਵੀ ਅਖੀਰਲੇ ਸਮੇਂ ਕੰਦੂ ਖੇੜਾ ਪਿੰਡ ਦੀ ਰਾਇ ਸ਼ੁਮਾਰੀ ਤੋਂ ਇਹ ਦੋਵੇਂ ਇਲਾਕੇ ਹਰਿਆਣਾ ਵਿਚ ਜਾਣੋਂ ਬਚ ਗਏ। ਕੰਦੂਖੇੜਾ ਰਾਇ ਸ਼ੁਮਾਰੀ ਵਿਚ ਸ. ਪ੍ਰਕਾਸ਼ ਸਿੰਘ ਬਾਦਲ ਨੇ ਅਹਿਮ ਰੋਲ ਅਦਾ ਕੀਤਾ। (੧੪-੧-੧੯੮੬)

■

**ਗੁਰਬਾਣੀ ਵਿਚਾਰ:**

# ਪੋਖਿ ਤੁਖਾਰੁ ਨ ਵਿਆਪਈ...

**ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ ॥**
**ਮਨੁ ਬੇਧਿਆ ਚਰਨਾਰਬਿੰਦ ਦਰਸਨਿ ਲਗੜਾ ਸਾਹੁ ॥**
**ਓਟ ਗੋਵਿੰਦ ਗੋਪਾਲ ਰਾਇ ਸੇਵਾ ਸੁਆਮੀ ਲਾਹੁ ॥**
**ਬਿਖਿਆ ਪੋਹਿ ਨ ਸਕਈ ਮਿਲਿ ਸਾਧੂ ਗੁਣ ਗਾਹੁ ॥**
**ਜਹ ਤੇ ਉਪਜੀ ਤਹ ਮਿਲੀ ਸਚੀ ਪ੍ਰੀਤਿ ਸਮਾਹੁ ॥**
**ਕਰੁ ਗਹਿ ਲੀਨੀ ਪਾਰਬ੍ਰਹਮਿ ਬਹੁੜਿ ਨ ਵਿਛੁੜੀਆਹੁ ॥**
**ਬਾਰਿ ਜਾਉ ਲਖ ਬੇਰੀਆ ਹਰਿ ਸਜਣੁ ਅਗਮ ਅਗਾਹੁ ॥**
**ਸਰਮ ਪਈ ਨਾਰਾਇਣੈ ਨਾਨਕ ਦਰਿ ਪਈਆਹੁ ॥**
**ਪੋਖੁ ਸੋੁਹੰਦਾ ਸਰਬ ਸੁਖ ਜਿਸੁ ਬਖਸੇ ਵੇਪਰਵਾਹੁ ॥੧੧॥**

*(ਪੰਨਾ ੧੩੫)*

ਪੋਹ ਦੇ ਮਹੀਨੇ ਜਿਸ ਜੀਵ-ਇਸਤਰੀ ਦੇ ਗਲ ਨਾਲ (ਹਿਰਦੇ ਵਿਚ) ਪ੍ਰਭੂ-ਪਤੀ ਲੱਗਾ ਹੋਇਆ ਹੋਵੇ, ਉਸ ਨੂੰ ਕੱਕਰ (ਮਨ ਦੀ ਕਠੋਰਤਾ, ਕੋਰਾਪਨ) ਜ਼ੋਰ ਨਹੀਂ ਪਾ ਸਕਦਾ, (ਕਿਉਂਕਿ) ਉਸ ਦੀ ਬਿਰਤੀ ਪ੍ਰਭੂ ਦੇ ਦੀਦਾਰ ਦੀ ਤਾਂਘ ਵਿਚ ਜੁੜੀ ਰਹਿੰਦੀ ਹੈ, ਉਸ ਦਾ ਮਨ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਬੱਝਾ ਰਹਿੰਦਾ ਹੈ।

ਜਿਸ ਜੀਵ-ਇਸਤਰੀ ਨੇ ਗੋਬਿੰਦ ਗੋਪਾਲ ਦਾ ਆਸਰਾ ਲਿਆ ਹੈ, ਉਸ ਨੇ ਪ੍ਰਭੂ-ਪਤੀ ਦੀ ਸੇਵਾ ਦਾ ਲਾਭ ਖੱਟਿਆ ਹੈ, ਮਾਇਆ ਉਸ ਨੂੰ ਪੋਹ ਨਹੀਂ ਸਕਦੀ, ਗੁਰੂ ਨੂੰ ਮਿਲ ਕੇ ਉਸ ਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਚੁੱਭੀ ਲਾਈ ਹੈ। ਜਿਸ ਪਰਮਾਤਮਾ ਤੋਂ ਉਸ ਨੇ ਜਨਮ ਲਿਆ ਹੈ, ਉਸੇ ਵਿਚ ਉਹ ਜੁੜੀ ਰਹਿੰਦੀ ਹੈ, ਉਸ ਦੀ ਲਿਵ ਪ੍ਰਭੂ ਦੀ ਪ੍ਰੀਤ ਵਿਚ ਲੱਗੀ ਰਹਿੰਦੀ ਹੈ। ਪਾਰਬ੍ਰਹਮ ਨੇ (ਉਸ ਦਾ) ਹੱਥ ਫੜ ਕੇ (ਉਸ ਨੂੰ ਆਪਣੇ ਚਰਨਾਂ ਵਿਚ) ਜੋੜਿਆ ਹੁੰਦਾ ਹੈ, ਉਹ ਮੁੜ (ਉਸ ਦੇ ਚਰਨਾਂ ਤੋਂ) ਵਿਛੁੜਦੀ ਨਹੀਂ। (ਪਰ) ਉਹ ਸੱਜਣ ਪ੍ਰਭੂ ਬੜਾ ਅਪਹੁੰਚ ਹੈ, ਬੜਾ ਡੂੰਘਾ ਹੈ, ਮੈਂ ਉਸ ਤੋਂ ਲੱਖ ਵਾਰੀ ਕੁਰਬਾਨ ਹਾਂ। ਹੇ ਨਾਨਕ! (ਉਹ ਬੜਾ ਦਿਆਲ ਹੈ) ਦਰ ਉੱਤੇ ਡਿੱਗਿਆਂ ਦੀ ਉਸ ਪ੍ਰਭੂ ਨੂੰ ਇੱਜ਼ਤ ਰੱਖਣੀ ਹੀ ਪੈਂਦੀ ਹੈ।

ਜਿਸ ਉੱਤੇ ਉਹ ਬੇਪਰਵਾਹ ਪਰਮਾਤਮਾ ਮਿਹਰ ਕਰਦਾ ਹੈ, ਉਸ ਨੂੰ ਪੋਹ ਦਾ ਮਹੀਨਾ ਸੁਹਾਵਣਾ ਲੱਗਦਾ ਹੈ, ਉਸ ਨੂੰ ਸਾਰੇ ਹੀ ਸੁਖ ਮਿਲ ਜਾਂਦੇ ਹਨ ॥੧੧॥

■

*ਸੰਪਾਦਕੀ...*

# ਸਿੱਖੀ ਕੀ ਨੀਵ ਹਮ ਹੈਂ ਸਰੋਂ ਪਰ ਉਠਾ ਚਲੇ

*ਸਿੱਖ ਵਿਰਸਾ ਬੜਾ ਅਮੀਰ ਹੈ ਅਤੇ ਇਸ ਦੀ ਸ਼ਾਨ ਦੁਨੀਆਂ ਦੇ ਧਰਮਾਂ ਦੇ ਮੁਕਾਬਲੇ ਨਿਵੇਕਲੀ ਹੈ। ਸਿੱਖ ਪਰਿਵਾਰ ਵਿਚ ਜਨਮ ਲੈਣ ਵਾਲਾ ਹਰੇਕ ਵਿਅਕਤੀ ਵੱਡੇ ਭਾਗ ਰੱਖਦਾ ਹੈ ਕਿਉਂਕਿ ਉਹ ਜਨਮ ਲੈਂਦਿਆਂ ਹੀ ਇਸ ਅਮੀਰ ਵਿਰਸੇ ਦਾ ਵਾਰਸ ਬਣ ਜਾਂਦਾ ਹੈ। ਸਿੱਖ ਵਿਰਸੇ ਦੇ ਦਰਸ਼ਨ ਸਿੱਖ ਅਰਦਾਸ ਵਿੱਚੋਂ ਹੋ ਜਾਂਦੇ ਹਨ, ਜਦੋਂ ਸਿੱਖ ਹਰ ਰੋਜ਼ ਅਰਦਾਸ ਦੇ ਇਹ ਸ਼ਬਦ ਉਚਾਰਦਾ ਹੈ, "ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿੱਤੇ, ਬੰਦ-ਬੰਦ ਕਟਾਏ, ਖੋਪਰੀਆਂ ਲੁਹਾਈਆਂ, ਚਰਖੜੀਆਂ 'ਤੇ ਚੜ੍ਹੇ, ਆਰਿਆਂ ਨਾਲ ਚਿਰਾਏ ਗਏ, ਗੁਰਦੁਆਰਿਆਂ ਦੀ ਸੇਵਾ ਲਈ ਕੁਰਬਾਨੀਆਂ ਕੀਤੀਆਂ, ਧਰਮ ਨਹੀਂ ਹਾਰਿਆ, ਸਿੱਖੀ ਕੇਸਾਂ-ਸੁਆਸਾਂ ਨਾਲ ਨਿਬਾਹੀ।" ਸਿੱਖ ਵਿਰਸਾ ਸਿੱਖਾਂ ਲਈ ਪ੍ਰੇਰਨਾ ਹੈ, ਅਗਵਾਈ ਹੈ, ਜੀਵਨ-ਜਾਚ ਹੈ। ਆਪਣੇ ਵਿਰਸੇ ਤੋਂ ਅਗਵਾਈ ਲੈ ਕੇ ਸਿੱਖਾਂ ਨੇ ਵੱਡੀਆਂ ਤੋਂ ਵੱਡੀਆਂ ਮੁਸ਼ਕਿਲਾਂ ਨੂੰ ਵੀ ਆਸਾਨੀ ਨਾਲ ਸਰ ਕੀਤਾ ਹੈ। ਇਹੀ ਕਾਰਨ ਹੈ ਕਿ ਸਿੱਖ ਇਤਿਹਾਸ ਦੇ ਪੰਨੇ ਅੱਜ ਦੁਨੀਆਂ ਦੇ ਚਿੰਤਕਾਂ ਦਾ ਧਿਆਨ ਆਪਣੇ ਵੱਲ ਖਿੱਚਦੇ ਹਨ।*

*ਹੱਸ-ਹੱਸ ਕੇ ਕੁਰਬਾਨੀਆਂ ਕਰਨਾ ਸਿੱਖ ਕੌਮ ਦਾ ਹਾਸਿਲ ਹੈ। ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਸਿੱਖ ਧਰਮ ਦੇ ਪਹਿਲੇ ਸ਼ਹੀਦ ਹੋਏ ਹਨ। ਇਸ ਤੋਂ ਬਾਅਦ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਇਸ ਪਰੰਪਰਾ ਨੂੰ ਅੱਗੇ ਵਧਾਇਆ। ਦਸਵੇਂ ਪਾਤਸ਼ਾਹ ਜੀ ਨੇ ਤਾਂ ਸਾਰਾ ਪਰਿਵਾਰ ਹੀ ਮਨੁੱਖਤਾ ਤੋਂ ਵਾਰ ਦਿੱਤਾ। ਦਸਮ ਗੁਰੂ ਜੀ ਦਾ ਸਮੁੱਚਾ ਇਤਿਹਾਸ ਹੀ ਰੌਂਗਟੇ ਖੜ੍ਹੇ ਕਰਨ ਵਾਲਾ ਹੈ। ਆਪ ਜੀ ਦੇ ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਮਨੁੱਖੀ ਰੂਹ ਨੂੰ ਝੰਜੋੜ ਕੇ ਰੱਖ ਦਿੰਦੀਆਂ ਹਨ। ਛੋਟੀ ਉਮਰ ਵਿਚ ਵੱਡਾ ਸਾਕਾ ਕਰਨ ਵਾਲੇ ਸਾਹਿਬਜ਼ਾਦੇ ਸੱਚ-ਧਰਮ ਤੇ ਪਹਿਰਾ ਦਿੰਦਿਆਂ ਦੁਸ਼ਮਣ ਨੂੰ ਹਾਰ ਦੇ ਰੂਬਰੂ ਕਰਵਾ ਗਏ। ਅਜਿਹੀ ਮਿਸਾਲ ਦੁਨੀਆਂ ਦੇ ਇਤਿਹਾਸ ਵਿਚ ਕਿਧਰੇ ਨਹੀਂ ਮਿਲਦੀ। ਭਾਵ ਕਿ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਇੱਕ ਕ੍ਰਾਂਤੀਕਾਰੀ ਕਦਮ ਸੀ, ਜਿਸ ਨੇ ਦੁਨੀਆਂ ਦੇ ਧਾਰਮਿਕ ਇਤਿਹਾਸ ਨੂੰ ਨਵੇਂ ਅਰਥ ਪ੍ਰਦਾਨ ਕੀਤੇ। ਵੱਡੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਚਮਕੌਰ ਦੀ ਜੰਗ ਵਿਚ ਹੋਈ ਜਿਸ ਨੂੰ ਸਾਕਾ ਚਮਕੌਰ ਕਿਹਾ ਜਾਂਦਾ ਹੈ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਸੂਬਾ ਸਰਹਿੰਦ ਵੱਲੋਂ ਨੀਹਾਂ ਵਿਚ ਚਿਣ ਕੇ ਸ਼ਹੀਦ ਕੀਤਾ ਗਿਆ ਜਿਸ ਨੂੰ ਸਾਕਾ ਸਰਹਿੰਦ ਵਜੋਂ ਯਾਦ ਕੀਤਾ ਜਾਂਦਾ ਹੈ।*

*ਸਾਕਾ ਚਮਕੌਰ ਦੀ ਗੱਲ ਕਰੀਏ ਤਾਂ ਇਤਿਹਾਸਕ ਪ੍ਰਸੰਗ ਅਨੁਸਾਰ ਸ੍ਰੀ ਚਮਕੌਰ ਸਾਹਿਬ ਦੀ ਗੜ੍ਹੀ ਅੰਦਰ ਸਿੰਘਾਂ ਨੂੰ ਵੱਡੀ ਗਿਣਤੀ ਵਿਚ ਦੁਸ਼ਮਣ ਫੌਜ ਨੇ ਘੇਰਾ ਪਾਇਆ ਹੋਇਆ ਸੀ। ਦਸਮ ਗੁਰੂ ਜੀ, ਉਨ੍ਹਾਂ ਦੇ ਦੋ ਵੱਡੇ ਸਾਹਿਬਜ਼ਾਦੇ ਅਤੇ ਕੁਝ ਕੁ ਸਿੰਘ ਸਚਾਈ ਅਤੇ ਮਨੁੱਖੀ ਹੱਕਾਂ ਦਾ ਜਜ਼ਬਾ ਆਪਣੇ ਅੰਦਰ ਸਮੋਈ ਬੈਠੇ ਸਨ। ਧਰਮ ਲਈ ਆਪਣਾ ਆਪ ਕੁਰਬਾਨ ਕਰ ਦੇਣ ਦਾ ਸਾਹਸ ਉਨ੍ਹਾਂ ਅੰਦਰ ਕੁੱਟ ਕੁੱਟ ਕੇ ਭਰਿਆ ਹੋਇਆ ਸੀ। ਅਖੀਰ ਜਦ ਅਸਾਵੀਂ ਜੰਗ ਹੋਈ ਤਾਂ ਗੁਰੂ ਜੀ ਦੇ ਜਾਨ ਤੋਂ ਪਿਆਰੇ ਸਿੰਘਾਂ ਦੇ ਨਾਲ-ਨਾਲ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਵੀ ਮੈਦਾਨੇ-ਜੰਗ ਅੰਦਰ ਸ਼ਹੀਦ ਹੋ ਗਏ। ਕਿੰਨੇ*

*ਭਾਵੁਕ ਪਲ ਹੋਣਗੇ ਜਦ ਦਸਮ ਸਤਿਗੁਰੂ ਜੀ ਇਹ ਸਭ ਅੱਖੀਂ ਦੇਖ ਰਹੇ ਹੋਣਗੇ। ਉਂਝ ਜੰਗ ਤੋਂ ਪਹਿਲੀ ਰਾਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਨ ਦੀ ਭਾਵਨਾ ਨੂੰ ਅਲਹ ਯਾਰ ਖਾਂ ਜੋਗੀ ਨੇ ਭਾਵਪੂਰਤ ਚਿਤਰਿਆ ਹੈ:*

***ਜਬ ਡੇਢ ਘੜੀ ਰਾਤ ਗਈ ਜ਼ਿਕਰਿ-ਖ਼ੁਦਾ ਮੇਂ।***
***ਖ਼ੈਮੇ ਸੇ ਨਿਕਲ ਆਏ ਸ੍ਰਕਾਰ ਹਵਾ ਮੇਂ।***
***ਕਦਮੋਂ ਸੇ ਟਹਲਤੇ ਥੇ, ਮਗਰ ਦਿਲ ਥਾ ਦੁਆ ਮੇਂ।***
***ਬੋਲੇ, "ਐ ਖ਼ੁਦਾਵੰਦ! ਹੂੰ ਖ਼ੁਸ਼ ਤੇਰੀ ਰਜ਼ਾ ਮੇਂ"।***
***ਕਰਤਾਰ ਸੇ ਕਹਿਤੇ ਥੇ ਗੋਯਾ ਰੂ-ਬ-ਰੂ ਹੋ ਕਰ।***
***ਕੱਲ ਜਾਊਂਗਾ ਚਮਕੌਰ ਸੇ ਮੈਂ ਸੁਰਖ਼ਰੂ ਹੋ ਕਰ।***

***(ਗੰਜਿ ਸ਼ਹੀਦਾਂ)***

*ਸਾਕਾ ਸਰਹਿੰਦ ਵੀ ਆਪਣੇ ਆਪ ਵਿਚ ਹੀ ਇਤਿਹਾਸ ਦਾ ਇੱਕ ਅਨੋਖਾ ਪੰਨਾ ਹੈ। ਇਹ ਅਧਰਮੀ ਲੋਕਾਂ ਵੱਲੋਂ ਕੀਤੇ ਗਏ ਜ਼ੁਲਮ ਦਾ ਮੁਕਾਬਲਾ ਧਰਮ ਦੀਆਂ ਹੱਦਾਂ ਅੰਦਰ ਰਹਿ ਕੇ ਸਿਦਕ-ਦਿਲੀ ਨਾਲ ਕਰਨ ਦੀ ਨਿਵੇਕਲੀ ਦਾਸਤਾਨ ਹੈ। ਜਦੋਂ ਮਾਤਾ ਗੁਜਰੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਗੰਗੂ ਵੱਲੋਂ ਕੋਤਵਾਲ ਪਾਸ ਗ੍ਰਿਫਤਾਰ ਕਰਵਾ ਦਿੱਤਾ ਤਾਂ ਕੋਤਵਾਲ ਨੇ ਮਾਤਾ ਗੁਜਰੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਸੂਬੇਦਾਰ ਵਜ਼ੀਰ ਖਾਨ ਪਾਸ ਭੇਜ ਦਿੱਤਾ। ਵਜ਼ੀਰ ਖਾਨ ਨੇ ਬਜ਼ੁਰਗ ਮਾਤਾ ਅਤੇ ਛੋਟੀ ਉਮਰ ਦੇ ਬਾਲਾਂ ਨੂੰ 'ਠੰਡੇ ਬੁਰਜ' ਵਿਚ ਕੈਦ ਕਰ ਦਿੱਤਾ। ਛੋਟੇ ਸਾਹਿਬਜ਼ਾਦਿਆਂ ਨੂੰ ਸੂਬੇਦਾਰ ਵਜ਼ੀਰ ਖਾਂ ਦੀ ਕਚਹਿਰੀ ਵਿਚ ਬੁਲਾ ਕੇ ਲਾਲਚ, ਪਿਆਰ ਅਤੇ ਡਰਾਵੇ ਰਾਹੀਂ ਇਸਲਾਮ ਕਬੂਲ ਕਰਨ ਦੇ ਯਤਨ ਕੀਤੇ ਗਏ। ਪਰ ਗੁਰੂ ਪਰਿਵਾਰ ਵੱਲੋਂ ਮਿਲੀ ਸਿੱਖੀ ਦੀ ਗੁੜ੍ਹਤੀ ਨੇ ਸਿਦਕ ਹਾਰਨਾ ਨਾ ਕਬੂਲ ਕਰਕੇ ਸਾਹਿਬਜ਼ਾਦਿਆਂ ਨੇ ਪਰਿਵਾਰਕ ਸ਼ਹੀਦੀ ਪਰੰਪਰਾ ਅਨੁਸਾਰ ਸ਼ਹਾਦਤ ਦੇਣ ਨੂੰ ਪ੍ਰਵਾਨ ਕਰ ਲਿਆ। ਵਜ਼ੀਰ ਖਾਂ ਦੇ ਚੌਧਰੀ ਸੁੱਚਾ ਨੰਦ ਨੇ 'ਸੱਪ ਦੇ ਬੱਚੇ ਸੱਪ ਹੀ ਹੁੰਦੇ ਹਨ' ਦੀ ਉਦਾਹਰਣ ਦੇ ਕੇ ਕਾਜੀ ਤੋਂ ਨੀਹਾਂ ਵਿਚ ਚਿਣਾ ਕੇ ਸ਼ਹੀਦ ਕਰਨ ਦਾ ਫੁਰਮਾਣ ਜਾਰੀ ਕਰਵਾ ਦਿੱਤਾ ਅਤੇ ਅੰਤ ਇਸ ਹੁਕਮ ਤੇ ਅਮਲ ਕਰਦਿਆਂ ਛੋਟੇ ਸਾਹਿਬਜ਼ਾਦਿਆਂ ਨੂੰ 'ਨੀਹਾਂ' ਵਿਚ ਜਿੰਦਾ ਚਿਣ ਦਿੱਤਾ ਗਿਆ। ਜ਼ਾਲਿਮ ਨੇ ਇਥੇ ਹੀ ਬਸ ਨਹੀਂ ਕੀਤੀ ਸਗੋਂ ਅੰਤ ਜਲਾਦਾਂ ਨੇ ਤਲਵਾਰ ਨਾਲ ਦੋਹਾਂ ਮਾਸੂਮਾਂ ਦੇ ਸਿਰ ਕਲਮ ਕਰ ਦਿੱਤੇ। ਜਦੋਂ ਇਹ ਖਬਰ ਮਾਤਾ ਗੁਜਰੀ ਜੀ ਨੂੰ ਪਤਾ ਲੱਗੀ ਤਾਂ ਉਹ ਵੀ ਸਰੀਰਕ ਚੋਲਾ ਤਿਆਗ ਕੇ ਪ੍ਰਭੂ ਚਰਨਾਂ ਵਿਚ ਜਾ ਬਿਰਾਜੇ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਭਵਿੱਖੀ ਨਤੀਜਿਆਂ ਸਬੰਧੀ 'ਅਲਹ ਯਾਰ ਖਾਂ ਜੋਗੀ' ਦੇ ਸ਼ਬਦ ਹਨ:*

***ਹਮ ਜਾਨ ਦੇ ਕੇ ਔਰੋਂ ਕੀ ਜਾਨੇਂ ਬਚਾ ਚਲੇ।***
***ਸਿੱਖੀ ਕੀ ਨੀਵ ਹਮ ਹੈਂ ਸਰੋਂ ਪਰ ਉਠਾ ਚਲੇ।***

***(ਸ਼ਹੀਦਾਨਿ-ਵਫ਼ਾ)***

*ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਧਰਮ ਵਿਚ ਪ੍ਰਪੱਕ ਰਹਿਣ ਦਾ ਸੰਦੇਸ਼ ਹੈ, ਜੋ ਸਾਡੀ ਨੌਜਵਾਨੀ ਲਈ ਪ੍ਰੇਰਨਾ-ਸਰੋਤ ਹੈ। ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਸਾਨੂੰ ਆਪਾ ਪੜਚੋਲ ਕਰਨ ਲਈ ਹਲੂਣਦਾ ਹੈ। ਅੱਜ ਸਾਡੀ ਇਹ ਚਿੰਤਾ ਰਹਿੰਦੀ ਹੈ ਕਿ ਸਾਡੀ ਨੌਜਵਾਨੀ ਅਧਾਰਮਿਕ ਪ੍ਰਵਿਰਤੀ ਦੀ ਧਾਰਨੀ ਬਣ ਰਹੀ ਹੈ, ਅਜਿਹੇ ਵਿਚ ਸਾਹਿਬਜ਼ਾਦਿਆਂ ਦਾ ਜੀਵਨ, ਸ਼ਖ਼ਸੀਅਤ ਅਤੇ ਸ਼ਹਾਦਤਾਂ ਸਾਡੀ ਅਗਵਾਈ ਕਰ ਸਕਦੀਆਂ*

*ਹਨ। ਸਾਹਿਬਜ਼ਾਦਿਆਂ ਦੇ ਇਤਿਹਾਸ ਨੂੰ ਬੱਚਿਆਂ ਅਤੇ ਨੌਜਵਾਨਾਂ ਤੀਕ ਪਹੁੰਚਾਉਣ ਲਈ ਸਭ ਨੂੰ ਰਲ-ਮਿਲ ਕੇ ਹੰਭਲਾ ਮਾਰਨਾ ਪਵੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਸਬੰਧ ਵਿਚ ਵਡਮੁੱਲੇ ਯਤਨ ਕਰ ਰਹੀ ਹੈ। ਮਾਨਯੋਗ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਇਸ ਸਬੰਧ ਵਿਚ ਵਿਸ਼ੇਸ਼ ਉਪਰਾਲਾ ਕਰਦਿਆਂ ਸਾਰਥਿਕ ਪ੍ਰੋਗਰਾਮ ਉਲੀਕੇ ਗਏ ਹਨ। ਸਕੂਲਾਂ ਦੇ ਬੱਚੇ-ਬੱਚੀਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਹੁੰਦਿਆਂ ਉਨ੍ਹਾਂ ਦੇ ਇਤਿਹਾਸ ਅਤੇ ਗੁਰਬਾਣੀ ਨਾਲ ਜੋੜਨ ਲਈ ਸ਼੍ਰੋਮਣੀ ਕਮੇਟੀ ਮੈਂਬਰਾਂ, ਸਕੂਲਾਂ-ਕਾਲਜਾਂ ਦੇ ਨੁਮਾਇੰਦਿਆਂ, ਪ੍ਰਚਾਰਕਾਂ, ਕਵੀਸ਼ਰਾਂ, ਢਾਡੀਆਂ ਅਤੇ ਗੁਰੂ-ਘਰਾਂ ਦੇ ਮੈਨਜਰਾਂ ਨੂੰ ਸੰਯੁਕਤ ਰੂਪ ਵਿਚ ਹੰਭਲਾ ਮਾਰਨ ਲਈ ਪ੍ਰੇਰਤ ਕੀਤਾ ਗਿਆ ਹੈ। ਇਸ ਤਹਿਤ ਸਕੂਲਾਂ-ਕਾਲਜਾਂ ਦੇ ਬੱਚੇ-ਬੱਚੀਆਂ ਨੂੰ ਪ੍ਰੇਰਣਾ ਕੀਤੀ ਜਾਵੇਗੀ ਅਤੇ ਉਪਰੰਤ ੨੨ ਦਸੰਬਰ ੨੦੧੬ ਨੂੰ ਸਮੂਹ ਵਿੱਦਿਅਕ ਸੰਸਥਾਵਾਂ ਅੰਦਰ ਸੰਗਤੀ ਰੂਪ ਵਿਚ ਜਪੁਜੀ ਸਾਹਿਬ ਦੇ ਪਾਠ ਕੀਤੇ ਜਾਣਗੇ। ਇਸ ਸਮੇਂ 'ਜਪੁਜੀ ਸਾਹਿਬ ਦੇ ਗੁਟਕੇ ਅਤੇ ਸਚਿੱਤਰ ਨਿੱਕੀਆਂ ਜਿੰਦਾਂ ਵੱਡਾ ਸਾਕਾ' ਮੁਫਤ ਦਿੱਤੇ ਜਾਣਗੇ। ਸੋ ਆਓ, ਇਸ ਲਹਿਰ ਵਿਚ ਸ਼ਾਮਲ ਹੋ ਕੇ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਂਟ ਕਰੀਏ।*

*-ਦਿਲਜੀਤ ਸਿੰਘ 'ਬੇਦੀ'*

# ਗੁਰਦੁਆਰਾ ਪ੍ਰਬੰਧਕਾਂ ਦੇ ਧਿਆਨ ਹਿਤ

## ਗੁਰੂ-ਘਰਾਂ ਵਿਚ ਅੱਗ ਬੁਝਾਊ ਜੰਤਰ ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ ਅਤੇ ਪਹਿਰੇਦਾਰੀ ਲਾਜ਼ਮੀ ਕੀਤੀ ਜਾਵੇ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ, ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਵਿਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤਕ ਹੀ ਜਗਾਈਆਂ ਜਾਣ, ਜਦ ਤਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ। ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਜ਼ਿਆਦਾ ਗਰਮੀ ਅਤੇ ਤੇਜ਼ ਹਵਾਵਾਂ ਆਦਿ ਚੱਲਣ ਸਮੇਂ ਅਕਸਰ ਹੀ ਤਾਰਾਂ ਸ਼ਾਰਟ ਹੋ ਜਾਂਦੀਆਂ ਹਨ, ਇਸ ਲਈ ਗੁਰੂ-ਘਰਾਂ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ ਲਈ ਹਮੇਸ਼ਾਂ ਸੁਚੇਤ ਹੋ ਕੇ ਪਹਿਰੇਦਾਰੀ ਲਾਜ਼ਮੀ ਬਣਾਉਣ। ਹਰ ਗੁਰੂ-ਘਰ ਵਿਚ ਅੱਗ ਬੁਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਨਿਗਰਾਨੀ ਲਈ ਗੁਰੂ-ਘਰਾਂ ਵਿਚ ਸੀ.ਸੀ.ਟੀ.ਵੀ. ਕੈਮਰੇ ਵੀ ਲਗਾਏ ਜਾਣ।

***ਸਕੱਤਰ,***

***ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।***

# ਸ੍ਰੀ ਚਮਕੌਰ ਸਾਹਿਬ ਦਾ ਸ਼ਹੀਦੀ ਸਾਕਾ

-ਪ੍ਰੋ. ਕਿਰਪਾਲ ਸਿੰਘ ਬਡੂੰਗਰ*

ਸਿੱਖ ਇਤਿਹਾਸ ਵਿਚ ਸ਼ਹਾਦਤ ਆਪਣਾ ਨਿਵੇਕਲਾ ਸਥਾਨ ਰੱਖਦੀ ਹੈ। ਸ਼ਹਾਦਤ ਦਾ ਫ਼ਲਸਫ਼ਾ ਸੂਰਮਗਤੀ ਨਾਲ ਦੂਜਿਆਂ ਦੀ ਖ਼ਾਤਰ ਅਤੇ ਜ਼ੁਲਮ ਵਿਰੁੱਧ ਆਪਾ ਵਾਰ ਦੇਣ 'ਤੇ ਆਧਾਰਤ ਹੈ। ਸਿੱਖ ਇਤਿਹਾਸ ਦੇ ਪੰਨਿਆਂ 'ਤੇ ਝਾਤ ਮਾਰਿਆਂ ਪਤਾ ਚੱਲਦਾ ਹੈ ਕਿ ਇਸ ਦੇ ਸੁਨਹਿਰੀ ਪੰਨੇ ਸ਼ਹੀਦੀ ਸਾਕਿਆਂ ਦੀਆਂ ਲਾਸਾਨੀ ਘਟਨਾਵਾਂ ਨਾਲ ਭਰੇ ਹੋਏ ਹਨ। ਭਾਈ ਕਾਨ੍ਹ ਸਿੰਘ ਨਾਭਾ ਰਚਿਤ ਮਹਾਨ ਕੋਸ਼ ਅਨੁਸਾਰ ਸਾਕਾ ਤੋਂ ਭਾਵ ਹੈ, 'ਕੋਈ ਐਸਾ ਕਰਮ ਜੋ ਇਤਿਹਾਸ ਵਿਚ ਪ੍ਰਸਿੱਧ ਰਹਿਣ ਲਾਇਕ ਹੋਵੇ' (ਪੰਨਾ ੧੨੯)। ਸਿੱਖ ਧਰਮ ਦੇ ਸਾਕਿਆਂ ਵਿਚ ਚਮਕੌਰ ਸਾਹਿਬ ਦਾ ਸ਼ਹੀਦੀ ਸਾਕਾ ਅਦੁੱਤੀ ਅਤੇ ਬੇਮਿਸਾਲ ਹੈ। ਇਸ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 'ਸਵਾ ਲਾਖ ਸੇ ਏਕ ਲੜਾਊਂ' ਦੇ ਅਮਲੀ ਰੂਪ ਨੂੰ ਪ੍ਰਤੱਖ ਕਰ ਵਿਖਾਇਆ। ਇਹ ਉਹ ਸਾਕਾ ਹੈ ਜਿਸ ਵਿਚ ਇਕ ਪਿਤਾ ਨੇ ਹੱਥੀਂ ਆਪਣੇ ਪੁੱਤਰਾਂ ਨੂੰ ਯੁੱਧ ਦੇ ਮੈਦਾਨ ਵਿਚ ਸ਼ਹਾਦਤ ਦੇਣ ਲਈ ਤੋਰਿਆ ਜਿਸ ਦੀ ਬਾਬਤ ਅੱਲਾ ਯਾਰ ਖਾਂ ਯੋਗੀ ਆਪਣੀ ਰਚਨਾ ਗੰਜਿ ਸ਼ਹੀਦਾਂ ਵਿਚ ਲਿਖਦਾ ਹੈ:

**ਬਸ ਏਕ ਹਿੰਦ ਮੇਂ ਤੀਰਥ ਹੈ ਯਾਤਰਾ ਕੇ ਲੀਏ।**
**ਕਟਾਏ ਬਾਪ ਨੇ ਬੱਚੇ ਜਹਾਂ ਖੁਦਾ ਕੇ ਲੀਏ।**

ਮੁਗ਼ਲ ਹਕੂਮਤ ਤੇ ਪਹਾੜੀ ਰਾਜੇ ਸ੍ਰੀ ਗੁਰੂ ਗੋਬਿੰਦ ਸਿੰਘ ਕੋਲੋਂ ਅਨੰਦਗੜ੍ਹ ਦਾ ਕਿਲ੍ਹਾ ਖਾਲੀ ਕਰਵਾਉਣ ਲਈ ਸਾਜਿਸ਼ਾਂ ਬਣਾ ਰਹੇ ਸਨ, ਜਿਥੇ ਗੁਰੂ ਜੀ ਆਪਣੇ ਪਰਿਵਾਰ ਅਤੇ ਸਿੱਖਾਂ ਸਮੇਤ ਨਿਵਾਸ ਕਰ ਰਹੇ ਸਨ। ਜਦ ੧੭੦੪ ਈ. ਨੂੰ ਅਨੰਦਗੜ੍ਹ ਦੇ ਕਿਲ੍ਹੇ ਨੂੰ ਦੁਸ਼ਮਣ ਨੇ ਘੇਰਾ ਪਾ ਲਿਆ ਤਾਂ ਗੁਰੂ ਜੀ ਦੁਆਰਾ ਕਿਲ੍ਹਾ ਛੱਡਣ ਦੀ ਮਨਾਹੀ ਕਰਨ 'ਤੇ ਮੁਗਲਾਂ ਅਤੇ ਪਹਾੜੀ ਰਾਜਿਆਂ ਵੱਲੋਂ ਗਊ ਤੇ ਕੁਰਾਨ ਦੀ ਕਸਮ ਖਾਧੀ ਗਈ ਕਿ ਜੇਕਰ ਗੁਰੂ ਜੀ ਕਿਲ੍ਹਾ ਛੱਡ ਦੇਣ ਤਾਂ ਉਨ੍ਹਾਂ ਉੱਪਰ ਹਮਲਾ ਨਹੀਂ ਕੀਤਾ ਜਾਵੇਗਾ। ਸ੍ਰੂਪ ਸਿੰਘ ਕੋਸ਼ਿਸ਼ ਗੁਰੂ ਕੀਆਂ ਸਾਖੀਆਂ ਵਿਚ ਲਿਖਦਾ ਹੈ:

'ਦਖਣ ਦਿਸ਼ਾ ਸੇ ਸ਼ਾਹੀ ਕਾਜ਼ੀ ਬਾਦਸ਼ਾਹੀ ਪਰਵਾਨਾ ਲੈ ਕੇ ਕਿਲਾ ਅਨੰਦਗੜ੍ਹ ਆਇ ਗਿਆ, ਇਹ ਪਰਵਾਨਾ ਕੁਰਾਨ ਸ਼ਰੀਫ ਕੀ ਜਿਲਦ ਤੇ ਲਗਾ ਹੂਆ ਥਾ। ਇਸ ਮੇਂ ਲਿਖਾ ਥਾ ਕਿ ਪੀਰ ਜੀ ਤੁਸੀਂ ਮਾਖੋਵਾਲ ਗਾਂਵ ਸ਼ੋਰ ਕੇ ਕਸਬਾ ਕਾਂਗੜ ਮੇਂ ਆਏ ਜਾਈਏ ਵਹਾਂ ਪਰਸਪਰ ਮੁਲਾਕਾਤ ਹੋਏਗੀ।' (ਪੰਨਾ ੧੫੨)

ਪਰ ਗੁਰੂ ਜੀ ਦੁਸ਼ਮਣ ਦੀ ਮਾੜੀ ਨੀਅਤ ਤੋਂ ਭਲੀ ਭਾਂਤ ਵਾਕਿਫ਼ ਸਨ ਕਿਉਂਕਿ ਉਨ੍ਹਾਂ ਪਹਿਲਾਂ ਵੀ ਝੂਠੀਆਂ ਕਸਮਾਂ ਖਾ ਕੇ ਗੁਰੂ ਜੀ ਨਾਲ ਵਿਸਾਹਘਾਤ ਕੀਤਾ ਸੀ। ਹੁਣ ਕਈ ਮਹੀਨਿਆਂ ਤੋਂ ਕਿਲ੍ਹੇ ਨੂੰ ਘੇਰਾ ਪਿਆ ਹੋਣ ਕਰਕੇ ਸਿੱਖ ਵੀ ਭੁੱਖ ਤੋਂ ਆਤੁਰ ਹੋ ਚੁੱਕੇ ਸਨ। ਸਿੱਟੇ ਵਜੋਂ ਸਿੱਖਾਂ ਵੱਲੋਂ ਮਾਤਾ ਗੁਜਰੀ ਜੀ ਦੀ ਮਦਦ ਨਾਲ ਗੁਰੂ ਜੀ ਨੂੰ ਕਿਲ੍ਹਾ ਛੱਡਣ ਲਈ ਤਿਆਰ ਕਰ ਲਿਆ ਗਿਆ। ੬ ਪੋਹ ਸੰਮਤ ੧੭੬੧ (੧੭੦੪ ਈ.) ਦੀ ਸਰਦ ਰਾਤ ਨੂੰ ਗੁਰੂ ਜੀ ਨੇ ਆਪਣੇ ਸਿੱਖਾਂ ਅਤੇ ਪਰਿਵਾਰ ਸਮੇਤ ਕਿਲ੍ਹਾ ਖਾਲੀ ਕਰਕੇ ਰੋਪੜ੍ਹ ਵੱਲ ਰਵਾਨਗੀ ਕਰ ਦਿੱਤੀ। ਜਦੋਂ ਗੁਰੂ ਜੀ ਅਜੇ ਕੀਰਤਪੁਰ ਹੀ ਲੰਘੇ ਸਨ ਕਿ ਦੁਸ਼ਮਣ ਨੇ ਆਪਣੀਆਂ ਕਸਮਾਂ ਨੂੰ ਭੁਲਾ ਕੇ ਸਾਰੇ ਕਾਫਲੇ ਉੱਪਰ ਹਮਲਾ ਕਰ ਦਿੱਤਾ। ਰਾਤ ਦੇ ਹਨੇਰੇ ਤੇ ਪੋਹ ਮਹੀਨੇ ਦੀ ਕੜਾਕੇ ਦੀ ਸਰਦੀ ਵਿਚ ਸਰਸਾ ਨਦੀ ਦੇ ਕੰਢੇ 'ਤੇ ਘਮਸਾਨ ਦਾ ਯੁੱਧ ਹੋਇਆ। ਇਸ ਵਿਚ ਅਨੇਕ ਸਿੱਖ ਲੜਦੇ ਹੋਏ ਸ਼ਹੀਦ ਹੋ ਗਏ। ਵਰਖਾ ਹੋਣ ਕਾਰਨ ਸਰਸਾ ਨਦੀ ਦਾ ਪਾਣੀ ਕਾਫ਼ੀ ਚੜ੍ਹਿਆ ਹੋਇਆ ਸੀ। ਗੁਰੂ ਜੀ ਦਾ ਬਹੁਤ ਸਾਰਾ ਕੀਮਤੀ ਸਮਾਨ ਤੇ ਅਮੁੱਲ ਸਾਹਿਤ ਸਰਸਾ ਨਦੀ ਦੀ ਭੇਟ ਚੜ੍ਹ ਗਿਆ। ਇਸ ਤੋਂ ਇਲਾਵਾ ਗੁਰੂ ਜੀ ਦਾ ਪਰਿਵਾਰ ਵੀ ਸਰਸਾ ਨਦੀ 'ਤੇ ਵਿਛੜ ਗਿਆ। ਮਾਤਾ ਗੁਜਰੀ ਤੇ ਛੋਟੇ ਸਾਹਿਬਜ਼ਾਦੇ

*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਵਿਛੜ ਕੇ ਗੰਗੂ ਰਸੋਈਏ ਨਾਲ ਉਸਦੇ ਪਿੰਡ ਖੇੜੀ ਪਹੁੰਚ ਗਏ। ਗੁਰੂ ਜੀ ਦੇ ਨਾਲ ਚਾਲੀ ਸਿੰਘ ਤੇ ਵੱਡੇ ਸਾਹਿਬਜ਼ਾਦੇ ਚਮਕੌਰ ਦੀ ਧਰਤੀ 'ਤੇ ਪੁੱਜ ਗਏ। ਕੋਇਰ ਸਿੰਘ ਨੇ 'ਗੁਰਬਿਲਾਸ ਪਾਤਸ਼ਾਹੀ ੧੦' ਵਿਚ ਚਮਕੌਰ ਦੇ ਯੁੱਧ ਵਿਚ ਮੌਜੂਦ ਸਿੰਘਾਂ ਦਾ ਜ਼ਿਕਰ ਇਸ ਤਰ੍ਹਾਂ ਕੀਤਾ ਹੈ:

**ਚਾਲਿਸ ਸਿੰਘ ਰਹੈ ਅਬ ਆਈ॥ ਪੰਜ ਭਾਟੀਏ ਥੇ ਸੁਖਦਾਈ॥**
**ਚਾਰ ਸੁ ਸਿੰਘ ਅਰੋੜੇ ਤਾਹੀ॥ ਕਛੁ ਖਤ੍ਰੀ ਕਲਾਲ ਸੁ ਵਾਹੀ॥**
**ਦੋ ਰੰਘਰੇਟੇ ਥੇ ਤਿਹ ਜਾਨਾ॥ ਦੋ ਦਿਜ ਸਿੰਘ ਮਹਾਂ ਪ੍ਰਧਾਨਾ॥**
**ਸੰਗਤ ਸਿੰਘ ਬੰਗੇਸ੍ਰੀ ਏਕਾ॥ ਚਾਰ ਸਾਹਿਬਜ਼ਾਦੇ ਗੁਰ ਟੇਕਾ॥**

ਇਸ ਸਥਾਨ 'ਤੇ ਗੁਰੂ ਜੀ ਨੇ ਬੁਧੀ ਚੰਦ ਦੀ ਕੱਚੀ ਹਵੇਲੀ ਵਿਚ ਟਿਕਾਣਾ ਕੀਤਾ। ਦੁਸ਼ਮਣ ਦੀਆਂ ਫੌਜਾਂ ਜਿਸ ਵਿਚ ਸੂਬਾ ਲਾਹੌਰ, ਸੂਬਾ ਸਰਹੰਦ, ਦਿੱਲੀ ਦੀ ਫੌਜ ਤੇ ਪਹਾੜੀ ਰਾਜੇ ਵੀ ਮੌਜੂਦ ਸਨ, ਨੇ ਘੇਰਾ ਪਾ ਲਿਆ। ਇਨ੍ਹਾਂ ਬੇਸ਼ੁਮਾਰ ਫੌਜਾਂ ਦਾ ਮੁਕਾਬਲਾ ਕਰਨ ਲਈ ਗੁਰੂ ਜੀ ਨੇ ਆਪਣੇ ਸਿੰਘਾਂ ਨਾਲ ਯੋਜਨਾਬੰਦੀ ਕੀਤੀ ਤੇ ਸਾਰੇ ਸਿੰਘਾਂ ਨੂੰ ਜਥਿਆਂ ਵਿਚ ਵੰਡ ਦਿੱਤਾ। ਚਮਕੌਰ ਦਾ ਯੁੱਧ ਬਰਾਬਰ ਦਾ ਯੁੱਧ ਨਹੀਂ ਸੀ। ਇਕ ਪਾਸੇ ਲੱਖਾਂ ਦੀ ਗਿਣਤੀ ਵਿਚ ਦੁਸ਼ਮਣ ਦੀ ਫੌਜ ਅਤੇ ਦੂਜੇ ਪਾਸੇ ਭੁੱਖਣ-ਭਾਣੇ ਚਾਲੀ ਸਿੰਘ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜ਼ਫ਼ਰਨਾਮਾ 'ਚ ਇਸ ਯੁੱਧ ਵਿਚ ਫੌਜ ਦੀ ਗਿਣਤੀ ਪੱਖੋਂ ਅਸਮਾਨਤਾ ਦਾ ਜ਼ਿਕਰ ਕਰਦੇ ਹੋਏ ਲਿਖਦੇ ਹਨ:

**ਗੁਰਸਨਹ ਚਿਹ ਕਾਰੇ ਚਿਹਲ ਨਰ॥ ਕਿ ਦਹ ਲਕ ਬਰਾਯਦ ਬਰੋ ਬੇਖ਼ਬਰ॥**

ਮੈਦਾਨ-ਏ-ਜੰਗ ਵਿਚ ਚਾਲੀ ਭੁੱਖੇ ਬੰਦੇ ਕੀ ਕਰ ਸਕਦੇ ਹਨ ਜਦੋਂ ਉਨ੍ਹਾਂ ਉੱਪਰ ਅਚਨਚੇਤ ਦਸ ਲੱਖ ਫੌਜ ਟੁੱਟ ਪਵੇ। ਪਰ ਰੱਬੀ ਮੇਹਰ ਤੇ ਦ੍ਰਿੜ੍ਹ ਜਜ਼ਬਾ ਇਨਸਾਨ ਨੂੰ ਕਦੇ ਵੀ ਡੋਲ੍ਹਣ ਨਹੀਂ ਦਿੰਦਾ। ਗੁਰਬਾਣੀ ਦੇ ਮਹਾਂਵਾਕ 'ਸੂਰਾ ਸੋ ਪਹਿਚਾਨੀਐ ਜੋ ਲਰੈ ਦੀਨ ਕੇ ਹੇਤ' (ਪੰਨਾ ੧੧੦੫) ਅਨੁਸਾਰ ਸਿੰਘਾਂ ਅੰਦਰ ਸੂਰਮਗਤੀ ਦਾ ਜੋਸ਼ ਠਾਠਾਂ ਮਾਰ ਰਿਹਾ ਸੀ। ਪੰਜ-ਪੰਜ ਸਿੰਘ ਜਥੇ ਦੇ ਰੂਪ ਵਿਚ ਸਿੰਘ ਰਣ ਭੂਮੀ ਵਿਚ ਜਾ ਰਹੇ ਸਨ। ਜਦੋਂ ਮੁਗ਼ਲ ਜਰਨੈਲ ਨਾਹਰ ਖਾਂ ਨੂੰ ਗੁਰੂ ਜੀ ਨੇ ਦੇਖਿਆ ਤਾਂ ਉਹ ਉਨ੍ਹਾਂ ਦੁਆਰਾ ਚਲਾਏ ਤੀਰ ਦੁਆਰਾ ਵਿੰਨ੍ਹਿਆ ਗਿਆ:

**ਚੁ ਦੀਸਮ ਕਿ ਨਾਹਰ ਬਿਯਾਮਦ ਬ ਜੰਗ॥ ਚਸ਼ੀਦਮ ਯਕੇ ਤੀਰਿ ਮਨ ਬੇਦਰੰਗ॥**

*(ਜ਼ਫ਼ਰਨਾਮਾ)*

ਸੂਬਾ ਸਰਹੰਦ ਨੇ ਆਪਣੇ ਸੂਰਬੀਰ ਜਰਨੈਲਾਂ ਨੂੰ ਖ਼ਤਮ ਹੁੰਦਾ ਵੇਖ ਹਵੇਲੀ ਦੀ ਬਾਹੀ ਤੋੜਨ ਦਾ ਹੁਕਮ ਦੇ ਦਿੱਤਾ। ਇਸ ਤਰ੍ਹਾਂ ਉਂਗਲਾਂ 'ਤੇ ਗਿਣੇ ਜਾਣ ਜੋਗੇ ਸਿੰਘਾਂ ਨੇ ਦੁਸ਼ਮਣ ਨੂੰ ਭਾਜੜਾਂ ਪਾ ਦਿੱਤੀਆਂ। ਇਕੱਲੇ-ਇਕੱਲੇ ਸਿੰਘ ਨੇ ਸਵਾ ਲੱਖ ਫੌਜਾਂ ਦਾ ਮੁਕਾਬਲਾ ਕਰਦੇ ਹੋਏ 'ਜਬ ਆਵ ਕੀ ਅਉਧ ਨਿਦਾਨ ਬਨੈ ਅਤ ਹੀ ਰਨ ਮੈ ਤਬ ਜੂਝ ਮਰੋਂ॥' ਦੇ ਸਿਧਾਂਤ ਅਨੁਸਾਰ ਸ਼ਹਾਦਤ ਪ੍ਰਾਪਤ ਕੀਤੀ।

ਜਦੋਂ ਯੁੱਧ ਵਿਚ ਲੜਦਿਆਂ ਅਨੇਕ ਸਿੰਘ ਸ਼ਹੀਦ ਹੋ ਚੁੱਕੇ ਸਨ ਤਾਂ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਨੇ ਵੀ ਗੁਰੂ ਜੀ ਕੋਲੋਂ ਯੁੱਧ ਦੇ ਮੈਦਾਨ ਵਿਚ ਜਾਣ ਦੀ ਇਜਾਜ਼ਤ ਮੰਗੀ। ਉਸ ਦੇ ਨਾਲ ਪਿਆਰੇ ਭਾਈ ਮੋਹਕਮ ਸਿੰਘ ਸਮੇਤ ਹੋਰ ਸਿੰਘ ਰਣ ਭੂਮੀ ਵਿਚ ਗਏ। ਸਾਹਿਬਜ਼ਾਦੇ ਨੇ ਸ਼ਸਤਰ ਕਲਾ ਦੇ ਅਜਿਹੇ ਜੌਹਰ ਦਿਖਾਏ ਕਿ ਵੈਰੀ ਦਲ ਹੈਰਾਨ ਹੋ ਗਿਆ। ਆਪਣੀ ਬਹਾਦਰੀ ਦਾ ਪ੍ਰਤੱਖ ਪ੍ਰਮਾਣ ਦਿੰਦਾ ਹੋਇਆ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸਿੰਘਾਂ ਦੇ ਜਥੇ ਸਮੇਤ ਸ਼ਹਾਦਤ ਪ੍ਰਾਪਤ ਕਰ ਗਿਆ। ਆਪਣੇ ਵੱਡੇ ਵੀਰ ਦੀ ਸ਼ਹਾਦਤ ਤੋਂ ਬਾਅਦ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜਿਸਨੇ ਜਵਾਨੀ ਦੀ ਸਰਦਲ 'ਤੇ ਅਜੇ ਪੈਰ ਰੱਖਿਆ ਹੀ ਸੀ, ਵੀ ਯੁੱਧ ਵਿਚ ਜਾਣ ਲਈ ਤਤਪਰ ਹੋ ਗਿਆ। ਗੁਰੂ ਜੀ ਨੇ ਆਪਣੇ ਪੁੱਤਰ ਦੇ ਹੱਥੀਂ ਸ਼ਸਤਰ ਸਜਾ ਕੇ ਮੈਦਾਨ-ਏ-ਜੰਗ ਵਿਚ ਜੂਝਣ ਲਈ ਤੋਰਿਆ। ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਨੇ ਵੀ ਵੈਰੀਆਂ ਦੇ ਆਹੂ ਲਾਹੁੰਦਿਆਂ ਸ਼ਹਾਦਤ ਪ੍ਰਾਪਤ ਕੀਤੀ। ਦਸਮੇਸ਼ ਪਿਤਾ ਨੇ ਦੋਵਾਂ ਸਪੁੱਤਰਾਂ ਦੀ ਸ਼ਹਾਦਤ ਉਪਰੰਤ ਪਰਮਾਤਮਾ ਦਾ ਸ਼ੁਕਰ ਕੀਤਾ। ਉਨ੍ਹਾਂ ਇਸ ਮੁਸੀਬਤ ਦੀ ਘੜੀ ਵਿਚ ਆਪਣੇ ਪੁੱਤਰਾਂ ਤੇ ਸਿੱਖਾਂ ਵਿਚਕਾਰ ਕੋਈ ਫਰਕ ਨਹੀਂ ਰੱਖਿਆ।

ਜਦੋਂ ਗੜ੍ਹੀ ਅੰਦਰ ਥੋੜ੍ਹੇ ਸਿੰਘ ਰਹਿ ਗਏ ਤਾਂ ਸਿੰਘਾਂ ਨੇ ਗੁਰੂ ਜੀ ਨੂੰ ਗੜ੍ਹੀ ਛੱਡ ਜਾਣ ਦੀ ਬੇਨਤੀ ਕੀਤੀ। ਸਿੰਘਾਂ ਦਾ ਵਿਚਾਰ ਇਹ ਸੀ ਕਿ ਗੁਰੂ ਜੀ ਤਾਂ ਸਾਡੇ ਵਰਗੇ ਹੋਰ ਸਿੰਘ ਵੀ ਪੈਦਾ ਕਰ ਲੈਣਗੇ ਪਰ ਉਨ੍ਹਾਂ ਦੀ ਗ਼ੈਰਮੌਜੂਦਗੀ ਵਿਚ ਹਾਲਾਤ ਔਖੇ ਹੋ ਜਾਣਗੇ। ਪਰ ਗੁਰੂ ਜੀ ਦੀ ਦਲੀਲ ਸੀ ਕਿ ਜਿਨ੍ਹਾਂ ਸਿੰਘਾਂ ਨੇ ਮੌਤ ਤੱਕ ਉਨ੍ਹਾਂ ਦਾ ਸਾਥ ਦਿੱਤਾ, ਉਹ ਉਨ੍ਹਾਂ ਨੂੰ ਛੱਡ ਕੇ ਨਹੀਂ ਜਾ ਸਕਦੇ। ਇਸ ਬਾਰੇ ਵਿਚਾਰ ਕਰਨ ਤੋਂ ਬਾਅਦ ਪੰਜ ਸਿੰਘਾਂ ਨੇ ਗੁਰੂ ਜੀ ਨੂੰ ਗੜ੍ਹੀ ਛੱਡਣ ਦਾ ਹੁਕਮ ਦੇ ਦਿੱਤਾ। ਭਾਈ ਸੰਗਤ ਸਿੰਘ ਨਾਲ ਮੁਹਾਂਦਰਾ ਮਿਲਦਾ ਹੋਣ ਕਾਰਨ ਗੁਰੂ ਜੀ ਦੀ ਪੁਸ਼ਾਕ ਉਨ੍ਹਾਂ ਨੂੰ ਪਹਿਨਾਈ ਗਈ। ਇਸ ਤਰ੍ਹਾਂ ਗੁਰੂ ਜੀ ਵੈਰੀ ਨੂੰ ਲਲਕਾਰਦੇ ਹੋਏ ਰਾਤ ਦੇ ਹਨੇਰੇ ਵਿਚ ਚਮਕੌਰ ਦੀ ਗੜ੍ਹੀ ਵਿੱਚੋਂ ਨਿਕਲ ਗਏ। ਉਨ੍ਹਾਂ ਨਾਲ ਦੋ ਪਿਆਰੇ ਭਾਈ ਦਇਆ ਸਿੰਘ ਤੇ ਭਾਈ ਧਰਮ ਸਿੰਘ ਅਤੇ ਭਾਈ ਮਾਨ ਸਿੰਘ ਸਨ। ਹੁਣ ਗੜ੍ਹੀ ਵਿਚ ਤਕਰੀਬਨ ਸੱਤ ਸਿੰਘ ਰਹਿ ਗਏ ਸਨ। ਉਹ ਵੀ ਸੂਰਮਗਤੀ ਨਾਲ ਮੁਕਾਬਲਾ ਕਰਦੇ ਸ਼ਹੀਦ ਹੋ ਗਏ। ਭਾਈ ਸੰਗਤ ਸਿੰਘ ਦੇ ਸ਼ਹੀਦ ਹੁੰਦੇ ਸਾਰ ਹੀ ਦੁਸ਼ਮਣ ਨੂੰ ਗੁਰੂ ਜੀ ਦੇ ਸ਼ਹੀਦ ਹੋਣ ਦਾ ਭੁਲੇਖਾ ਪੈ ਗਿਆ। ਪਰ ਜਦੋਂ ਭਾਈ ਸੰਗਤ ਸਿੰਘ ਦੇ ਸੀਸ ਹੋਣ ਦੀ ਪੁਸ਼ਟੀ ਹੋਈ ਤਾਂ ਉਨ੍ਹਾਂ ਦੀ ਖੁਸ਼ੀ ਮੱਠੀ ਪੈ ਗਈ। ਇਸ ਤਰ੍ਹਾਂ ਵਜ਼ੀਰ ਖਾਂ ਵਰਗੇ ਗੁਰੂ ਜੀ ਨੂੰ ਜਿਊਂਦਾ ਫੜ੍ਹਨ ਦੀਆਂ ਕੋਸ਼ਿਸ਼ਾਂ ਵਿਚ ਨਾਕਾਮਯਾਬ ਹੋ ਗਏ। ਇਸ ਯੁੱਧ ਵਿਚ ਗੁਰੂ ਜੀ ਦੇ ਦੋ ਵੱਡੇ ਸਾਹਿਬਜ਼ਾਦੇ, ਤਿੰਨ ਪਿਆਰੇ ਤੇ ਕਈ ਹੋਰ ਸਿੰਘ ਸ਼ਹੀਦ ਹੋਏ। ਗੁਰੂ ਜੀ ਦੇ ਨਿਵਾਸ ਅਤੇ ਮਹਾਨ ਸ਼ਹੀਦਾਂ ਦੇ ਖੂਨ ਸਦਕਾ ਬੁਧੀ ਚੰਦ ਦੀ ਹਵੇਲੀ ਸਮੇਤ ਚਮਕੌਰ ਦੀ ਧਰਤੀ ਪਵਿੱਤਰ ਹੋ ਗਈ। ਇਸ ਕਰਕੇ ਸਿੱਖ ਇਤਿਹਾਸ ਵਿਚ ਇਸ ਯੁੱਧ ਦੀ ਦਾਸਤਾਨ ਲਾਸਾਨੀ ਹੈ।

ਅੱਜ ਦੇ ਸਮੇਂ ਵਿਚ ਸਾਨੂੰ ਵਰਤਮਾਨ ਹਾਲਾਤ ਉੱਪਰ ਝਾਤ ਮਾਰਨ ਦੀ ਲੋੜ ਹੈ ਕਿ ਜਿਨ੍ਹਾਂ ਸਾਹਿਬਜ਼ਾਦਿਆਂ ਅਤੇ ਗੁਰੂ ਜੀ ਦੇ ਸਿੰਘਾਂ ਨੇ ਮਨੁੱਖੀ ਆਜ਼ਾਦੀ ਖਾਤਰ ਕੁਰਬਾਨੀਆਂ ਦਿੱਤੀਆਂ ਅੱਜ ਉਨ੍ਹਾਂ ਦੇ ਵਾਰਿਸ ਆਪਣੇ ਵਿਰਸੇ ਤੋਂ ਕਿੰਨੀ ਦੂਰ ਚਲੇ ਗਏ ਹਨ। ਜਿਹੜੀ ਨੌਜੁਆਨੀ ਨੂੰ ਏਨਾ ਮਹਾਨ ਵਿਰਸਾ ਮਿਲਿਆ ਅਫਸੋਸ! ਅੱਜ ਉਹ ਨੌਜੁਆਨੀ ਸਿੱਖੀ ਤੋਂ ਦੂਰ ਹੋ ਕੇ ਨਸ਼ਿਆਂ ਤੇ ਪਤਿਤਪੁਣੇ ਦੀ ਭੇਂਟ ਚੜ੍ਹਦੀ ਨਜ਼ਰ ਜਾ ਰਹੀ ਹੈ। ਅੱਜ ਚਮਕੌਰ ਸਾਹਿਬ ਦੇ ਮਹਾਨ ਸ਼ਹੀਦਾਂ ਦੀ ਸ਼ਹਾਦਤ ਤੋਂ ਪ੍ਰੇਰਣਾ ਲੈਂਦਿਆਂ ਉਨ੍ਹਾਂ ਦੇ ਅਸੂਲਾਂ ਨੂੰ ਆਪਣੇ ਅਮਲੀ ਜੀਵਨ ਦਾ ਹਿੱਸਾ ਬਣਾਉਣ ਦੀ ਵੱਡੀ ਲੋੜ ਹੈ।

■

## ਪੋਹ ਮਹੀਨੇ ਦੇ ਗੁਰਪੁਰਬ ਅਤੇ ਇਤਿਹਾਸਕ ਦਿਹਾੜੇ

*ਗੁਰਪੁਰਬ:*

| | |
|---|---|
| * ਪ੍ਰਕਾਸ਼ ਸ੍ਰੀ ਗੁਰੂ ਗੋਬਿੰਦ ਸਿੰਘ ਜੀ | ੨੨ ਪੋਹ |

*ਇਤਿਹਾਸਕ ਦਿਹਾੜੇ:*

| | |
|---|---|
| * ਸ਼ਹੀਦੀ ਭਾਈ ਜੀਵਨ ਸਿੰਘ ਜੀ | ੭ ਪੋਹ |
| * ਸ਼ਹੀਦੀ ਵੱਡੇ ਸਾਹਿਬਜ਼ਾਦੇ ਅਤੇ ਚਮਕੌਰ ਸਾਹਿਬ ਦੇ ਹੋਰ ਸ਼ਹੀਦ | ੮ ਪੋਹ |
| * ਸ਼ਹੀਦੀ ਭਾਈ ਸੰਗਤ ਸਿੰਘ ਜੀ | ੯ ਪੋਹ |
| * ਸ਼ਹੀਦੀ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ | ੧੩ ਪੋਹ |
| * ਸ਼ਹੀਦੀ ਭਾਈ ਕੇਹਰ ਸਿੰਘ, ਭਾਈ ਸਤਵੰਤ ਸਿੰਘ | ੨੩ ਪੋਹ |

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ

*-ਡਾ. ਪਰਮਵੀਰ ਸਿੰਘ**

'ਸਾਹਿਬਜ਼ਾਦਾ' ਫ਼ਾਰਸੀ ਭਾਸ਼ਾ ਦਾ ਸ਼ਬਦ ਹੈ ਜੋ ਬਾਦਸ਼ਾਹ ਦੇ ਪੁੱਤਰ ਜਾਂ ਰਾਜਕੁਮਾਰ ਲਈ ਵਰਤਿਆ ਜਾਂਦਾ ਸੀ। ਸਿੱਖ ਧਰਮ ਵਿਚ ਇਹ ਸ਼ਬਦ ਗੁਰੂ ਪੁੱਤਰਾਂ ਨੂੰ ਸਤਿਕਾਰ ਸਹਿਤ ਸੰਬੋਧਨ ਕਰਨ ਲਈ ਵਰਤਿਆ ਜਾਂਦਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ ਸਨ- ਸਾਹਿਬਜ਼ਾਦਾ ਅਜੀਤ ਸਿੰਘ, ਸਾਹਿਬਜ਼ਾਦਾ ਜੁਝਾਰ ਸਿੰਘ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫ਼ਤਿਹ ਸਿੰਘ। ਇਨ੍ਹਾਂ ਚਾਰੇ ਸਾਹਿਬਜ਼ਾਦਿਆਂ ਨੇ ਆਪਣੇ ਜੀਵਨ ਵਿਚ ਅਜਿਹੇ ਕਾਰਨਾਮੇ ਕੀਤੇ ਕਿ ਇਨ੍ਹਾਂ ਨੂੰ ਸਮੇਂ ਤੇ ਸਥਾਨ ਵਿਚ ਸੰਕੁਚਿਤ ਕਰ ਕੇ ਨਹੀਂ ਵੇਖਿਆ ਜਾ ਸਕਦਾ। ਇਨ੍ਹਾਂ ਦੇ ਕਾਰਨਾਮੇ ਦੁਨਿਆਵੀ ਇਤਿਹਾਸ ਵਿਚ ਪੈੜਾਂ ਛੱਡਦੇ ਹੋਏ ਇਨ੍ਹਾਂ ਨੂੰ ਸਦੀਵੀ ਤੌਰ 'ਤੇ ਅਮਰ ਕਰ ਗਏ। ਚਾਰੇ ਸਾਹਿਬਜ਼ਾਦਿਆਂ ਨੂੰ ਧਰਮ ਵਿਚ ਦ੍ਰਿੜ੍ਹ ਰਹਿਣ ਦੀ ਸਿੱਖਿਆ ਦਿੱਤੀ ਗਈ ਅਤੇ ਸਭਨਾਂ ਨੇ ਇਸ ਸਿੱਖਿਆ ਦਾ ਆਪੋ-ਆਪਣੇ ਤਰੀਕੇ ਨਾਲ ਦ੍ਰਿੜ੍ਹਤਾ ਪੂਰਵਕ ਪਾਲਨ ਕੀਤਾ। ਇਨ੍ਹਾਂ ਨੇ ਕਦੇ ਕਿਸੇ ਨੂੰ ਸਿੱਖਿਆਦਾਇਕ ਬਚਨ ਨਹੀਂ ਬੋਲੇ ਪਰ ਜੋ ਕਾਰਜ ਇਨ੍ਹਾਂ ਨੇ ਕੀਤੇ ਉਨ੍ਹਾਂ ਤੋਂ ਸਮੁੱਚਾ ਮਾਨਵੀ ਸਮਾਜ ਸਿੱਖਿਆ ਅਤੇ ਪ੍ਰੇਰਨਾ ਗ੍ਰਹਿਣ ਕਰਦਾ ਹੈ। ਭਾਵ ਇਨ੍ਹਾਂ ਦੀ ਕਰਨੀ ਹੀ ਕਥਨ ਦਾ ਰੂਪ ਧਾਰਨ ਕਰ ਗਈ। ਅਮਲ ਦੀ ਇਸ ਸਿੱਖਿਆ ਵਿਚ ਵੱਡੇ ਸਾਹਿਬਜ਼ਾਦਿਆਂ ਨੇ ਧਰਮ ਦੀ ਖ਼ਾਤਰ ਰਣ-ਖੇਤਰ ਵਿਚ ਜੂਝਦੇ ਹੋਏ ਸ਼ਹਾਦਤ ਪਾਈ ਅਤੇ ਛੋਟੇ ਸਾਹਿਬਜ਼ਾਦਿਆਂ ਨੇ ਧਰਮ ਪ੍ਰਤੀ ਦ੍ਰਿੜ੍ਹਤਾ ਦਿਖਾਉਂਦਿਆਂ ਸ਼ਹੀਦੀ ਦੇ ਦਿੱਤੀ, ਪਰ ਈਨ ਨਾ ਮੰਨੀ। ਇਥੇ ਅਸੀਂ ਪਾਤਸ਼ਾਹ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਖ਼ਸੀਅਤ ਅਤੇ ਸ਼ਹਾਦਤ ਸਬੰਧੀ ਵਿਚਾਰ ਕਰਾਂਗੇ।

ਸ੍ਰੀ ਅਨੰਦਪੁਰ ਸਾਹਿਬ ਛੱਡਣ ਤੋਂ ਬਾਅਦ ਸਰਸਾ ਨਦੀ ਪਾਰ ਕਰਦੇ ਹੋਏ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪਰਵਾਰ ਵਿੱਛੜ ਗਿਆ ਸੀ। ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਗੁਰੂ-ਘਰ ਦੇ ਰਸੋਈਏ ਗੰਗੂ ਨਾਲ ਰਹਿ ਗਏ ਸਨ, ਜਿਨ੍ਹਾਂ ਨੂੰ ਲੈ ਕੇ ਉਹ ਆਪਣੇ ਪਿੰਡ ਸਹੇੜੀ ਆ ਗਿਆ ਸੀ। ਪਿੰਡ ਪਹੁੰਚ ਕੇ ਉਸ ਦੇ ਮਨ ਵਿਚ ਲਾਲਚ ਆ ਗਿਆ। ਪਹਿਲਾਂ ਉਸ ਨੇ ਮਾਤਾ ਜੀ ਦੀ ਮੋਹਰਾਂ ਵਾਲੀ ਥੈਲੀ ਚੁਰਾ ਲਈ ਫਿਰ ਮਾਤਾ ਜੀ ਦੇ ਪੁੱਛਣ 'ਤੇ ਇਤਰਾਜ਼ ਕਰਦੇ ਹੋਏ ਉਨ੍ਹਾਂ ਨੂੰ ਮੋਰਿੰਡੇ ਦੇ ਹਾਕਮ ਜਾਨੀ ਖਾਂ ਮਾਨੀ ਖਾਂ, ਕੋਲ ਮੁਖ਼ਬਰੀ ਕਰ ਕੇ ਫੜਵਾ ਦਿੱਤਾ ਸੀ ਤਾਂ ਕਿ ਹੋਰ ਇਨਾਮ ਹਾਸਲ ਕੀਤਾ ਜਾ ਸਕੇ। ਕਿਹਾ ਜਾਂਦਾ ਹੈ ਕਿ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਸਹੇੜੀ ਤੋਂ ਮੋਰਿੰਡੇ ਲਿਆਉਣ ਵਿਚ ਪਰੇਸ਼ਾਨੀ ਹੋ ਰਹੀ ਸੀ ਕਿਉਂਕਿ ਆਵਾਜਾਈ ਦੇ ਸਾਧਨ ਬਹੁਤ ਘੱਟ ਸਨ। ਗੁਰੂ-ਪਰਵਾਰ ਦੀ ਸੁਵਿਧਾ ਨੂੰ ਧਿਆਨ ਵਿਚ ਰੱਖਦੇ ਹੋਏ "ਸੰਤ ਬਾਬਾ ਅਜੀਤ ਸਿੰਘ ਨੱਥਮਲਪੁਰ ਵਾਲਿਆਂ ਦੇ ਬਜ਼ੁਰਗਾਂ ਵੱਲੋਂ ਰੱਥ ਸ਼ਿੰਗਾਰ ਕੇ ਮਾਤਾ ਜੀ ਅਤੇ ਬੱਚਿਆਂ ਨੂੰ ਮੋਰਿੰਡਾ ਤਕ ਪੁੱਜਦਾ ਕੀਤਾ ਗਿਆ ਸੀ। ਜਿੱਥੋਂ ਇਹ ਰੱਥ ਮਾਤਾ ਜੀ ਅਤੇ ਬੱਚਿਆਂ ਨੂੰ ਲੈ ਕੇ ਚੱਲਿਆ ਉਸੇ ਥਾਂ ਤੇ ਸੁਸ਼ੋਭਿਤ ਹੈ ਗੁਰਦੁਆਰਾ ਰੱਥ ਸਾਹਿਬ।"[੧] ਜਿਵੇਂ-ਕਿਵੇਂ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਪਹੁੰਚਾਇਆ ਗਿਆ। ਉੱਥੇ ਪਹੁੰਚਦੇ ਹੀ ਉਨ੍ਹਾਂ ਨੂੰ ਠੰਡੇ ਬੁਰਜ ਵਿਚ ਕੈਦ ਕਰ ਕੇ ਸੁੱਚਾ ਨੰਦ ਦੇ ਹਵਾਲੇ ਕਰ ਦਿੱਤਾ ਗਿਆ ਸੀ।

ਵਜ਼ੀਰ ਖ਼ਾਨ ਲਈ ਇਹ ਇਕ ਵੱਡੀ ਖ਼ਬਰ ਸੀ, ਜਿਸ ਨੂੰ ਸੁਣ ਕੇ ਉਹ ਬੇਹੱਦ ਖੁਸ਼ ਹੋਇਆ, ਕਿਉਂਕਿ ਗੁਰੂ ਸਾਹਿਬ ਦੇ ਬਚ ਨਿਕਲਣ ਕਾਰਨ ਚਮਕੌਰ ਦੇ ਯੁੱਧ ਵਿਚ ਉਸ ਨੂੰ ਨਮੋਸ਼ੀ ਹੱਥ ਲੱਗੀ ਸੀ। ਬੱਚਿਆਂ ਨੂੰ ਨਵਾਬ ਵਜ਼ੀਰ

*ਮੁਖੀ, ਸਿੱਖ ਵਿਸ਼ਵਕੋਸ਼ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਖ਼ਾਨ ਦੀ ਕਚਿਹਰੀ ਵਿਚ ਪੇਸ਼ ਕੀਤਾ ਗਿਆ। ਇੱਥੇ ਇਹ ਗੱਲ ਵਿਚਾਰਨਯੋਗ ਹੈ ਕਿ ਕੇਵਲ ਸਾਹਿਬਜ਼ਾਦਿਆਂ ਨੂੰ ਹੀ ਨਵਾਬ ਸਾਹਮਣੇ ਕਿਉਂ ਪੇਸ਼ ਕੀਤਾ ਜਾਂਦਾ ਰਿਹਾ? ਕਿਸੇ ਇਤਿਹਾਸਿਕ ਸਰੋਤ ਤੋਂ ਇਹ ਗੱਲ ਸਾਹਮਣੇ ਨਹੀਂ ਆਈ ਕਿ ਕਦੇ ਮਾਤਾ ਗੁਜਰੀ ਜੀ ਨੂੰ ਵੀ ਨਵਾਬ ਸਾਹਮਣੇ ਪੇਸ਼ ਕੀਤਾ ਗਿਆ ਹੋਵੇ।

ਇੰਝ ਪ੍ਰਤੀਤ ਹੁੰਦਾ ਹੈ ਕਿ ਹਾਕਮ ਇਹ ਸਮਝਦਾ ਹੋਵੇ ਕਿ ਮਾਤਾ ਜੀ ਗੁਰਬਾਣੀ ਅਭਿਆਸ ਅਤੇ ਗੁਰਮਤਿ ਪਰੰਪਰਾ ਅਤੇ ਸੰਸਕਾਰਾਂ ਵਿਚ ਪੂਰਨ ਤੌਰ 'ਤੇ ਦ੍ਰਿੜ੍ਹ ਹਨ ਅਤੇ ਉਹ ਸੂਖਮ ਤੋਂ ਸੂਖਮ ਗੱਲ ਨੂੰ ਸਮਝਣ ਅਤੇ ਸਮਝਾਉਣ ਵਿਚ ਸਮਰੱਥ ਹਨ, ਉਨ੍ਹਾਂ ਨੂੰ ਝੁਕਾਉਣਾ ਅਤੇ ਇਸਲਾਮ ਦੇ ਘੇਰੇ ਵਿਚ ਲਿਆਉਣਾ ਅਸੰਭਵ ਹੈ। ਦੂਜੇ ਪਾਸੇ ਸਾਹਿਬਜ਼ਾਦੇ ਛੋਟੀ ਉਮਰ ਵਿਚ ਹੋਣ ਕਰਕੇ ਉਨ੍ਹਾਂ ਦਾ ਮਨ ਅਜੇ ਨਵੇਂ ਵਿਚਾਰ ਗ੍ਰਹਿਣ ਕਰਨ ਦੇ ਸਮਰੱਥ ਹੈ ਅਤੇ ਜੇਕਰ ਉਨ੍ਹਾਂ ਨੂੰ ਡਰਾ ਕੇ ਜਾਂ ਲਾਲਚ ਅਧੀਨ ਇਸਲਾਮ ਵੱਲ ਪ੍ਰੇਰਿਆ ਜਾਵੇ ਤਾਂ ਸਫ਼ਲਤਾ ਹੱਥ ਲੱਗ ਸਕਦੀ ਹੈ। ਮੁਸਲਮਾਨ ਹਾਕਮ ਨੂੰ ਸ਼ਾਇਦ ਇਹ ਗੱਲ ਵਧੇਰੇ ਟੁੰਬਦੀ ਹੋਵੇ ਕਿ ਕਿਸੇ ਨੂੰ ਮਾਰਨ ਨਾਲੋਂ ਇਸਲਾਮ ਵਿਚ ਲਿਆਉਣਾ ਵੱਡੀ ਸਫ਼ਲਤਾ ਹੈ। ਅਜਿਹਾ ਹੀ ਯਤਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨਾਲ ਪਹਿਲਾ ਦਿੱਲੀ ਦੇ ਹਾਕਮ ਕਰ ਚੁੱਕੇ ਸਨ। ਜਦੋਂ ਸਾਹਿਬਜ਼ਾਦਿਆਂ ਨੂੰ ਨਵਾਬ ਦੀ ਕਚਹਿਰੀ ਵਿਚ ਪੇਸ਼ ਕਰਨ ਲਈ ਲਿਜਾਇਆ ਜਾਣ ਲੱਗਾ ਤਾਂ ਮਾਤਾ ਗੁਜਰੀ ਜੀ ਦੀ ਮਾਨਸਿਕ ਅਵਸਥਾ ਦਾ ਜ਼ਿਕਰ ਕਰਦੇ ਹੋਈ ਜੋਗੀ ਅਲ੍ਹਾ ਯਾਰ ਖਾਂ ਲਿਖਦਾ ਹੈ:

**ਜਾਨੇ ਸੇ ਪਹਲੇ ਆਓ ਗਲੇ ਸੇ ਲਗਾ ਤੋ ਲੂੰ**
**ਕੇਸੋਂ ਕੋ ਕੰਘੀ ਕਰ ਦੂੰ ਜ਼ਰਾ ਮੂੰਹ ਧੁਲਾ ਤੋ ਲੂੰ**
**ਪ੍ਯਾਰੇ ਸਰੋਂ ਪ: ਨਨ੍ਹੀ ਸੀ ਕਲਗ਼ੀ ਸਜਾ ਤੋ ਲੂੰ**
**ਮਰਨੇ ਸੇ ਪਹਿਲੇ ਤੁਮ ਕੋ ਦੂਲ੍ਹਾ ਬਨਾ ਤੋ ਲੂੰ...**[੨]

ਵਜ਼ੀਰ ਖ਼ਾਨ ਦੀ ਕਚਿਹਰੀ ਵਿਚ ਪੇਸ਼ ਕਰਨ ਸਮੇਂ ਅਤੇ ਪੇਸ਼ੀ ਤੋਂ ਪਹਿਲਾਂ ਸਾਹਿਬਜ਼ਾਦਿਆਂ ਨੂੰ ਝੁਕਾਉਣ ਦੇ ਕਈ ਯਤਨ ਕੀਤੇ ਗਏ। ਜਿਵੇਂ ਦਰਬਾਰ ਵਿਚ ਪੇਸ਼ ਹੋਣ ਤੋਂ ਪਹਿਲਾਂ ਸਭ ਦਰਵਾਜ਼ੇ ਬੰਦ ਕਰ ਦਿੱਤੇ ਜਾਂਦੇ ਤਾਂ ਕਿ ਸਾਹਿਬਜ਼ਾਦਿਆਂ ਨੂੰ ਝੁਕ ਕੇ ਅੰਦਰ ਜਾਣਾ ਪਾਵੇ। ਪਰ ਸਾਹਿਬਜ਼ਾਦੇ ਪਹਿਲਾਂ ਪੈਰ ਅੰਦਰ ਕਰਦੇ ਫਿਰ ਸਿਰ। ਇਸ ਤਰ੍ਹਾਂ ਸਾਹਿਬਜ਼ਾਦਿਆਂ ਨੂੰ ਝੁਕਾਉਣ ਦਾ ਇਹ ਤਰੀਕਾ ਨਿਸਫ਼ਲ ਹੋ ਗਿਆ। ਦਰਬਾਰ ਦੇ ਅੰਦਰ ਸਾਹਿਬਜ਼ਾਦਿਆਂ ਨੂੰ ਕਈ ਤਰ੍ਹਾਂ ਦੇ ਲਾਲਚ ਦਿੱਤੇ ਜਾਂਦੇ, ਪਰ ਉਹ ਅਡੋਲ, ਸ਼ਾਂਤ ਚਿੱਤ ਅਤੇ ਦ੍ਰਿੜ੍ਹਤਾ ਪੂਰਵਕ ਹਰ ਸਵਾਲ ਦਾ ਅਜਿਹਾ ਜੁਆਬ ਦਿੰਦੇ ਕਿ ਸੁਣਨ ਵਾਲੇ ਹੈਰਾਨ ਰਹਿ ਜਾਂਦੇ। ਇਕ ਵਾਰ ਜਦੋਂ ਨਵਾਬ ਦੇ ਦਰਬਾਰ ਵਿਚ ਛੋਟੇ ਸਾਹਿਬਜ਼ਾਦਿਆਂ ਨੂੰ ਦੁਨਿਆਵੀ ਐਸ਼ੋ-ਇਸ਼ਰਤ ਦੇ ਲਾਲਚ ਦਿੱਤੇ ਗਏ ਤਾਂ ਬਾਬਾ ਫਤਿਹ ਸਿੰਘ ਨੇ ਜੁਆਬ ਦਿੱਤਾ, "ਅਸੀਂ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਸਪੁੱਤਰ ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ ਪੋਤੇ ਹਾਂ। ਸਰੀਰਕ ਭੋਗ ਤੇ ਵਿਲਾਸ ਕੁੱਤੇ, ਬਿੱਲੀਆਂ ਲਈ ਹਨ, ਸਾਡੇ ਲਈ ਤਾਂ ਮੌਤ ਪਵਿੱਤਰ ਹੈ।"[੩]

ਸਾਹਿਬਜ਼ਾਦਿਆਂ ਨੂੰ ਰੋਜ਼ ਨਵਾਬ ਦੀ ਕਚਹਿਰੀ ਵਿਚ ਪੇਸ਼ ਕੀਤਾ ਜਾਂਦਾ ਸੀ। ਨਵਾਬ ਕੋਲ ਹਾਜ਼ਰ ਹੋਣ ਤੋਂ ਪਹਿਲਾਂ ਮਾਤਾ ਗੁਜਰੀ ਜੀ ਉਨ੍ਹਾਂ ਨੂੰ ਧਰਮ ਵਿਚ ਪੱਕੇ ਰਹਿਣ ਦੀ ਸਿੱਖਿਆ ਦਿੰਦੇ ਸਨ। ਮਾਤਾ ਜੀ ਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀਆਂ ਸ਼ਹਾਦਤਾਂ ਪ੍ਰਤੀ ਪੈਦਾ ਕੀਤੀ ਚੇਤਨਤਾ ਸਾਹਿਬਜ਼ਾਦਿਆਂ ਨੂੰ ਸਿੱਖੀ ਆਨ-ਸ਼ਾਨ ਪ੍ਰਤੀ ਦ੍ਰਿੜ੍ਹ ਰਹਿਣ ਲਈ ਪ੍ਰਪੱਕ ਕਰਦੀ ਸੀ। ਮਾਤਾ ਜੀ ਅਕਾਲ ਪੁਰਖ ਦੇ ਹਮੇਸ਼ਾਂ ਅੰਗ-ਸੰਗ ਹੋਣ ਦੀ ਸਿੱਖਿਆ ਦ੍ਰਿੜ੍ਹ ਕਰਾਉਂਦੇ ਸਨ। ਅਕਾਲ ਪੁਰਖ ਦੇ ਜਾਪ ਵਾਲੇ ਗੁਣਾਂ ਨਾਲ ਉਨ੍ਹਾਂ ਦੇ ਮਨ ਵਿਚ "ਨਿਰਭਉ ਜਪੈ ਸਗਲ ਭਉ ਮਿਟੈ" ਦਾ ਗੁਣ ਸੰਚਾਰਿਤ ਸੀ। ਠੰਡ ਦੇ ਦਿਨਾਂ ਵਿਚ ਸਰਦੀ ਦੂਰ ਕਰਨ ਦਾ ਹੋਰ ਕੋਈ ਤਰੀਕਾ ਨਹੀਂ ਸੀ ਸਿਵਾਏ ਏਸ ਦੇ ਕਿ ਮਾਤਾ ਗੁਜਰੀ ਜੀ ਸਾਹਿਬਜ਼ਾਦਿਆਂ ਨੂੰ ਬੁੱਕਲ ਵਿਚ ਲੈ ਕੇ ਨਿੱਘ ਪੈਦਾ ਕਰਨ ਦਾ ਯਤਨ ਕਰਦੇ ਅਤੇ ਨਾਲ-ਨਾਲ ਸੂਬੇ ਦੀ ਕਚਹਿਰੀ ਵਿਚ ਹੁੰਦੇ ਵਾਰਤਾਲਾਪ ਬਾਰੇ ਸਾਹਿਬਜ਼ਾਦਿਆਂ ਨੂੰ ਸੱਚ ਦੇ ਹੱਕ ਵਿਚ ਡਟੇ ਰਹਿਣ ਦੀ ਪ੍ਰੇਰਨਾ ਕਰਦੇ ਸਨ। ਇੱਥੇ ਲੰਗਰ ਪਾਣੀ ਦਾ ਕੋਈ ਪ੍ਰਬੰਧ ਨਹੀਂ ਸੀ। ਮਾਤਾ ਗੁਜਰੀ ਅਤੇ ਸਾਹਿਬਜ਼ਾਦਿਆਂ ਨੂੰ ਅਕਾਲ ਪੁਰਖ ਦੇ ਆਸਰੇ ਹੀ ਅੱਤ ਦੀ ਸਰਦੀ ਵਿਚ ਭੁੱਖੇ ਭਾਣੇ ਸਮਾਂ ਗੁਜ਼ਾਰਨਾ ਪੈ ਰਿਹਾ ਸੀ। ਕਿਹਾ ਜਾਂਦਾ ਹੈ ਕਿ

ਸਰਹਿੰਦ ਵਿਖੇ ਮੋਤੀ ਰਾਮ[੪] ਮਹਿਰਾ ਨਾਂ ਦਾ ਇਕ ਸ਼ਰਧਾਲੂ ਹਕੂਮਤ ਤੋਂ ਲੁਕ-ਛਿਪ ਕੇ ਗੁਰੂ-ਪਰਵਾਰ ਦੀ ਦੁੱਧ ਨਾਲ ਸੇਵਾ ਕਰਿਆ ਕਰਦਾ ਸੀ, ਜਿਸ ਦਾ ਹਰਜਾਨਾ ਉਸ ਨੂੰ ਆਪਣੀ ਜਾਨ ਦੇ ਕੇ ਚੁਕਾਉਣਾ ਪਿਆ ਸੀ।

ਚਮਕੌਰ ਦੇ ਯੁੱਧ ਤੋਂ ਵਾਪਸ ਪਰਤਦੇ ਹੋਏ ਮਲੇਰਕੋਟਲੇ ਦਾ ਨਵਾਬ ਸ਼ੇਰ ਮੁਹੰਮਦ ਖ਼ਾਨ ਨਵਾਬ ਵਜ਼ੀਰ ਖ਼ਾਨ ਪਾਸ ਸਰਹਿੰਦ ਆਇਆ ਹੋਇਆ ਸੀ। ਨਵਾਬ ਮਲੇਰਕੋਟਲਾ ਦਾ ਭਰਾ ਨਾਹਰ ਖਾਂ ਅਤੇ ਭਾਣਜਾ ਖ਼ਿਜ਼ਰ ਖਾਂ ਚਮਕੌਰ ਵਿਖੇ ਗੁਰੂ ਜੀ ਵਿਰੁੱਧ ਲੜਦੇ ਹੋਏ ਮਾਰੇ ਗਏ ਸਨ। ਉਸ ਦੇ ਸਾਹਮਣੇ ਛੋਟੇ ਸਾਹਿਬਜ਼ਾਦਿਆਂ ਨੂੰ ਨਵਾਬ ਵਜ਼ੀਰ ਖਾਂ ਦੀ ਕਚਹਿਰੀ ਵਿਚ ਪੇਸ਼ ਕੀਤਾ ਗਿਆ ਸੀ। ਸਾਹਿਬਜ਼ਾਦੇ ਸਰਹਿੰਦ ਦੇ ਨਵਾਬ ਦੀ ਹਰ ਗੱਲ ਦਾ ਜੁਆਬ ਪੂਰਨ ਦ੍ਰਿੜ੍ਹਤਾ ਅਤੇ ਸਾਹਸ ਨਾਲ ਦੇ ਰਹੇ ਸਨ। ਸਾਹਿਬਜ਼ਾਦਿਆਂ ਨੂੰ ਝੁਕਦੇ ਨਾ ਵੇਖ ਨਵਾਬ ਵਜ਼ੀਰ ਖ਼ਾਨ ਨੇ ਨਵਾਬ ਸ਼ੇਰ ਮੁਹੰਮਦ ਖ਼ਾਨ ਨੂੰ ਆਪਣੇ ਭਰਾ ਅਤੇ ਭਾਣਜੇ ਦੀ ਮੌਤ ਦਾ ਬਦਲਾ ਲੈਣ ਲਈ ਉਕਸਾਇਆ ਪਰ ਨਵਾਬ ਮਲੇਰਕੋਟਲਾ ਨੇ ਸ਼ੀਰ-ਖੋਰ ਬੱਚਿਆਂ ਨੂੰ ਮਾਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਕਿਉਂਕਿ ਉਸ ਨੂੰ ਇਹ ਅਨਿਆਂਪੂਰਨ ਕਾਰਜ ਲਗਦਾ ਸੀ। ਨਵਾਬ ਮਲੇਰਕੋਟਲਾ ਨੇ ਕਿਹਾ:

**ਸ਼ੇਰ ਮੁਹੰਮਦ ਨਹਿ ਗਨੀ, ਬੋਲਯੋ ਸੀਸ ਹਿਲਾਇ।**
**ਹਮ ਮਾਰੈਂ ਸ਼ੀਰ ਖੋਰਿਆਂ ਜਗ ਮੈਂ ਔਜਸ ਆਇ।**[੫]

ਸ਼ੇਰ ਮੁਹੰਮਦ ਖ਼ਾਨ ਦੇ ਲਫ਼ਜ਼ਾਂ ਦਾ ਵਿਸਤਾਰ ਕਰਦੇ ਹੋਏ ਜੋਗੀ ਅੱਲਾ ਯਾਰ ਖਾਂ ਲਿਖਦਾ ਹੈ:

**ਬਦਲਾ ਹੀ ਲੇਨਾ ਹੋਗਾ ਤੋ ਹਮ ਲੇਂਗੇ ਬਾਪ ਸੇ**
**ਮਹਫ਼ੂਜ਼ ਰੱਖੇ ਹਮ ਕੋ ਖ਼ੁਦਾ ਐਸੇ ਪਾਪ ਸੇ**[੬]

ਸਾਹਿਬਜ਼ਾਦਿਆਂ ਨੂੰ ਝੁਕਦੇ ਨਾ ਵੇਖ ਮੁਗ਼ਲ ਹਕੂਮਤ ਸ਼ਰਮਿੰਦਾ ਹੋ ਰਹੀ ਸੀ। ਉਨ੍ਹਾਂ ਨੂੰ ਝੁਕਾਉਣ ਅਤੇ ਇਸਲਾਮ ਦੇ ਘੇਰੇ ਵਿਚ ਲਿਆਉਣ ਦੇ ਹਰ ਸੰਭਵ ਯਤਨ ਕੀਤੇ ਜਾ ਰਹੇ ਸਨ। ਇਕ ਵਾਰ ਤਾਂ ਸਾਹਿਬਜ਼ਾਦਿਆਂ ਨੂੰ ਇੱਥੋਂ ਤਕ ਆਖ ਦਿੱਤਾ ਗਿਆ ਕਿ ਉਨ੍ਹਾਂ ਦੇ ਪਿਤਾ ਨੂੰ ਚਮਕੌਰ ਵਿਖੇ ਮਾਰ ਦਿੱਤਾ ਗਿਆ ਹੈ[੭], ਹੁਣ ਉਹ ਇਕੱਲੇ ਰਹਿ ਗਏ ਹਨ। ਬੱਚਿਆਂ ਦਾ ਮਨੋਬਲ ਡੇਗਣ ਵਿਚ ਮਾਨਸਿਕ ਪੀੜਾ ਪਹੁੰਚਾਉਣ ਦਾ ਇਹ ਇਕ ਕੋਝਾ ਯਤਨ ਸੀ, ਜੋ ਉਨ੍ਹਾਂ ਨੂੰ ਨਾ ਡੁਲਾ ਸਕਿਆ। ਸਾਹਿਬਜ਼ਾਦਿਆਂ ਨੇ ਦ੍ਰਿੜ੍ਹਤਾ ਪੂਰਵਕ ਜਵਾਬ ਦਿੱਤਾ ਕਿ ਸਾਡੇ ਪਿਤਾ ਨੂੰ ਕੋਈ ਨਹੀਂ ਮਾਰ ਸਕਦਾ।[੮] ਜਦੋਂ ਸਾਹਿਬਜ਼ਾਦਿਆਂ ਨੂੰ ਵਾਰ-ਵਾਰ ਇਸਲਾਮ ਕਬੂਲ ਕਰਨ ਲਈ ਕਿਹਾ ਗਿਆ ਤਾਂ ਉਨ੍ਹਾਂ ਸਪੱਸ਼ਟ ਇਨਕਾਰ ਕਰਦੇ ਹੋਏ ਸੱਚੇ ਸਿੱਖ ਆਦਰਸ਼ ਦਾ ਵਿਸਤਾਰ ਕਰਦੇ ਹੋਏ ਕਿਹਾ:

**ਹਮਰੇ ਬੰਸ ਰੀਤਿ ਇਮ ਆਈ।**
**ਸੀਸ ਦੇਤਿ ਪਰ ਧਰਮ ਨ ਜਾਈ।**[੯]

ਅਖ਼ੀਰ ਕੋਈ ਚਾਰਾ ਚਲਦਾ ਨਾ ਵੇਖ ਕਾਜ਼ੀ ਪਾਸੋਂ ਬੱਚਿਆਂ ਨੂੰ ਸ਼ਹੀਦ ਕਰਨ ਲਈ ਫ਼ਤਵਾ ਮੰਗਿਆ ਤਾਂ ਕਾਜ਼ੀ ਨੇ ਇਹ ਆਖ ਕੇ ਫ਼ਤਵਾ ਦੇਣ ਤੋਂ ਇਨਕਾਰ ਕਰ ਦਿੱਤਾ ਕਿ ਇਸਲਾਮ ਵਿਚ ਸ਼ੀਰ-ਖੋਰ ਬੱਚਿਆਂ ਨੂੰ ਮਾਰਨਾ ਸਹੀ ਨਹੀਂ ਹੈ। ਕੋਲ ਖੜੇ ਸੁੱਚਾ ਨੰਦ ਨੇ ਕਿਹਾ ਕਿ ਇਹ ਸੱਪ ਦੇ ਬੱਚੇ ਹਨ, ਇਨ੍ਹਾਂ ਨੂੰ ਇੱਥੇ ਹੀ ਕੁਚਲ ਦੇਣਾ ਚਾਹੀਦਾ ਹੈ। ਜਿਸ ਕਾਰਜ ਲਈ ਸ਼ੇਰ ਮੁਹੰਮਦ ਖ਼ਾਨ ਨੇ ਜੁਆਬ ਦੇ ਦਿੱਤਾ, ਕਾਜ਼ੀ ਨੇ ਇਨਕਾਰ ਕਰ ਦਿੱਤਾ, ਉਸ ਨੂੰ ਸੁੱਚਾ ਨੰਦ ਨੇ ਨੇਪਰੇ ਚਾੜ੍ਹਨ ਦਾ ਯਤਨ ਕੀਤਾ ਜਿਸ ਵਿਚ ਉਹ ਸਫ਼ਲ ਹੋ ਗਿਆ। ਸੁੱਚਾ ਨੰਦ ਦੇ ਉਕਸਾਉਣ 'ਤੇ ਨਵਾਬ ਨੇ ਬੱਚਿਆਂ ਨੂੰ ਪੁੱਛਣਾ ਸ਼ੁਰੂ ਕੀਤਾ ਕਿ ਜੇ ਤੁਹਾਨੂੰ ਅਜ਼ਾਦ ਕਰ ਦੇਈਏ ਤਾਂ ਤੁਸੀਂ ਕੀ ਕਰੋਗੇ? ਸਾਹਿਬਜ਼ਾਦਿਆਂ ਨੇ ਜੁਆਬ ਦਿੱਤਾ, "ਅਸੀਂ ਆਪਣੇ ਸਿੱਖਾਂ ਨੂੰ ਇਕੱਠੇ ਕਰ ਕੇ ਉਨ੍ਹਾਂ ਨੂੰ ਸ਼ਸਤਰਾਂ ਨਾਲ ਸਨਦ ਬਧ ਕਰਾਂਗੇ, ਤੁਹਾਡੇ ਨਾਲ ਲੜਾਈ ਕਰ ਕੇ ਤੁਹਾਨੂੰ ਖਤਮ ਕਰਾਂਗੇ।" ਗਵਰਨਰ ਨੇ ਆਖਿਆ- ਜੇ ਤੁਹਾਨੂੰ ਲੜਾਈ ਵਿਚ ਹਾਰ ਹੋ ਜਾਏ, ਫੇਰ ਤੁਸੀਂ ਕੀ ਕਰੋਗੇ? ਗੁਰੂ ਪੁੱਤਰਾਂ ਨੇ ਫੇਰ ਉੱਤਰ ਦਿੱਤਾ- "ਅਸੀਂ ਫੇਰ ਫ਼ੌਜਾਂ ਇਕੱਤਰ ਕਰ ਕੇ ਜੰਗ ਕਰਾਂਗੇ। ਜਾਂ ਤੁਹਾਨੂੰ ਮਾਰ ਕੇ ਸਾਹ ਲਵਾਂਗੇ ਜਾਂ ਆਪ ਲੜ ਕੇ ਸ਼ਹੀਦ ਹੋ ਜਾਵਾਂਗੇ।"[੧੦] ਇਹ ਸਾਹਿਬਜ਼ਾਦਿਆਂ ਦੇ ਮਨ ਵਿਚ ਮਾਤਾ ਗੁਜਰੀ ਜੀ ਦੁਆਰਾ ਸੰਚਾਰਿਤ ਜੋਸ਼, ਨਿਰਭੈਤਾ ਅਤੇ ਚੜ੍ਹਦੀਕਲਾ ਦਾ ਪ੍ਰਗਟਾਵਾ ਸੀ ਜਿਸ ਨੇ ਭਰੀ ਕਚਹਿਰੀ ਵਿਚ ਮੁਗ਼ਲ

ਸਰਦਾਰਾਂ ਨੂੰ ਤਰਕਹੀਨ, ਉਤੇਜਿਤ, ਹੈਰਾਨ ਅਤੇ ਪਰੇਸ਼ਾਨ ਕਰ ਦਿੱਤਾ ਸੀ।

ਸੁੱਚਾ ਨੰਦ ਆਪਣੀ ਚਾਲ ਵਿਚ ਸਫ਼ਲ ਰਿਹਾ ਅਤੇ ਨਵਾਬ ਵਜ਼ੀਰ ਖ਼ਾਨ ਨੇ ਬੱਚਿਆਂ ਲਈ ਮੌਤ ਦਾ ਫ਼ਤਵਾ ਇਹ ਕਹਿ ਕੇ ਕਾਜ਼ੀ ਤੋਂ ਹਾਸਲ ਕਰ ਲਿਆ ਕਿ ਇਹ ਸ਼ੀਰ-ਖੋਰ ਬੱਚੇ ਹਕੂਮਤ ਦੇ ਬਾਗ਼ੀ ਹਨ ਅਤੇ ਇਨ੍ਹਾਂ ਲਈ ਮੌਤ ਦੀ ਸਜ਼ਾ ਹੀ ਵਾਜਬ ਹੈ। ਜਦੋਂ ਮਲੇਰਕੋਟਲੇ ਦੇ ਨਵਾਬ ਸ਼ੇਰ ਮੁਹੰਮਦ ਖ਼ਾਨ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਉਸ ਨੇ ਇਕ ਪਾਸੇ ਬੱਚਿਆਂ ਨੂੰ ਮਾਰ ਦੇਣ ਵਿਰੁੱਧ ਹਾਅ ਦਾ ਨਾਅਰਾ ਮਾਰਿਆ ਅਤੇ ਦੂਜੇ ਪਾਸੇ ਇਸ ਅਮਲ ਨੂੰ ਰੁਕਵਾਉਣ ਵਾਸਤੇ ਬਾਦਸ਼ਾਹ ਔਰੰਗਜ਼ੇਬ ਨੂੰ ਇਕ ਚਿੱਠੀ ਲਿਖੀ ਜਿਸ ਦੇ ਕੁਝ ਅੰਸ਼ ਇੱਥੇ ਦਰਸਾਏ ਜਾ ਰਹੇ ਹਨ:

ਜਾਨ ਕੁਰਬਾਨ ਕਰਨ ਵਾਲੇ ਇਸ ਸ਼ੁਭ ਚਿੰਤਕ ਦੇ ਦਿਮਾਗ ਵਿਚ ਇਹ ਖਿਆਲ ਆ ਰਿਹਾ ਹੈ ਕਿ ਇਹ ਗੱਲ ਬਾਦਸ਼ਾਹਤ ਤੇ ਜ਼ਰੂਰੀ ਨਿਯਮਾਂ ਦੇ ਅਨੁਕੂਲ ਨਹੀਂ ਹੈ ਕਿ ਸਾਰੀ ਕੌਮ ਦੀ ਸਰਕਸ਼ੀ ਤੇ ਨਾਫ਼ਰਮਾਨੀ ਦਾ ਬਦਲਾ ਦੋ ਨਿਆਣੇ ਬੱਚਿਆਂ ਤੋਂ ਲਿਆ ਜਾਵੇ ਜਿਹੜੇ ਨਿਆਣੀ ਉਮਰ ਦੇ ਹੋਣ ਸਦਕਾ ਹਰ ਤਰ੍ਹਾਂ ਨਾਲ ਮਾਸੂਮ ਹਨ ਅਤੇ ਮੁਕਾਬਲੇ ਦੀ ਤਾਬ ਝੱਲਣੋਂ ਅਸਮਰੱਥ ਹਨ। ਇਹੋ ਜਿਹੀ ਕਾਰਵਾਈ ਪ੍ਰਤੱਖ ਤੌਰ ਤੇ ਸ਼ਰ੍ਹਾ ਦੇ ਅਸੂਲਾਂ ਦੇ ਉਲਟ ਤੇ ਇਸਲਾਮ ਦੇ ਮੋਢੀ ਹਜ਼ਰਤ ਮੁਹੰਮਦ ਸਾਹਿਬ ਦੇ ਨਿਯਮਾਂ ਦੇ ਖ਼ਿਲਾਫ਼ ਵਿਖਾਈ ਦਿੰਦੀ ਹੈ।... ਜੇ ਬਾਦਸ਼ਾਹੀ ਖ਼ਿਆਲ ਵਿਚ ਹਕੂਮਤ ਦੀ ਬਿਹਤਰੀ ਇਸੇ ਗੱਲ ਵਿਚ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਬੇਟਿਆਂ ਨੂੰ ਸ਼ਹਾਦਤ ਕਰਨ ਤੋਂ ਰੋਕਿਆ ਜਾਵੇ ਤਾਂ ਇਹ ਚੰਗਾ ਹੋਵੇਗਾ ਕਿ ਉਨ੍ਹਾਂ ਨੂੰ ਦਿੱਲੀ ਰਾਜਧਾਨੀ ਵਿਚ ਡੱਕ ਦਿੱਤਾ ਜਾਵੇ, ਤਾ ਕਿ ਉਹ ਸੁਧਰ ਜਾਣ ਤੇ ਤਾਬੇਦਾਰ ਬਣ ਜਾਣ ਜਾਂ ਉਨ੍ਹਾਂ ਨੂੰ ਜਾਨ ਕੁਰਬਾਨ ਕਰਨ ਵਾਲੇ ਇਸ ਸੇਵਕ ਦੇ ਸਪੁਰਦ ਕਰ ਦਿੱਤਾ ਜਾਵੇ, ਤਾਂ ਕਿ ਉਹ ਹਰ ਪ੍ਰਕਾਰ ਨਾਲ ਉਨ੍ਹਾਂ ਦੀ ਕਾਰਵਾਈ 'ਤੇ ਨਿਗਾਹ ਰੱਖੇ ਅਤੇ ਉਨ੍ਹਾਂ ਦੇ ਦਿਮਾਗਾਂ ਵਿਚ ਬਗ਼ਾਵਤ ਦਾ ਖਿਆਲ ਨਾ ਆਉਣ ਦੇਵੇ।[੧੧]

ਇਸ ਚਿੱਠੀ ਉੱਤੇ ਬਾਦਸ਼ਾਹ ਨੇ ਕੀ ਫੈਸਲਾ ਕੀਤਾ, ਇਸ ਬਾਰੇ ਤਾਂ ਕੁਝ ਪਤਾ ਨਹੀਂ ਲਗਦਾ ਪਰ ਨਵਾਬ ਵਜ਼ੀਰ ਖ਼ਾਨ ਨੇ ਕਾਜ਼ੀ ਤੋਂ ਲਏ ਫ਼ਤਵੇ ਅਨੁਸਾਰ ਬੱਚਿਆਂ ਨੂੰ ਨੀਹਾਂ ਵਿਚ ਚਿਣਨ ਦਾ ਹੁਕਮ ਸੁਣਾ ਦਿੱਤਾ। ਬੱਚਿਆਂ ਨੂੰ ਨੀਹਾਂ ਵਿਚ ਚਿਣਨ ਦੀ ਪ੍ਰਕ੍ਰਿਆ ਸ਼ੁਰੂ ਹੋਈ ਤਾਂ ਕਿਹਾ ਜਾਂਦਾ ਹੈ ਕਿ ਜਦੋਂ ਦੀਵਾਰ ਬੱਚਿਆਂ ਦੇ ਲੱਕ ਤਕ ਆਈ ਤਾਂ ਉਨ੍ਹਾਂ ਨੂੰ ਵਾਰ-ਵਾਰ ਕਿਹਾ ਗਿਆ ਕਿ ਜੇਕਰ ਇਸਲਾਮ ਕਬੂਲ ਕਰ ਲਉ ਤਾਂ ਜਾਨ ਬਖ਼ਸ਼ੀ ਹੋ ਸਕਦੀ ਹੈ। ਬੱਚਿਆਂ ਨੇ ਆਪਣੇ ਦਾਦੇ ਸ੍ਰੀ ਗੁਰੂ ਤੇਗ ਬਹਾਦਰ ਜੀ ਵਾਂਗ ਧਰਮ ਪਰਿਵਰਤਨ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਦਰਸਾਏ ਅਣਖ 'ਤੇ ਸਵੈਮਾਨ ਦੇ ਮਾਰਗ 'ਤੇ ਚੱਲਣ ਨੂੰ ਤਰਜੀਹ ਦਿੰਦੇ ਹੋਏ ਮੌਤ ਕਬੂਲ ਕਰਨ ਦੇ ਇਰਾਦੇ ਨਾਲ ਹਕੂਮਤ ਦੀ ਪੇਸ਼ਕਸ਼ ਰੱਦ ਕਰ ਦਿੱਤੀ। ਜਦੋਂ ਦੀਵਾਰ ਬੱਚਿਆਂ ਦੀ ਗਰਦਨ ਤਕ ਆਈ ਤਾਂ ਉਹ ਬੇਹੋਸ਼ ਹੋ ਕੇ ਡਿਗ ਪਏ ਅਤੇ ਕੰਧ ਢਹਿ ਗਈ। ਉਪਰੰਤ ਜ਼ਾਲਮ ਵੱਲੋਂ ਸਾਹਿਬਜ਼ਾਦਿਆਂ ਨੂੰ ਬੇਰਹਿਮੀ ਨਾਲ ਸ਼ਹੀਦ ਕਰ ਦਿੱਤਾ ਗਿਆ। ਮਾਤਾ ਗੁਜਰੀ ਜੀ ਵੀ ਠੰਡੇ ਬੁਰਜ 'ਚ ਅੱਤ ਦੇ ਤਸੀਹੇ ਝੱਲਦਿਆਂ ਗੁਰਪੁਰੀ ਜਾ ਬਿਰਾਜੇ।

ਸਾਹਿਬਜ਼ਾਦਿਆਂ ਦੀ ਸ਼ਹਾਦਤ ਨੇ ਜ਼ੁਲਮ ਖ਼ਿਲਾਫ ਲੜ੍ਹਨ ਵਾਲਿਆਂ ਦੇ ਮਨਾਂ ਵਿਚ ਇਕ ਨਵੀਂ ਰੂਹ ਫੂਕ ਦਿਤੀ। ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਦੇ ਚਾਰ ਸਾਲਾ ਪੁੱਤਰ ਨੂੰ ਸ਼ਹੀਦ ਕੀਤਾ ਗਿਆ ਸੀ। ਇਨ੍ਹਾਂ ਸ਼ਹਾਦਤਾਂ ਨੇ ਜ਼ੁਲਮ ਖ਼ਿਲਾਫ਼ ਜੂਝਣ ਵਾਲੇ ਸਿੰਘਾਂ ਦੀਆਂ ਸਿੰਘਣੀਆਂ ਦੇ ਮਨ ਵਿਚ ਧਰਮ ਪ੍ਰਤੀ ਇੰਨੀ ਦ੍ਰਿੜ੍ਹਤਾ ਪ੍ਰਦਾਨ ਕਰ ਦਿੱਤੀ ਸੀ ਕਿ ਸਮਾਂ ਆਉਣ 'ਤੇ ਉਹ ਆਪਣੇ ਛੋਟੇ-ਛੋਟੇ ਦੁੱਧ ਚੁੰਘਦੇ ਬੱਚਿਆਂ ਨੂੰ ਜ਼ਾਲਮਾਂ ਦੁਆਰਾ ਸ਼ਹੀਦ ਕਰਨ 'ਤੇ ਉਨ੍ਹਾਂ ਨੂੰ ਝੋਲੀ ਪਾਉਣ ਵਿਚ ਸਮਰੱਥ ਹੋ ਸਕੀਆਂ ਸਨ। ਇਸ ਤਰ੍ਹਾਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੇ ਕਈ ਨਵੇਂ ਕੀਰਤੀਮਾਨ ਸਥਾਪਿਤ ਕੀਤੇ। ਇਸ ਤੋਂ ਇਲਾਵਾ ਉਨ੍ਹਾਂ 'ਪਹਿਲਾ ਮਰਣੁ ਕਬੂਲਿ' ਦੀ ਅਵਾਜ਼ ਬੁਲੰਦ ਕਰਦੇ ਹੋਏ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਨਾਲ ਇਕਸੁਰਤਾ ਕਾਇਮ ਕੀਤੀ ਸੀ। ਜਬਰੀ ਧਰਮ ਪਰਿਵਰਤਨ ਦੇ ਵਿਰੋਧ ਵਿਚ ਦਾਦਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੁਆਰਾ ਆਪਣੀਆਂ ਧਾਰਮਿਕ ਕਦਰਾਂ-ਕੀਮਤਾਂ ਦੀ ਰਾਖੀ ਲਈ ਦ੍ਰਿੜ੍ਹਤਾ ਦਾ ਪ੍ਰਗਟਾਵਾ ਕੀਤਾ ਸੀ। ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਜਬਰ ਤੇ ਜ਼ੁਲਮ ਖ਼ਿਲਾਫ਼ ਪੈਦਾ ਕੀਤੀ ਲਲਕਾਰ ਦੇ ਪਦ-ਚਿੰਨ੍ਹਾਂ ਤੇ ਚਲਦੇ ਹੋਏ ਸਾਹਿਬਜ਼ਾਦਿਆਂ ਨੇ ਨਵੀਂ ਤੇ ਪੁਰਾਣੀ

ਪੀੜ੍ਹੀ ਦਾ ਵਿਰੋਧਾਤਮਕ ਫ਼ਾਸਲਾ ਖ਼ਤਮ ਕਰ ਦਿੱਤਾ ਸੀ।

ਸ਼ਹਾਦਤਾਂ ਨੇ ਸਾਹਿਬਜ਼ਾਦਿਆਂ ਅੰਦਰ ਛੁਪੇ ਹੋਏ ਪ੍ਰਭੂ-ਬੰਦਗੀ, ਧਰਮ-ਪ੍ਰੇਮ, ਜੁਝਾਰੂ ਜਰਨੈਲ, ਸਿਦਕੀ-ਸਿੰਘ, ਅਣਖੀ ਯੋਧੇ ਆਦਿ ਗੁਣਾਂ ਨੂੰ ਉਜਾਗਰ ਕੀਤਾ ਜੋ ਕਿ ਗੁਰੂ ਪਰੰਪਰਾ ਦੀਆਂ ਕਥਾਵਾਂ ਸੁਣਾ-ਸੁਣਾ ਕੇ ਦਾਦੀ ਮਾਤਾ ਗੁਜਰੀ ਜੀ ਨੇ ਸੰਚਾਰਿਤ ਕੀਤੇ ਸਨ। ਸਾਹਿਬਜ਼ਾਦਿਆਂ ਦੀ ਸ਼ਹਾਦਤ ਅਤੇ ਸ਼ਖ਼ਸੀਅਤ ਜਿੱਥੇ ਨੌਜਵਾਨ ਪੀੜ੍ਹੀ ਨੂੰ ਧਰਮ ਪ੍ਰਤੀ ਦ੍ਰਿੜ੍ਹਤਾ ਅਤੇ ਵਚਨਬੱਧਤਾ ਦਾ ਪ੍ਰਗਟਾਵਾ ਕਰਦੀ ਹੈ, ਉੱਥੇ ਜਬਰ ਅਤੇ ਜ਼ੁਲਮ ਖ਼ਿਲਾਫ਼ ਡਟ ਕੇ ਖੜ੍ਹੇ ਹੋਣ ਲਈ ਚਾਨਣ ਮੁਨਾਰੇ ਦਾ ਕਾਰਜ ਵੀ ਕਰਦੀ ਹੈ। ਸਾਹਿਬਜ਼ਾਦਿਆਂ ਦੀ ਸ਼ਹਾਦਤ ਨੇ ਕੌਮ ਦੀਆਂ ਨੀਹਾਂ ਨੂੰ ਮਜਬੂਤੀ ਪ੍ਰਦਾਨ ਕਰਨ ਦਾ ਕਾਰਜ ਕੀਤਾ ਜਿਸ ਦਾ ਪ੍ਰਗਟਾਵਾ ਕਰਦੇ ਹੋਏ ਮੈਥਿਲੀ ਸ਼ਰਨ ਗੁਪਤ ਕਹਿੰਦਾ ਹੈ:

**ਜਿਸ ਕੁਲ ਜਾਤਿ ਦੇਸ਼ ਕੇ ਬੱਚੇ ਦੇ ਸਕਤੇ ਹੈਂ ਯੋਂ ਬਲਿਦਾਨ,**
**ਉਸ ਕਾ ਵਰਤਮਾਨ ਕੁਛ ਭੀ ਹੋ ਪਰ ਭਵਿੱਸ਼ਯ ਹੈ ਮਹਾ ਮਹਾਨ।**[੧੨]

## ਹਵਾਲੇ ਅਤੇ ਟਿੱਪਣੀਆਂ:

੧. ਗਿਆਨੀ ਭਜਨ ਸਿੰਘ, ਸਾਡੇ ਇਤਿਹਾਸਕ ਗੁਰਧਾਮ, ਸਫਾ ੫੨; ਦੁਇ ਸਾਹਿਬਜ਼ਾਦੇ ਨਿਕੜੇ ਨਾਲਿ ਗਏ। ਰਥ ਵਿਚਿ ਨਾਲਿ ਦਾਦੀ ਦੇ ਸੁੱਤੇ ਪਏ। ਸੋ ਰਥ ਰੰਘੜਾਂ ਤੁਰਕਾਂ ਨੂੰ ਹਥਿ ਆਇਆ। ਉਨ੍ਹਾਂ ਤੁਰਕਾਂ ਰੰਘੜਾਂ ਲੁਟ ਪੁਟ ਕੇ ਰਥ ਸੀਰੰਦ ਪਕੜਿ ਪਠਾਇਆ। ਕੇਸਰ ਸਿੰਘ ਛਿੱਬਰ, ਬੰਸਾਵਲੀਨਾਮਾ ਦਸਾਂ ਪਾਤਸ਼ਾਹੀਆਂ ਕਾ, ਸੰਪਾਦਕ ਪਿਆਰਾ ਸਿੰਘ ਪਦਮ, ਅਧਿਆਇ ੧੦.੫੫੭; ਸਾਹਿਬਜ਼ਾਦਿਆਂ ਨੂੰ ਮਾਤਾ ਗੁਜਰੀ ਜੀ ਸਮੇਤ ਇਕ ਰੱਥ ਵਿਚ ਬਿਠਾ ਕੇ ਇੱਥੋਂ (ਸਹੇੜੀ ਪਿੰਡ) ਮੋਰਿੰਡੇ ਲੈ ਜਾਇਆ ਗਿਆ। ਇਸ ਕਾਰਨ ਇਸ ਗੁਰਦੁਆਰਾ ਸਾਹਿਬ ਦਾ ਨਾਂ ਗੁਰਦੁਆਰਾ ਰੱਥ ਸਾਹਿਬ ਹੈ। ਬਾਬਾ ਅਜੀਤ ਸਿੰਘ ਜੀ ਦੱਸਦੇ ਹੁੰਦੇ ਸਨ ਕਿ ਇਹ ਰੱਥ ਉਨ੍ਹਾਂ ਦਾ ਸੀ। ਮਾਤਾ (ਗੁਜਰੀ) ਜੀ ਨੇ ਅਸ਼ੀਰਵਾਦ ਦੇ ਕੇ ਬਚਨ ਕੀਤੇ ਸਨ ਕਿ ਰੱਥ ਵਾਲਿਆਂ ਦੇ ਪਰਵਾਰ ਵਿਚ ਕੋਈ ਵੱਡੇ ਮਹਾਂਪੁਰਖ ਜਨਮ ਲੈਣਗੇ। ਗਿਆਨੀ ਹਰਿਬੰਸ ਸਿੰਘ, ਜੀਵਨ ਗਾਥਾ ਸ੍ਰੀ ਮਾਨ ਸੰਤ ਬਾਬਾ ਅਜੀਤ ਸਿੰਘ ਜੀ (ਨੱਥਮਲਪੁਰ ਵਾਲੇ), ਸਫਾ ੫੯.

੨. ਜੋਗੀ ਅਲ੍ਹਾ ਯਾਰ ਖਾਂ, ਸ਼ਹੀਦਾਨਿ ਵਫ਼ਾ, ਬੰਦ ੭੨.

੩. ਸ. ਪੂਰਨ ਸਿੰਘ, ਦਸ ਗੁਰ ਦਰਸ਼ਨ, ਸਫਾ ੧੩੨.

੪. ਇਹ ਸਰਹਿੰਦ ਦੇ ਇਕ ਗ਼ਰੀਬ ਜਿਹੇ ਪਰਵਾਰ ਨਾਲ ਸੰਬੰਧਿਤ ਸੀ ਅਤੇ ਸੂਬਾ ਸਰਹਿੰਦ ਪਾਸ ਹਿੰਦੂ ਕੈਦੀਆਂ ਨੂੰ ਰੋਟੀ ਖਵਾਉਣ ਵਾਲੇ ਰਸੋਈਖ਼ਾਨੇ ਵਿਚ ਨੌਕਰੀ ਕਰਦਾ ਸੀ। ਪਰ ਕਈ ਵਾਰ ਆਏ ਸਿੰਘਾਂ ਨੂੰ ਵੀ ਲੁਕ ਛਿਪ ਕੇ ਭੋਜਨ ਕਰਾ ਦਿੰਦਾ ਸੀ। ਜਦੋਂ ਮਾਤਾ ਗੁਜਰੀ ਸਹਿਤ ਦੋ ਮਾਸੂਮ ਜਿੰਦਾਂ ਨੂੰ ਠੰਡੇ ਬੁਰਜ ਵਿਚ ਕੈਦ ਕੀਤਾ ਗਿਆ, ਤਾਂ ਇਸ ਤੋਂ ਭੁੱਖੇ ਭਾਣੇ ਬੱਚਿਆਂ ਦਾ ਦੁੱਖ ਝੱਲਿਆ ਨਾ ਗਿਆ। ਇਸ ਨੇ ਦੁੱਧ ਦਾ ਗੜਵਾ ਭਰ ਕੇ ਬੁਰਜ ਵਿਚ ਪਹੁੰਚਣ ਦਾ ਉੱਦਮ ਕੀਤਾ। ਇਸ ਤਰ੍ਹਾਂ ਲਗਾਤਾਰ ਤਿੰਨ ਦਿਨ ਇਹ ਦੁੱਧ ਦੀ ਸੇਵਾ ਕਰਦਾ ਰਿਹਾ। ਇਸ ਤੋਂ ਬਾਅਦ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਦੇ ਦਾਹ-ਸੰਸਕਾਰ ਵੇਲੇ ਵੀ ਲੱਕੜੀਆਂ ਲਿਆਉਣ ਲਈ ਇਸ ਨੇ ਦੀਵਾਨ ਟੋਡਰ ਮੱਲ ਦੀ ਮਦਦ ਕੀਤੀ ਸੀ। ਜਦੋਂ ਬਾਅਦ ਵਿਚ ਨਵਾਬ ਵਜ਼ੀਰ ਖ਼ਾਨ ਨੂੰ ਪਤਾ ਲੱਗਾ ਤਾਂ ਉਸ ਨੇ ਇਸ ਨੂੰ ਤੁਰੰਤ ਪਰਵਾਰ ਸਹਿਤ ਕੋਹਲੂ ਵਿਚ ਪਿੜਵਾ ਦਿੱਤਾ ਸੀ। ਡਾ. ਰਤਨ ਸਿੰਘ ਜੱਗੀ, ਸਿੱਖ ਪੰਥ ਵਿਸ਼ਵਕੋਸ਼, ਭਾਗ ਦੂਜਾ, ਸਫਾ ੧੪੬੦.

੫. ਸ. ਰਤਨ ਸਿੰਘ ਭੰਗੂ, ਸ੍ਰੀ ਗੁਰ ਪੰਥ ਪ੍ਰਕਾਸ਼, ਸੰਪਾਦਕ ਡਾ. ਜੀਤ ਸਿਘ ਸੀਤਲ, ਸਫਾ ੧੦੪.

੬. ਜੋਗੀ ਅੱਲਾ ਯਾਰ ਖ਼ਾਂ, ਸ਼ਹੀਦਾਨਿ ਵਫ਼ਾ, ਬੰਦ ੧੦੪.

੭. ਤੁਮਰੋ ਪਿਤਾ ਮਧਿ ਚਮਕੌਰ। ਮਾਰਿ ਲਯੋ ਗੜ ਮਧਿ ਤਿਤ ਠੌਰ। ਸੀਸ ਕਾਟ ਤਾਨ ਅਸ ਸਾਥਾ। ਦਿਲੀ ਗਯੋ ਸਾਹਿ ਕੇ ਹਾਥਾ। ਸੁੱਖਾ ਸਿੰਘ, ਗੁਰ ਬਿਲਾਸ ਪਾਤਸਾਹੀ ੧੦, ਸੰਪਾਦਕ ਡਾ. ਗੁਰਸ਼ਰਨ ਕੌਰ ਜੱਗੀ, ਅਧਿਆਇ ੨੧.੨੬੪; ਸਾਹਿਬਜ਼ਾਦਯੋ ਪਿਤਾ ਤੁਹਾਰਾ। ਗਢ ਚਮਕੌਰ ਘੇਰਿ ਗਹਿ ਮਾਰਾ॥੨੧॥ ਭਾਈ ਸੰਤੋਖ ਸਿੰਘ, ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ, ਰੁਤ ੬, ਅੰਸੂ ੫੧, ਸਫਾ ੫੯੫੦.

੮. ਪਵਨ ਰੂਪ ਹਮਰੋ ਬਰ ਬਾਪ। ਸਕਤ ਕੌਨ ਤਾ ਕੋ ਕਰ ਘਾਤ। ਸੁੱਖਾ ਸਿੰਘ, ਗੁਰ ਬਿਲਾਸ ਪਾਤਿਸ਼ਾਹੀ ੧੦, ਸੰਪਾਦਕ ਡਾ. ਗੁਰਸ਼ਰਨ ਕੌਰ ਜੱਗੀ, ਅਧਿਆਇ ੨੧.੨੬੫; ਸ੍ਰੀ ਸਤਿਗੁਰ ਜੋ ਪਿਤਾ ਹਮਾਰਾ। ਜਗ ਮਹਿਂ ਕੌਨ ਸਕਹਿ ਤਿਹ ਮਾਰਾ॥੨੪॥ ਭਾਈ ਸੰਤੋਖ ਸਿੰਘ, ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ, ਰੁਤ-੬, ਅੰਸੂ ੫੧, ਸਫਾ ੫੯੫੧.

੯. ਭਾਈ ਸੰਤੋਖ ਸਿੰਘ, ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ, ਰੁਤ ੬, ਅੰਸੂ ੫੧, ਸਫਾ ੫੯੫੨.

੧੦. ਸੱਯਦ ਮੁਹੰਮਦ ਲਤੀਫ਼, ਪੰਜਾਬ ਦਾ ਇਤਿਹਾਸ, ਭਾਗ ੨, ਅਨੁਵਾਦਕ ਸ. ਗੁਰਮੁਖ ਸਿੰਘ ਗੁਰਮੁਖ, ਸਫਾ ੭੨.

੧੧. ਸ. ਇਕਬਾਲ ਸਿੰਘ, ਲਲਕਾਰਦੇ ਸਾਹਿਬਜ਼ਾਦੇ, ਸਫਾ ੯੩. (ਕਿਹਾ ਜਾਂਦਾ ਹੈ ਕਿ ਇਹ ਚਿੱਠੀ ਮਲੇਰਕੋਟਲੇ ਦੇ ਪ੍ਰੋ. ਮੁਹੰਮਦ ਰਫ਼ੀ ਅਤੇ ਪ੍ਰਿੰਸੀਪਲ ਅਮਰਵੰਤ ਸਿੰਘ ਖੰਨਾ ਵਾਲਿਆਂ ਪਾਸ ਹੈ। ਉਪਰੋਕਤ ਕਿਤਾਬ ਵਿਚ ਇਕ ਚਿੱਠੀ ਦਾ ਮੂਲ ਫ਼ਾਰਸੀ ਖਰੜਾ ਅਤੇ ਪੰਜਾਬੀ ਅਨੁਵਾਦ ਛਪਿਆ ਹੋਇਆ ਹੈ।)

੧੨. ਮੈਥਿਲੀ ਸ਼ਰਨ ਗੁਪਤ, ਗੁਰੂ ਕੁਲ, ਸਫਾ ੭੮.

# ਸਮੁੱਚੇ ਖਾਲਸਾ ਪੰਥ ਦੀ ਪ੍ਰਤੀਨਿੱਧਤਾ ਕਰਨਗੇ ਸ਼੍ਰੋਮਣੀ ਕਮੇਟੀ ਦੇ 41ਵੇਂ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ

-ਸ. ਤਲਵਿੰਦਰ ਸਿੰਘ ਬੁੱਟਰ

5 ਨਵੰਬਰ 2016 ਦਾ ਦਿਨ। ਸਮਾਂ ਦੁਪਹਿਰ 12.15 ਵਜੇ। ਇਤਿਹਾਸਕ ਤੇਜਾ ਸਿੰਘ ਸਮੁੰਦਰੀ ਹਾਲ ਅੰਦਰ ਲੰਬੇ ਵਕਫ਼ੇ ਬਾਅਦ ਨੀਲੀਆਂ-ਪੀਲੀਆਂ ਦਸਤਾਰਾਂ ਸਜਾਈ ਰਵਾਇਤੀ ਪਹਿਰਾਵੇ 'ਚ ਸ਼੍ਰੋਮਣੀ ਕਮੇਟੀ ਮੈਂਬਰਾਂ ਦਾ ਜਾਹੋ-ਜਲਾਲ ਵਾਲਾ ਇਕੱਠ। ਇਤਫ਼ਾਕ ਸੀ- ਪੰਜ ਸਾਲ ਦੀ ਦੇਰੀ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਦਨ ਦੇ ਗਠਨ ਦਾ। ਸ਼੍ਰੋਮਣੀ ਕਮੇਟੀ ਦਾ ਨਵਾਂ ਪ੍ਰਧਾਨ ਚੁਣੇ ਜਾਣ ਦੀ ਸੰਭਾਵਨਾ ਨੂੰ ਲੈ ਕੇ ਹਰ ਮੈਂਬਰ ਦੇ ਚਿਹਰੇ 'ਤੇ ਅਨਿਸ਼ਚਿਤਤਾ ਦੇ ਤੇਵਰ ਸਾਫ਼ ਪੜ੍ਹੇ ਜਾ ਰਹੇ ਸਨ। ਹਰ ਕਿਸੇ ਦੇ ਮਨ 'ਚ ਸਵਾਲ ਸੀ, ਕਿਹੜੀ ਸ਼ਖ਼ਸੀਅਤ ਹੋਵੇ? ਜਿਹੜੀ ਅਨੇਕਾਂ ਸ਼ਹਾਦਤਾਂ ਤੋਂ ਬਾਅਦ ਹੋਂਦ 'ਚ ਆਈ ਖ਼ਾਲਸਾ ਪੰਥ ਦੀ ਪਾਰਲੀਮੈਂਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਕਾਰ ਨੂੰ ਅਜੋਕੇ ਹਾਲਾਤ 'ਚ ਉੱਚਾ ਚੁੱਕਣ ਤੇ ਪੰਥ ਨੂੰ ਏਕਤਾ ਤੇ ਇਤਫ਼ਾਕ ਦੇ ਸੂਤਰ 'ਚ ਬੰਨ੍ਹਣ ਦੀ ਯੋਗਤਾ ਰੱਖਦੀ ਹੋਵੇ।

ਉਡੀਕ ਦੀਆਂ ਘੜੀਆਂ ਖ਼ਤਮ ਹੋ ਰਹੀਆਂ ਸਨ। ਇਤਿਹਾਸਕ ਪਲ ਨੇੜੇ ਆ ਰਿਹਾ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਸਜੇ ਸਦਨ ਦੀ ਰਸਮੀ ਆਰੰਭਤਾ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਆ ਭਾਈ ਰਾਜਦੀਪ ਸਿੰਘ ਵਲੋਂ ਅਰਦਾਸ ਕਰਨ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਵਲੋਂ ਹੁਕਮਨਾਮਾ ਲਿਆ ਗਿਆ। ਪਾਵਨ ਮੁਖਵਾਕ ਆਇਆ 'ਸੋਰਠਿ ਮਹਲਾ ੫ ਘਰੁ ੨॥ ਮਾਤ ਗਰਭ ਮਹਿ ਆਪਨ ਸਿਮਰਨੁ ਦੇ ਤਹ ਤੁਮ ਰਾਖਨਹਾਰੇ॥ ਪਾਵਕ ਸਾਗਰ ਅਥਾਹ ਲਹਰਿ ਮਹਿ ਤਾਰਹੁ ਤਾਰਨਹਾਰੇ॥੧॥ ਮਾਧੌ ਤੂ ਠਾਕੁਰੁ ਸਿਰਿ ਮੋਰਾ॥ ਈਹਾ ਊਹਾ ਤੁਹਾਰੋ ਧੋਰਾ॥ ਰਹਾਉ॥...' ਹੁਕਮਨਾਮੇ ਤੋਂ ਬਾਅਦ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸ. ਬਲਵਿੰਦਰ ਸਿੰਘ ਧਾਲੀਵਾਲ ਨੂੰ ਸਦਨ ਦੀ ਕਾਰਵਾਈ ਚਲਾਉਣ ਦਾ ਸੱਦਾ ਦਿੱਤਾ। ਡਿਪਟੀ ਕਮਿਸ਼ਨਰ ਵੱਲੋਂ ਪ੍ਰਧਾਨ ਦੇ ਨਾਂਅ ਲਈ ਸਦਨ ਤੋਂ ਤਜਵੀਜ਼ ਮੰਗਣ 'ਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਤੋਤਾ ਸਿੰਘ ਨੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦਾ ਨਾਂਅ ਪੇਸ਼ ਕੀਤਾ। ਪ੍ਰੋ. ਬਡੂੰਗਰ ਦੇ ਨਾਂ ਦੀ ਬੀਬੀ ਜਗੀਰ ਕੌਰ ਨੇ ਤਾਈਦ ਅਤੇ ਸ. ਨਵਤੇਜ ਸਿੰਘ ਕਾਉਣੀ ਨੇ ਮਜੀਦ ਕੀਤੀ। ਪ੍ਰੋ. ਬਡੂੰਗਰ ਦੇ ਨਾਮ 'ਤੇ ਸਮੁੱਚਾ ਹਾਲ ਖ਼ਾਲਸਾਈ ਜੈਕਾਰਿਆਂ ਨਾਲ ਗੂੰਜ ਉੱਠਿਆ। ਇਸੇ ਦੌਰਾਨ ਸ. ਹਰਦੀਪ ਸਿੰਘ ਮੁਹਾਲੀ ਨੇ ਦੂਜੀ ਧਿਰ ਵੱਲੋਂ ਪ੍ਰਧਾਨ ਦੇ ਉਮੀਦਵਾਰ ਲਈ ਸ. ਸੁਰਜੀਤ ਸਿੰਘ ਕਾਲਾਬੂਲਾ ਦਾ ਨਾਂਅ ਪੇਸ਼ ਕੀਤਾ। ਦੂਜੀ ਧਿਰ ਦੇ ਮੈਂਬਰ ਪ੍ਰਧਾਨਗੀ ਦੀ ਚੋਣ ਲਈ ਵੋਟਿੰਗ ਕਰਵਾਉਣ ਦੀ ਮੰਗ ਕਰਨ ਲੱਗੇ। ਡਿਪਟੀ ਕਮਿਸ਼ਨਰ ਵੱਲੋਂ ਵੋਟਿੰਗ ਲਈ ਪ੍ਰਬੰਧ ਕੀਤਾ ਹੀ ਜਾਣ ਲੱਗਾ ਸੀ ਤਾਂ ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਸ. ਸੁਖਦੇਵ ਸਿੰਘ ਭੌਰ ਖੜ੍ਹੇ ਹੁੰਦੇ ਹਨ (ਜੋ ਖੁਦ ਦੂਜੀ ਧਿਰ ਵਿਚ ਸ਼ਾਮਲ ਹਨ) ਅਤੇ ਦੂਜੀ ਧਿਰ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਆਖਣ ਲੱਗੇ, 'ਵੀਰੋ! ਤੁਸੀਂ ਹੋਰ ਕੀ ਚਾਹੁੰਦੇ ਹੋ, ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੋਂ ਵਧੀਆ ਪ੍ਰਧਾਨ ਹੋਰ ਕੌਣ ਮਿਲ ਸਕਦਾ ਹੈ?' ਇਸੇ ਸਮੇਂ ਸ. ਸੁਰਜੀਤ ਸਿੰਘ ਕਾਲਾਬੂਲਾ ਖੜ੍ਹੇ ਹੁੰਦੇ ਹਨ ਅਤੇ ਮਾਈਕ 'ਤੇ ਆ ਕੇ ਆਖਦੇ ਹਨ, 'ਮੈਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਣਮੱਤੇ ਇਤਿਹਾਸ, ਪ੍ਰੰਪਰਾਵਾਂ ਅਤੇ ਗੌਰਵ ਨੂੰ ਵੇਖਦਿਆਂ ਹੋਇਆਂ ਆਪਣਾ ਨਾਂ ਵਾਪਸ ਲੈਂਦਾ ਹਾਂ।' ਇੰਞ ਪ੍ਰੋ. ਕਿਰਪਾਲ ਸਿੰਘ ਬਡੂੰਗਰ ਸਰਬਸੰਮਤੀ ਨਾਲ ਸ਼੍ਰੋਮਣੀ ਕਮੇਟੀ ਦੇ 41ਵੇਂ ਪ੍ਰਧਾਨ ਬਣਨ ਦਾ ਮਾਣ ਹਾਸਿਲ ਕਰਦੇ ਹਨ। ਹਾਊਸ ਵਿਚ ਸ. ਸੁਖਦੇਵ ਸਿੰਘ ਭੌਰ ਅਤੇ ਸ. ਸੁਰਜੀਤ ਸਿੰਘ ਕਾਲਾਬੂਲਾ ਦੇ ਸ਼ਬਦ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਸਰਬ-ਪ੍ਰਵਾਨਤ ਸ਼ਖ਼ਸੀਅਤ 'ਤੇ ਮੋਹਰ ਵਜੋਂ



ਦੇਖੇ ਜਾਣੇ ਸੁਭਾਵਕ ਹਨ।

ਨਿਰਸੰਦੇਹ ਗੁਰਸਿੱਖੀ ਗੁਣਾਂ ਨਾਲ ਓਤਪੋਤ, ਵਿੱਦਿਆ ਪ੍ਰੇਮੀ, ਵਿਦਵਾਨ, ਚੇਤੰਨ ਰਾਜਨੀਤਕ ਅਤੇ ਦ੍ਰਿੜ੍ਹ ਇੱਛਾ ਸ਼ਕਤੀ ਵਾਲੀ ਦਰਵੇਸ਼ ਸ਼ਖ਼ਸੀਅਤ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦਾ ਸ਼੍ਰੋਮਣੀ ਕਮੇਟੀ ਦੇ 41ਵੇਂ ਪ੍ਰਧਾਨ ਬਣਨਾ ਇਕ ਇਤਿਹਾਸਕ ਇਤਫ਼ਾਕ ਹੈ। ਅੱਜ ਜਦੋਂ ਸਾਡਾ ਸਮੁੱਚਾ ਖ਼ਾਲਸਾ ਪੰਥ, ਅੰਦਰੂਨੀ ਅਤੇ ਬਾਹਰੀ ਚੁਣੌਤੀਆਂ ਨਾਲ ਜੂਝ ਰਿਹਾ ਹੈ, ਜਦੋਂ ਸਮੁੱਚਾ ਖ਼ਾਲਸਾ ਪੰਥ ਵਿਰੋਧੀ ਸ਼ਕਤੀਆਂ ਦਾ ਸ਼ਿਕਾਰ ਹੋ ਕੇ ਧੜੇਬੰਦੀਆਂ ਵਿਚ ਖੇਰੂੰ-ਖੇਰੂੰ ਹੋ ਰਿਹਾ ਹੈ ਤਾਂ ਅਜਿਹੇ ਵਿਚ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੇ ਸ਼੍ਰੋਮਣੀ ਕਮੇਟੀ ਪ੍ਰਧਾਨ ਬਣਨ 'ਤੇ ਖ਼ਾਲਸਾ ਪੰਥ ਦੀਆਂ ਸਮੁੱਚੀਆਂ ਜਥੇਬੰਦੀਆਂ, ਸੰਪਰਦਾਵਾਂ, ਸਭਾ-ਸੁਸਾਇਟੀਆਂ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਹੈ। ਕਿਸੇ ਪਾਸਿਓਂ ਕਿਸੇ ਤਰ੍ਹਾਂ ਦੀ ਨੁਕਤਾਚੀਨੀ ਜਾਂ ਵਿਰੋਧ ਨਹੀਂ ਹੋਇਆ। ਤੱਤੀਆਂ-ਨਰਮ ਸੁਰਾਂ ਵਾਲੇ ਸਾਰੇ ਸਿੱਖ ਧੜ੍ਹਿਆਂ, ਦਲਾਂ, ਜਥੇਬੰਦੀਆਂ ਅਤੇ ਸਿੱਖ ਮਨਾਂ ਅੰਦਰ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੇ ਸ਼੍ਰੋਮਣੀ ਕਮੇਟੀ ਪ੍ਰਧਾਨ ਬਣਨ ਨਾਲ ਇਕ ਆਸ ਜਾਗੀ ਹੈ ਕਿ ਅਜੋਕੇ ਸਮੇਂ 'ਚ ਖ਼ਾਲਸਾ ਪੰਥ 'ਚ ਫ਼ੁੱਟ ਅਤੇ ਧੜ੍ਹੇਬੰਦੀਆਂ ਦਾ ਕਾਰਨ ਬਣ ਰਹੇ ਵਾਦ-ਵਿਵਾਦਾਂ, ਚਿਰੋਕਣੇ ਲਟਕਦੇ ਪੰਥਕ ਮਸਲਿਆਂ ਦਾ ਹੁਣ ਸੁਖਾਵਾਂ ਹੱਲ ਹੋਵੇਗਾ ਅਤੇ ਸ਼੍ਰੋਮਣੀ ਕਮੇਟੀ ਸਿੱਖ ਸਰੋਕਾਰਾਂ ਦੀ ਬਿਹਤਰ ਤੋਂ ਬਿਹਤਰੀਨ ਪੈਰਵਾਈ ਕਰੇਗੀ। ਕਿਉਂਕਿ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੋ ਵਾਰ ਪਹਿਲਾਂ (27 ਨਵੰਬਰ 2001-20 ਜੁਲਾਈ 2003) ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਹਿ ਚੁੱਕੇ ਹਨ ਅਤੇ ਉਨ੍ਹਾਂ ਦੀ ਬੌਧਿਕ ਜ਼ਹੀਨਤਾ, ਵਿਦਵਤਾ, ਦਲੀਲ ਨਾਲ ਹਰੇਕ ਨੂੰ ਸਹਿਮਤ ਕਰਨ ਦੀ ਯੋਗਤਾ ਅਤੇ ਸਮੁੱਚੇ ਪੰਥ ਦਾ ਭਰੋਸਾ ਜਿੱਤ ਸਕਣ ਦੀ ਸਮਰੱਥਾ ਦਾ ਖ਼ਾਲਸਾ ਪੰਥ ਲਾਭ ਹਾਸਿਲ ਕਰ ਚੁੱਕਾ ਹੈ।

ਦੁਨਿਆਵੀ ਤਾਲੀਮ 'ਚ ਵੀ ਉੱਚ ਵਿੱਦਿਆ ਹਾਸਲ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਗੁਰਮਤਿ-ਸ਼ਖ਼ਸੀਅਤ ਦੀ ਉਸਾਰੀ 'ਚ ਉਨ੍ਹਾਂ ਦੇ ਪਿਤਾ ਡਾ. ਗੁਰਚਰਨ ਸਿੰਘ ਜੀ ਦਾ ਅਹਿਮ ਯੋਗਦਾਨ ਰਿਹਾ ਹੈ, ਜਿਨ੍ਹਾਂ ਨੇ 'ਪੰਥ ਦੀ ਸੋਨ ਚਿੜ੍ਹੀ' ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਿਵਾਜੇ, ਅੰਤਰਮੁਖੀ, ਨਾਮ-ਰਸੀਏ ਤੇ ਅਨੁਭਵੀ ਸਿੱਖ ਦਾਰਸ਼ਨਿਕ ਭਾਈ ਸਾਹਿਬ ਭਾਈ ਰਣਧੀਰ ਸਿੰਘ ਜੀ ਦੀ ਰੰਗਲੀ ਸੰਗਤ ਮਾਣੀ ਹੈ। 27 ਨਵੰਬਰ 2001 ਨੂੰ ਸ਼੍ਰੋਮਣੀ ਕਮੇਟੀ ਦੀ ਸਾਲਾਨਾ ਚੋਣ ਸਮੇਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪਹਿਲੀ ਵਾਰ ਪ੍ਰਧਾਨ ਚੁਣੇ ਗਏ ਸਨ ਤਾਂ ਉਦੋਂ ਵੀ ਪੰਥਕ ਹਾਲਾਤ ਅਜਿਹੇ ਸਨ ਕਿ ਇਕ ਪਾਸੇ ਅੰਦਰੂਨੀ ਮਤਭੇਦਾਂ ਤੇ ਵਾਦ-ਵਿਵਾਦਾਂ ਨਾਲ ਖ਼ਾਲਸਾ ਪੰਥ ਸਿੱਝ ਰਿਹਾ ਸੀ ਅਤੇ ਦੂਜੇ ਪਾਸੇ ਖ਼ਾਲਸਾ ਪੰਥ ਦੇ ਨਿਆਰੇ ਤੇ ਨਿਰਾਲੇਪਨ ਤੋਂ ਖ਼ੌਫ਼ ਅਤੇ ਚਿੜ੍ਹ ਰੱਖਣ ਵਾਲੀਆਂ ਤਾਕਤਾਂ ਆਏ ਦਿਨ ਖ਼ਾਲਸਾ ਪੰਥ ਦੀਆਂ ਸੰਸਥਾਵਾਂ, ਵਿਧਾਵਾਂ, ਪਰੰਪਰਾਵਾਂ ਅਤੇ ਸ਼ਬਦ ਗੁਰੂ ਦੀ ਅਬਦੀ ਪ੍ਰਭੂਸੱਤਾ 'ਤੇ ਸਿਧਾਂਤਕ ਹਮਲੇ ਕਰ ਰਹੀਆਂ ਸਨ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਦਾ ਅਹੁਦਾ ਸੰਭਾਲਦਿਆਂ ਹੀ ਸਿੱਖ ਇਤਿਹਾਸ, ਗੁਰਮਤਿ ਵਿਚਾਰਧਾਰਾ, ਸਿੱਖ ਰਹਿਤ ਮਰਯਾਦਾ ਅਤੇ ਤਤਕਾਲੀ ਪੰਥਕ ਤੇ ਕੌਮੀ ਮਸਲਿਆਂ 'ਤੇ ਆਪ ਨਿੱਠ ਕੇ ਚਿੰਤਨ ਕੀਤਾ ਅਤੇ ਫ਼ਿਰ ਮਸਲਿਆਂ ਦੇ ਹੱਲ ਲੱਭੇ। ਉਨ੍ਹਾਂ ਨੇ ਸਭ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਅਦਾਰਿਆਂ 'ਚ ਪ੍ਰਬੰਧਕੀ ਸੁਧਾਰਾਂ ਦਾ ਕੰਮ ਸ਼ੁਰੂ ਕੀਤਾ। ਸ਼੍ਰੋਮਣੀ ਕਮੇਟੀ ਦੇ ਗੁਰਦੁਆਰਾ ਪ੍ਰਬੰਧਾਂ, ਵਿੱਦਿਅਕ ਅਦਾਰਿਆਂ ਅਤੇ ਸਿਹਤ ਸੰਸਥਾਵਾਂ 'ਚ ਦ੍ਰਿੜ੍ਹ-ਇੱਛਾ ਸ਼ਕਤੀ ਤੇ ਲਗਨ ਨਾਲ ਕੰਮ ਕਰਨ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਉਤਸ਼ਾਹਿਤ ਕੀਤਾ। ਸਾਰੇ ਗੁਰਮਤਿ ਸਿਖਲਾਈ ਵਿਦਿਆਲਿਆਂ ਤੇ ਮਿਸ਼ਨਰੀ ਕਾਲਜਾਂ ਵਿਚ ਇਕਸਾਰ ਗੁਰਮਤਿ ਪਾਠਕ੍ਰਮ ਲਾਗੂ ਕਰਵਾਉਣ ਦੇ ਯਤਨ ਆਰੰਭੇ, ਵਿਸ਼ਵ-ਵਿਆਪੀ ਖ਼ਾਲਸਾ ਪੰਥ ਦੇ ਸਮੁੱਚੇ ਸਰੋਕਾਰਾਂ ਦੀ ਬਿਹਤਰੀਨ ਪੈਰਵਾਈ ਤੇ ਪੰਥਕ ਵਾਦ-ਵਿਵਾਦਾਂ ਦੇ ਹੱਲ ਲਈ ਕੌਮਾਂਤਰੀ ਪੱਧਰ ਦਾ ਰਾਜਨੀਤੀ ਤੋਂ ਮੁਕਤ ਸਲਾਹਕਾਰ ਬੋਰਡ ਬਣਾਉਣ ਦੀ ਯੋਜਨਾ ਬਣਾਈ। ਸ਼੍ਰੋਮਣੀ ਕਮੇਟੀ ਚੋਣਾਂ ਸਮੇਂ 'ਸਹਿਜਧਾਰੀ ਸਿੱਖ' ਦੇ ਬੁਰਕੇ ਹੇਠਾਂ ਗੈਰ-ਸਿੱਖਾਂ ਦੀਆਂ ਵੋਟਾਂ ਬਣਾਉਣ ਦੀਆਂ ਵਿਉਂਤਾਂ ਨੂੰ ਬੇਨਕਾਬ ਅਤੇ ਅਸਰਹੀਣ ਕੀਤਾ ਅਤੇ ਸਮੂਹ ਧਾਰਮਿਕ, ਸਮਾਜਿਕ, ਰਾਜਨੀਤਕ, ਨਿਹੰਗ ਸਿੰਘ ਸੰਪਰਦਾਵਾਂ ਅਤੇ ਪੰਥ ਦਰਦੀਆਂ ਨੂੰ ਸਮੇਂ ਦੀ ਸਰਕਾਰ ਦੀਆਂ ਇਨ੍ਹਾਂ ਕੋਝੀਆਂ ਚਾਲਾਂ ਦਾ ਮੂੰਹ ਤੋੜਵਾਂ ਜੁਆਬ ਦੇਣ ਲਈ ਸ਼੍ਰੋਮਣੀ ਕਮੇਟੀ ਨੂੰ ਸਮਰਥਨ ਅਤੇ ਸਹਿਯੋਗ ਦੇਣ ਦੀ ਅਪੀਲ ਕੀਤੀ। ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਸੈਸ਼ਨ ਦੀ ਕਾਰਵਾਈ ਮਾਂ-ਬੋਲੀ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਚਲਾਏ ਜਾਣ ਦੀ ਸਖ਼ਤ ਨਿਖੇਧੀ ਕੀਤੀ ਅਤੇ ਨਿੰਦਾ ਮਤਾ ਪਾਸ ਕੀਤਾ। ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਬਦੀ ਗੁਰਿਆਈ ਨੂੰ ਚੁਣੌਤੀ ਦੇਣ ਵਾਲੀਆਂ ਦੇਹਧਾਰੀ ਗੁਰੂਡੰਮੀ ਸੰਸਥਾਵਾਂ ਦੇ ਪੰਜਾਬ ਦੀ ਧਰਤੀ 'ਤੇ ਵੱਧ ਰਹੇ ਪਾਸਾਰੇ 'ਤੇ ਚਿੰਤਾ ਕਰਦਿਆਂ ਦੇਹਧਾਰੀ ਗੁਰੂਡੰਮ ਦੇ ਭਰਮ ਜਾਲ ਵਿੱਚੋਂ ਸਿੱਖ ਸਮਾਜ ਨੂੰ ਮੁਕਤ ਰੱਖਣ ਲਈ ਵਿਸ਼ੇਸ਼ ਜਾਗ੍ਰਿਤੀ ਲਹਿਰ ਚਲਾਈ। ਸ਼੍ਰੋਮਣੀ ਕਮੇਟੀ ਦਾ ਹਿੰਦੀ ਵਿਚ ਛਪਦਾ ਮਾਸਿਕ ਪੱਤਰ 'ਗੁਰਮਤਿ ਗਿਆਨ' ਵੀ ਤ੍ਰੈ-ਮਾਸਿਕ ਪੱਤਰ ਦੇ ਰੂਪ ਵਿਚ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਹੀ ਆਰੰਭ ਕੀਤਾ ਸੀ।

ਖ਼ਾਲਸਾ ਪੰਥ ਦੀ ਨਿਆਰੀ ਤੇ ਨਿਰਾਲੀ ਹੋਂਦ ਨੂੰ ਮੰਨਣ ਤੋਂ ਇਨਕਾਰੀ ਅਤੇ ਸਿੱਖਾਂ ਨੂੰ ਇਕ ਧਰਮ ਵਿਸ਼ੇਸ਼ ਦਾ

ਹੀ ਅੰਗ ਐਲਾਨਣ ਵਾਲੀਆਂ ਤਾਕਤਾਂ ਦਾ ਮੂੰਹ ਭੰਨ੍ਹਣ ਲਈ ਸੁਤੰਤਰ ਸਿੱਖ ਹੋਂਦ, ਹਸਤੀ ਤੇ ਸੋਚ ਦੇ ਪ੍ਰਤੀਕ ਨਾਨਕਸ਼ਾਹੀ ਕੈਲੰਡਰ ਨੂੰ ਜਾਰੀ ਕਰਨ ਦਾ ਅਹਿਮ ਫ਼ੈਸਲਾ ਵੀ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਹੀ ਲਿਆ ਗਿਆ ਸੀ । ਗੱਲ ਕੀ, ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਆਪਣੇ ਤਕਰੀਬਨ ਡੇਢ ਕੁ ਸਾਲ ਦੇ ਕਾਰਜਕਾਲ ਦੌਰਾਨ ਇੰਨੇ ਵੱਡੇ ਪੰਥਕ ਫ਼ੈਸਲੇ ਕਰ ਦਿੱਤੇ, ਜਿਹੜੇ ਸ਼ਾਇਦ ਦਹਾਕਿਆਂ ਦੇ ਲੰਬੇ ਬਹਿਸ-ਮੁਬਾਹਸਿਆਂ ਨਾਲ ਵੀ ਹੱਲ ਨਹੀਂ ਹੋਣ ਵਾਲੇ ਸਨ। ਜੂਨ 1984 ਵਿਚ ਸ੍ਰੀ ਦਰਬਾਰ ਸਾਹਿਬ 'ਤੇ ਭਾਰਤੀ ਫ਼ੌਜ ਦੇ ਹਮਲੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰੱਖਿਆ ਕਰਦਿਆਂ ਸ਼ਹਾਦਤ ਦੇਣ ਵਾਲੇ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਨੂੰ 19 ਵਰ੍ਹੇ ਬਾਅਦ 'ਕੌਮੀ ਸ਼ਹੀਦ' ਦਾ ਰੁਤਬਾ ਦਿੱਤਾ ਗਿਆ। ਸ਼੍ਰੋਮਣੀ ਕਮੇਟੀ ਦਾ ਇਹ ਇਕ ਬਹੁਤ ਵੱਡਾ ਚੁਣੌਤੀਪੂਰਨ ਅਤੇ ਜ਼ੋਖ਼ਮ ਭਰਿਆ ਕਦਮ ਸੀ, ਕਿਉਂਕਿ ਜੂਨ 1984 ਤੋਂ ਬਾਅਦ ਖ਼ਾਲਸਾ ਪੰਥ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਸ਼ਹਾਦਤ ਨੂੰ ਲੈ ਕੇ ਦੋ ਮਤਾਂ ਵਿਚ ਵੰਡਿਆ ਗਿਆ ਸੀ। ਖ਼ਾਲਸਾ ਪੰਥ ਦਾ ਇਕ ਹਿੱਸਾ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਨੂੰ 'ਸ਼ਹੀਦ' ਮੰਨਦਾ ਸੀ ਅਤੇ ਦੂਜਾ ਹਿੱਸਾ ਸੰਤ ਜੀ ਦੇ ਜੀਵਤ ਅਤੇ ਅਗਿਆਤਵਾਸ ਹੋਣ ਦੀ ਦਲੀਲ ਦਿੰਦਾ ਆ ਰਿਹਾ ਸੀ। ਇਨ੍ਹਾਂ ਮਤਭੇਦਾਂ ਨੇ ਖ਼ਾਲਸਾ ਪੰਥ ਦੀਆਂ ਵੱਖ-ਵੱਖ ਜਥੇਬੰਦੀਆਂ ਅੰਦਰ ਤਿੱਖੀਆਂ ਵਿਰੋਧਤਾਈਆਂ ਇੱਥੋਂ ਤੱਕ ਪਹੁੰਚਾ ਦਿੱਤੀਆਂ ਸਨ ਕਿ ਸੰਤ ਜੀ ਨੂੰ 'ਸ਼ਹੀਦ' ਅਤੇ 'ਜੀਵਤ' ਮੰਨਣ ਵਾਲੇ ਇਕ ਦੂਜੀ ਧਿਰ ਨੂੰ ਦੇਖਣਾ ਵੀ ਪਸੰਦ ਨਹੀਂ ਕਰਦੇ ਸਨ। ਅਜਿਹੇ ਸਮੇਂ 'ਚ ਕੌਮ ਤੇ ਪੰਥ ਦੇ ਇਕ ਮਹਾਂਬਲੀ, ਬਚਨਾਂ ਦੇ ਪੂਰੇ-ਸੂਰੇ, ਸੰਤ ਤੇ ਜਰਨੈਲ ਦੀ ਸ਼ਹੀਦੀ ਨੂੰ ਲੈ ਕੇ ਬਣੀ ਦੁਬਿਧਾ ਨੂੰ ਖ਼ਤਮ ਕਰਨਾ ਅਤੇ ਉਸ ਦੀ ਕੁਰਬਾਨੀ ਨੂੰ ਆਉਣ ਵਾਲੀਆਂ ਸਿੱਖ ਪੀੜ੍ਹੀਆਂ ਲਈ ਪ੍ਰੇਰਨਾ ਸਰੋਤ ਬਣਾਉਣ ਦਾ ਯਤਨ ਕਰਨਾ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਸਰਬ-ਪ੍ਰਵਾਨਿਤ ਤੇ ਬੌਧਿਕ ਯੋਗਤਾ ਦਾ ਨਤੀਜਾ ਸੀ। ਜੂਨ 1984 ਦੇ ਸ੍ਰੀ ਦਰਬਾਰ ਸਾਹਿਬ 'ਤੇ ਫ਼ੌਜੀ ਹਮਲੇ ਦੇ ਸ਼ਹੀਦਾਂ ਦੀ ਯਾਦਗਾਰ ਉਸਾਰਨ ਦਾ ਫ਼ੈਸਲਾ ਸਭ ਤੋਂ ਪਹਿਲਾਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਹੀ ਕੀਤਾ ਸੀ। ਸਿੱਖ ਪੰਥ 'ਚ ਵਿਦਵਤਾ ਨੂੰ ਮਾਣ-ਸਨਮਾਨ ਦੇ ਕੇ ਨਿਵਾਜਣ ਦੀ ਰੀਤ ਨੂੰ ਵੀ ਮੁੱਦਤਾਂ ਬਾਅਦ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਹੀ ਹਰ ਸਾਲ ਇਕ ਸਿੱਖ ਵਿਦਵਾਨ ਨੂੰ 'ਗਿਆਨੀ ਦਿੱਤ ਸਿੰਘ ਯਾਦਗਾਰੀ ਪੁਰਸਕਾਰ ਅਤੇ ਸਨਮਾਨ' ਦੇਣ ਨਾਲ ਆਰੰਭ ਕੀਤਾ ਸੀ ਅਤੇ ਪਹਿਲਾ ਸਨਮਾਨ ਪ੍ਰੋ. ਹਰਿੰਦਰ ਸਿੰਘ ਮਹਿਬੂਬ ਨੂੰ ਦਿੱਤਾ ਗਿਆ। ਧਰਮ ਪ੍ਰਚਾਰ ਨੂੰ ਸੁਚਾਰੂ, ਸਿੱਟਾਮੁਖੀ ਬਣਾਉਣ ਤੇ ਰਵਾਇਤੀ ਕਾਰਜਸ਼ੈਲੀ ਤੋਂ ਅੱਗੇ ਤੋਰਨ ਲਈ ਪ੍ਰਚਾਰ ਕੇਂਦਰ ਅਤੇ ਧਾਰਮਿਕ ਸਲਾਹਕਾਰ ਕਮੇਟੀ ਦਾ ਗਠਨ ਕੀਤਾ। ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਨੂੰ 'ਮੈਡੀਕਲ ਕੌਂਸਲ ਆਫ਼ ਇੰਡੀਆ' ਵੱਲੋਂ ਮਾਨਤਾ ਵੀ ਇਨ੍ਹਾਂ ਦੇ ਯਤਨਾਂ ਨਾਲ ਹੀ ਹਾਸਲ ਹੋਈ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸਿੱਖ ਇਤਿਹਾਸ ਵਿਚ ਪਏ ਰਲੇਵੇਂ ਨੂੰ ਦੂਰ ਕਰਨ ਲਈ ਗੁਰਮਤਿ ਜੁਗਤ ਦੀ ਰੌਸ਼ਨੀ 'ਚ ਮੁੜ ਸੋਧ ਕੇ ਇਕ ਸਰਬ-ਪ੍ਰਵਾਨਿਤ ਸਿੱਕੇਬੰਦ ਸਿੱਖ ਇਤਿਹਾਸ ਦਾ ਖਰੜਾ ਤਿਆਰ ਕਰਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਇਕ ਸਰਬ-ਪ੍ਰਵਾਨਿਤ ਟੀਕਾ (ਅਰਥ) ਤਿਆਰ ਕਰਨ ਦਾ ਕਾਰਜ ਵੀ ਆਰੰਭ ਕਰਵਾਇਆ ਸੀ ਪਰ ਇਨ੍ਹਾਂ ਦਾ ਕਾਰਜਕਾਲ ਛੇਤੀ ਸਮਾਪਤ ਹੋ ਜਾਣ ਕਾਰਨ ਇਹ ਇਤਿਹਾਸਕ ਕਾਰਜ ਸਿਰੇ ਨਾ ਚੜ੍ਹ ਸਕੇ। ਪੰਜਾਬ ਦੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ 2007 ਤੋਂ ਲੈ ਕੇ ਹੁਣ ਤੱਕ ਪੰਜਾਬ 'ਚ ਜਿੰਨੀਆਂ ਵੀ ਸਿੱਖ ਵਿਰਾਸਤੀ ਯਾਦਗਾਰਾਂ-ਛੋਟਾ ਘੱਲੂਘਾਰਾ, ਵੱਡਾ ਘੱਲੂਘਾਰਾ, ਚੱਪੜਚਿੜੀ, ਵਿਰਾਸਤ-ਏ-ਖ਼ਾਲਸਾ ਸ੍ਰੀ ਅਨੰਦਪੁਰ ਸਾਹਿਬ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਨੂੰ ਜਾਂਦੇ ਰਸਤੇ ਨੂੰ ਵਿਰਾਸਤੀ ਦਿੱਖ ਦੇਣ ਆਦਿ ਦੇ ਜਿੰਨੇ ਵੀ ਕਾਰਜਾਂ ਦੀ ਉਸਾਰੀ ਕਰਵਾਈ ਹੈ, ਇਨ੍ਹਾਂ ਸਾਰੇ ਕਾਰਜਾਂ ਲਈ ਪ੍ਰੇਰਨਾ ਦਾ ਸਰੋਤ 14 ਅਪ੍ਰੈਲ 2002 ਨੂੰ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵਲੋਂ ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਸਿੱਖ ਇਤਿਹਾਸਕਾਰਾਂ ਨੂੰ ਲੈ ਕੇ 'ਇਤਿਹਾਸਕ ਯਾਦਗਾਰਾਂ ਸਥਾਪਤੀ ਕਮੇਟੀ' ਦੇ ਗਠਨ ਦਾ ਕੀਤਾ ਗਿਆ ਫ਼ੈਸਲਾ ਹੀ ਸੀ। ਇਸ ਤੋਂ ਇਲਾਵਾ ਇਤਿਹਾਸਕਾਰਾਂ ਵੱਲੋਂ ਅਣਗੌਲੇ ਗਏ ਸਿੱਖ ਭਗਤਾਂ, ਸ਼ਹੀਦਾਂ-ਮੁਰੀਦਾਂ ਤੇ ਨਾਇਕਾਂ ਦੇ ਦਿਹਾੜੇ ਮਨਾਉਣ ਤੇ ਉਨ੍ਹਾਂ ਦੀ ਸਿਮਰਤੀ 'ਚ ਵੱਖ-ਵੱਖ ਯਾਦਗਾਰਾਂ ਉਸਾਰਨ ਦੀ ਆਰੰਭਤਾ ਵੀ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੇ ਉਦਮ ਨਾਲ ਹੀ ਹੋਈ। ਗੁਰਮਤਿ ਦੇ ਪ੍ਰਚਾਰ-ਪ੍ਰਸਾਰ ਲਈ ਪ੍ਰੋ. ਕਿਰਪਾਲ ਸਿੰਘ ਬਡੂੰਗਰ ਕਿੰਨੇ ਸੁਹਿਰਦ ਤੇ ਦ੍ਰਿੜ੍ਹ ਸੰਕਲਪ ਹਨ, ਇਸ ਦੀ ਮਿਸਾਲ ਇਹ ਹੈ ਕਿ ਉਨ੍ਹਾਂ ਨੇ ਆਪਣੇ 2001-2003 ਦੇ ਕਾਰਜਕਾਲ ਦੌਰਾਨ ਪੰਜਾਬ ਦੇ ਪਿੰਡਾਂ 'ਚ 700 ਲਾਇਬ੍ਰੇਰੀਆਂ ਖੋਲ੍ਹੀਆਂ ਸਨ ਤਾਂ ਜੋ ਸਿੱਖ ਨੌਜਵਾਨ ਸ਼ਬਦ-ਸਰੋਦ ਨਾਲ ਜੁੜਨ ਅਤੇ ਕੁਰੀਤੀਆਂ ਤੇ ਢਾਹੂ ਬਿਰਤੀਆਂ ਤੋਂ ਬਚ ਸਕਣ। ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਧਰਤੀ ਤੋਂ 'ਖ਼ਾਲਸਈ ਖੇਡ ਉਤਸਵ' ਦੀ ਆਰੰਭਤਾ ਵੀ ਪ੍ਰੋ. ਬਡੂੰਗਰ ਹੁਰਾਂ ਨੇ ਕਰਵਾ ਕੇ ਘੱਟੋ-ਘੱਟ ਦੋ ਰਾਸ਼ਟਰੀ/ਅੰਤਰਰਾਸ਼ਟਰੀ ਪੱਧਰ ਦੇ ਸਿੱਖ ਖਿਡਾਰੀਆਂ ਨੂੰ ਸਨਮਾਨਿਤ ਕਰਨ ਦੀ ਪ੍ਰੰਪਰਾ ਵੀ ਤੋਰੀ ਸੀ।

ਲਗਭਗ ਇਕ ਦਹਾਕੇ ਤੋਂ ਵੱਧ ਸਮੇਂ ਬਾਅਦ ਜਦੋਂ ਮੁੜ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਦੀ ਸੇਵਾ ਮਿਲੀ ਹੈ ਤਾਂ ਸਿੱਖ ਚਿੰਤਕਾਂ ਨੂੰ ਇਹ ਆਸ ਬੱਝੀ ਹੈ ਕਿ ਉਹ ਅਜੋਕੇ ਹਾਲਾਤਾਂ

'ਚ ਸਿੱਖ ਪੰਥ ਅੰਦਰ ਮੁੜ ਏਕਤਾ ਨੂੰ ਜਲਵਾਗਰ ਕਰਨ ਲਈ ਸੁਹਿਰਦ ਯਤਨ ਆਰੰਭ ਕਰਨਗੇ। ਉਨ੍ਹਾਂ ਦੇ ਪ੍ਰਧਾਨ ਬਣਨ ਨਾਲ ਸਿੱਖ ਰਹਿਤ ਮਰਯਾਦਾ, ਦਸਮ ਗ੍ਰੰਥ ਅਤੇ ਹੋਰ ਮਸਲਿਆਂ ਨੂੰ ਆਪਸ ਵਿਚ ਰਲ-ਬੈਠ ਕੇ ਸੁਖਾਵੇਂ ਤਰੀਕੇ ਨਾਲ ਹੱਲ ਕਰਨ ਦੀਆਂ ਆਸਾਂ ਪ੍ਰਬਲ ਹੋਈਆਂ ਹਨ। ਪ੍ਰੋ. ਕਿਰਪਾਲ ਸਿੰਘ ਬਡੂੰਗਰ ਵਲੋਂ 5 ਨਵੰਬਰ 2016 ਨੂੰ ਪ੍ਰਧਾਨਗੀ ਦੀ ਸੇਵਾ ਸੰਭਾਲਦਿਆਂ ਹੀ ਇਹ ਐਲਾਨ ਕਰਨਾ ਕਿ ਸ਼੍ਰੋਮਣੀ ਕਮੇਟੀ ਦੇ ਕਿਸੇ ਵੀ ਦਫ਼ਤਰ 'ਚ ਉਨ੍ਹਾਂ ਦੀ ਤਸਵੀਰ ਨਾ ਲਗਾਈ ਜਾਵੇ, ਕੋਈ ਵੀ ਸ਼੍ਰੋਮਣੀ ਕਮੇਟੀ ਦਾ ਅਧਿਕਾਰੀ/ ਮੁਲਾਜ਼ਮ ਉਨ੍ਹਾਂ ਨੂੰ ਮਿਲਣ ਵੇਲੇ ਪੈਰੀਂ ਹੱਥ ਨਾ ਲਾਵੇ, ਸਗੋਂ ਫ਼ਤਹਿ ਬੁਲਾ ਕੇ ਹੀ ਮਿਲੇ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਖ਼ਾਲਸਾ ਪੰਥ ਦਾ ਸਭ ਤੋਂ ਛੋਟਾ ਸੇਵਾਦਾਰ ਆਖਣਾ ਅਤੇ ਪੰਥਕ ਏਕਤਾ ਲਈ ਹਰੇਕ ਜਥੇਬੰਦੀ ਕੋਲ ਖੁਦ ਚੱਲ ਕੇ ਜਾਣ ਦੀ ਗੱਲ ਕਰਨੀ ਸੱਚਮੁਚ ਹੀ ਪ੍ਰੋ. ਕਿਰਪਾਲ ਸਿੰਘ ਬਡੂੰਗਰ ਹੁਰਾਂ ਦੀ ਸ਼ਖ਼ਸੀਅਤ ਵਿਚੋਂ ਗੁਰਮਤਿ ਸਿਧਾਂਤਾਂ ਦੀ ਦ੍ਰਿੜ੍ਹਤਾ, ਦਰਵੇਸ਼ੀ, ਨਿਮਰਤਾ, ਦਿਆਨਤਦਾਰੀ ਅਤੇ ਪੰਥਪ੍ਰਸਤੀ ਆਦਿ ਗੁਣਾਂ ਦੀ ਬੁਲੰਦੀ ਦੇ ਜਾਮਨ ਹਨ। ਸ਼੍ਰੋਮਣੀ ਕਮੇਟੀ ਦੇ 41ਵੇਂ ਪ੍ਰਧਾਨ ਬਣਨ ਤੋਂ ਬਾਅਦ ਕਾਰਜਕਾਰਨੀ ਕਮੇਟੀ ਜਾਂ ਹੋਰ ਜ਼ਰੂਰੀ ਇਕੱਤਰਤਾਵਾਂ ਦੀ ਸ਼ੁਰੂਆਤ ਲੰਬੇ ਅੰਤਰਾਲ ਤੋਂ ਬਾਅਦ ਮੁੜ ਸਿੱਖ ਪਰੰਪਰਾ ਅਨੁਸਾਰ ਅਰਦਾਸ ਨਾਲ ਕਰਨ ਦੀ ਮਰਯਾਦਾ ਵੀ ਹੁਣ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸੁਰਜੀਤ ਕੀਤੀ ਹੈ। ਕਾਰਜਕਾਰਨੀ ਕਮੇਟੀ ਦੀਆਂ ਪਹਿਲੀ ਦੋ ਇਕੱਤਰਤਾਵਾਂ ਵਿਚ ਹੀ ਅਹਿਮ ਫ਼ੈਸਲੇ ਜਿਵੇਂ; ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਦਬ-ਸਤਿਕਾਰ ਕਾਇਮ ਕਰਨ ਲਈ ਪਿੰਡ-ਪਿੰਡ ਜਾਗਰੂਕਤਾ ਲਹਿਰ ਚਲਾਉਣੀ, ਸ਼੍ਰੋਮਣੀ ਕਮੇਟੀ ਵਲੋਂ ਵਿਦੇਸ਼ੀ ਸਿੱਖਾਂ ਦੀ ਬਿਹਤਰੀਨ ਪ੍ਰਤੀਨਿੱਧਤਾ ਯਕੀਨੀ ਬਣਾਉਣ ਅਤੇ ਵਿਸ਼ਵ ਵਿਆਪੀ ਸਿੱਖ ਸਰੋਕਾਰਾਂ ਦੀ ਪੈਰਵਾਈ ਲਈ ਦੇਸ਼ ਅਤੇ ਵਿਦੇਸ਼ ਦੇ ਸਿੱਖਾਂ ਦੀਆਂ ਦੋ 31-31 ਮੈਂਬਰੀ ਸਲਾਹਕਾਰ ਕਮੇਟੀਆਂ ਦੇ ਗਠਨ ਦਾ ਫ਼ੈਸਲਾ, ਸ਼੍ਰੋਮਣੀ ਕਮੇਟੀ ਦੇ ਸਕੂਲਾਂ, ਕਾਲਜਾਂ 'ਚ ਬੱਚਿਆਂ ਨੂੰ ਗੁਰਬਾਣੀ ਵਿਰਸੇ, ਸਿੱਖ ਇਤਿਹਾਸ ਦੇ ਨਾਲ ਜੋੜਨ ਲਈ ਧਾਰਮਿਕ ਅਧਿਆਪਕ ਨਿਯੁਕਤ ਕਰਨੇ, ਪੰਜਾਬ ਦੇ ਪਲੀਤ ਹੋ ਰਹੇ ਵਾਤਾਵਰਨ ਦੀ ਸ਼ੁੱਧਤਾ ਲਈ ਉੱਘੇ ਵਾਤਾਵਰਨ ਪ੍ਰੇਮੀਆਂ ਦੇ ਸਹਿਯੋਗ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਵਾਤਾਵਰਨ ਸੁਧਾਰ ਲਹਿਰ ਚਲਾਉਣੀ, ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ 'ਚ ਪਾਰਦਰਸ਼ਤਾ ਤੇ ਸੁਧਾਰ ਲਿਆਉਣ ਲਈ ਸਮੁੱਚਾ ਪ੍ਰਬੰਧ ਆਨਲਾਈਨ ਕਰਨਾ, ਹਰ ਸਾਲ ਦੋ ਸਿੱਖ ਬੁੱਧੀਜੀਵੀਆਂ, ਰਾਸ਼ਟਰੀ/ ਅੰਤਰਰਾਸ਼ਟਰੀ ਸਿੱਖ ਖਿਡਾਰੀਆਂ ਅਤੇ ਹੋਰ ਖੇਤਰਾਂ 'ਚ ਨਾਮਣਾ ਖੱਟਣ ਵਾਲੇ ਸਿੱਖਾਂ ਨੂੰ ਵਿਸ਼ੇਸ਼ ਸਨਮਾਨ ਦੇਣ, ਸ਼੍ਰੋਮਣੀ ਕਮੇਟੀ ਦੇ ਸੇਵਾਦਾਰਾਂ ਤੋਂ ਲੈ ਕੇ ਉੱਚ ਅਧਿਕਾਰੀਆਂ ਤੱਕ ਸਾਰਿਆਂ ਨੂੰ ਵਿਸ਼ੇਸ਼ ਗੁਰਮਤਿ ਸਿਖਲਾਈ ਕੈਂਪਾਂ ਦੁਆਰਾ ਆਪਣੀ ਸੇਵਾ ਨੂੰ ਬਿਹਤਰੀਨ ਤਰੀਕੇ ਨਾਲ ਨਿਭਾਉਣ ਲਈ ਸਿੱਖਿਅਤ ਕਰਨਾ ਆਦਿ ਫੈਸਲਿਆਂ ਨਾਲ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸਮੁੱਚੇ ਖ਼ਾਲਸਾ ਪੰਥ ਦੀਆਂ ਆਸਾਵਾਂ ਤੇ ਇੱਛਾਵਾਂ 'ਤੇ ਪੂਰੇ ਉਤਰਨ ਦੀ ਦਿਸ਼ਾ 'ਚ ਪ੍ਰਭਾਵਸ਼ਾਲੀ ਯਤਨ ਆਰੰਭ ਕਰ ਦਿੱਤੇ ਹਨ। ਭਾਰਤ-ਪਾਕਿਸਤਾਨ ਸਬੰਧਾਂ ਵਿਚ ਆਈ ਤਲਖੀ ਕਾਰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਮੇਂ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਜਾਣ ਦੀ ਕੋਈ ਸੰਭਾਵਨਾ ਨਹੀਂ ਸੀ ਪਰ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਸੰਭਾਲਦਿਆਂ ਹੀ ਪੰਜਾਬ ਸਰਕਾਰ ਦੀ ਮੱਦਦ ਨਾਲ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਨਾਲ ਗੱਲ ਕਰਕੇ ਸ਼੍ਰੋਮਣੀ ਕਮੇਟੀ ਵਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਰਵਾਨਾ ਕਰਨ ਵਿਚ ਸਫ਼ਲਤਾ ਹਾਸਲ ਕੀਤੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਕੁਝ ਰਾਜਨੀਤਕ ਮਤਭੇਦਾਂ ਕਾਰਨ ਵਖਰੇਵੇਂ ਰੱਖਣ ਵਾਲੀਆਂ ਜਥੇਬੰਦੀਆਂ, ਸੰਸਥਾਵਾਂ ਪ੍ਰਤੀ ਵੀ ਪ੍ਰੋ. ਬਡੂੰਗਰ ਵੱਲੋਂ 'ਆਪਣੇ ਰੁੱਸੇ ਭਰਾਵਾਂ ਨਾਲ ਮਿਲ ਬੈਠ ਕੇ ਮਤਭੇਦਾਂ ਨੂੰ ਸੁਲਝਾਉਣ' ਦੀ ਕੀਤੀ ਪੇਸ਼ੀਨਗੋਈ ਸੱਚਮੁਚ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਸਰਬ-ਪ੍ਰਵਾਨਿਤ, ਵਿਦਵਾਨ, ਗੁਰਸਿੱਖੀ ਸਿਧਾਂਤਾਂ ਨੂੰ ਪ੍ਰਣਾਈ ਅਤੇ ਚੇਤੰਨ ਧਾਰਮਿਕ ਸ਼ਖ਼ਸੀਅਤ ਦੀ ਮਾਨਤਾ ਨੂੰ ਸਥਾਪਿਤ ਕਰਨ ਵਾਲੀ ਹੈ।

ਸਾਡਾ ਪੂਰਨ ਵਿਸ਼ਵਾਸ ਹੈ ਕਿ ਸਤਿਗੁਰੂ ਜੀ ਨੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੂੰ ਖ਼ਾਲਸਾ ਪੰਥ ਦੀ ਪਾਰਲੀਮੈਂਟ 'ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ' ਦੀ ਸੇਵਾਦਾਰੀ ਦੇਣ ਤੋਂ ਪਹਿਲਾਂ ਪਾਵਨ ਮੁਖਵਾਕ; 'ਮਾਤ ਗਰਭ ਮਹਿ ਆਪਨ ਸਿਮਰਨੁ ਦੇ ਤਹ ਤੁਮ ਰਾਖਨਹਾਰੇ॥ ਪਾਵਕ ਸਾਗਰ ਅਥਾਹ ਲਹਰਿ ਮਹਿ ਤਾਰਹੁ ਤਾਰਨਹਾਰੇ॥੧॥ ਮਾਧੌ ਤੂ ਠਾਕੁਰੁ ਸਿਰਿ ਮੋਰਾ॥ ਈਹਾ ਊਹਾ ਤੁਹਾਰੋ ਧੋਰਾ॥ ਰਹਾਉ॥...' ਰਾਹੀਂ ਦਰਸਾ ਦਿੱਤਾ ਹੈ ਕਿ ਆਪਣੇ ਸਿੱਖ-ਸੇਵਕ ਕੋਲੋਂ ਖ਼ਾਲਸਾ ਪੰਥ ਦੀ ਸੇਵਾ ਸਤਿਗੁਰੂ ਜੀ ਨੇ ਆਪ ਆਪਣਾ ਹੱਥ ਉਨ੍ਹਾਂ ਦੇ ਸਿਰ 'ਤੇ ਰੱਖ ਕੇ ਲੈਣੀ ਹੈ ਅਤੇ ਜਿਸ ਤਰ੍ਹਾਂ ਅਕਾਲ ਪੁਰਖ ਵਾਹਿਗੁਰੂ ਮਾਂ ਦੇ ਪੇਟ 'ਚ ਸਾਨੂੰ ਆਪਣਾ ਸਿਮਰਨ ਦੇ ਕੇ ਸਾਡੀ ਰੱਖਿਆ ਕਰਦਾ ਹੈ, ਅੱਗ ਦੇ ਸਮੁੰਦਰ ਦੀਆਂ ਡੂੰਘੀਆਂ ਲਹਿਰਾਂ ਵਿਚ ਡਿੱਗੇ ਹੋਇਆਂ ਨੂੰ ਵੀ ਪਾਰ ਲੰਘਾ ਲੈਂਦਾ ਹੈ, ਤਿਵੇਂ ਹੀ ਅਕਾਲ ਪੁਰਖ ਹਰ ਔਖੇ-ਸੌਖੇ, ਬਿਖੜੇ ਹਾਲਾਤ 'ਚ ਵੀ ਆਪਣਾ ਆਸਰਾ ਬੰਨ੍ਹਾਈ ਰੱਖ ਕੇ ਆਪਣੇ ਪੰਥ ਦੀ ਸੇਵਾ ਆਪ ਲਵੇਗਾ।



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣ 'ਤੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਸਵਾਗਤ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।

(25 ਨਵੰਬਰ 2016)



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਸਿਰੋਪਾਉ ਭੇਟ ਕਰਦੇ ਹੋਏ ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ। ਨਾਲ ਹਨ ਸ. ਪਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਪੰਜਾਬ, ਸ. ਸੁਖਬੀਰ ਸਿੰਘ ਬਾਦਲ ਉੱਪ ਮੁੱਖ ਮੰਤਰੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ ਤੇ ਸ. ਹਰਚਰਨ ਸਿੰਘ ਮੁੱਖ ਸਕੱਤਰ।

(25 ਨਵੰਬਰ 2016)



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨਾਲ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ, ਉੱਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ, ਕੇਂਦਰੀ ਮੰਤਰੀ ਬੀਬੀ ਹਰਸਿਮਰਤ ਕੌਰ ਬਾਦਲ, ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ। (25 ਨਵੰਬਰ 2016)



ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ-ਏ-ਖ਼ਾਲਸਾ ਦੇ ਦੂਜੇ ਪੜਾਅ ਦਾ ਉਦਘਾਟਨ ਕਰਦੇ ਹੋਏ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ, ਮੈਂਬਰ ਪਾਰਲੀਮੈਂਟ ਸ. ਪ੍ਰੇਮ ਸਿੰਘ ਚੰਦੂਮਾਜਰਾ, ਡਾ. ਦਲਜੀਤ ਸਿੰਘ ਚੀਮਾ ਕੈਬਨਿਟ ਮੰਤਰੀ ਅਤੇ ਹੋਰ। (25 ਨਵੰਬਰ 2016)



ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੇ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਭਾਈ ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਬਣਨ ਉਪਰੰਤ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਵਿਖੇ ਪੁੱਜਣ 'ਤੇ ਉਨ੍ਹਾਂ ਦਾ ਸਵਾਗਤ ਕਰਦੇ ਹੋਏ ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਤੇ ਸ. ਮਨਜੀਤ ਸਿੰਘ ਸਕੱਤਰ, ਸ. ਇਕਜੀਤ ਸਿੰਘ 'ਬੇਦੀ', ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਪਰਮਜੀਤ ਸਿੰਘ ਸਰੋਆ ਐਡੀ. ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਅਤੇ ਹੋਰ।



ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਉਪਰੰਤ ਪ੍ਰੈੱਸ ਨੂੰ ਸੰਬੋਧਨ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਸੀਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਿਆਮਪੁਰ, ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ, ਜਨਰਲ ਸਕੱਤਰ ਸ. ਅਮਰਜੀਤ ਸਿੰਘ ਚਾਵਲਾ, ਅੰਤ੍ਰਿੰਗ ਕਮੇਟੀ ਮੈਂਬਰ ਸਾਹਿਬਾਨ ਅਤੇ ਅਧਿਕਾਰੀ।

(12 ਨਵੰਬਰ 2016)



ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹਦਾਇਤਾਂ ਦਿੰਦੇ ਹੋਏ।

(11 ਨਵੰਬਰ 2016)



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ. ਬਲਦੇਵ ਸਿੰਘ ਮਾਹਿਲਪੁਰੀ ਯਾਦਗਾਰੀ ਹਾਲ 'ਚ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੀ ਪ੍ਰਧਾਨਗੀ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਇਕੱਤਰਤਾ 'ਚ ਹਾਜ਼ਰ ਅੰਤ੍ਰਿੰਗ ਕਮੇਟੀ ਦੇ ਅਹੁਦੇਦਾਰ, ਮੈਂਬਰ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਅਧਿਕਾਰੀ।

(23 ਨਵੰਬਰ 2016)

# ਮਾਤਾ ਗੁਜਰੀ ਜੀ

*-ਸ. ਵਰਿਆਮ ਸਿੰਘ**

ਜਿੱਥੇ ਸਿੱਖ ਇਸਤਰੀਆਂ ਦੇ ਅਨੇਕਾਂ ਕਾਰਨਾਮੇ ਹਨ, ਉੱਥੇ ਮਾਤਾ ਗੁਜਰੀ ਜੀ ਦਾ ਨਾਂ ਸੂਰਜ ਵਾਂਗ ਚਮਕਦਾ ਹੈ। ਕਿਹੜਾ ਸਿੱਖ ਹਿਰਦਾ ਅਜਿਹਾ ਹੋਵੇਗਾ, ਜਿਹੜਾ ਉਨ੍ਹਾਂ ਦੇ ਪਵਿੱਤਰ ਨਾਂ ਤੋਂ ਜਾਣੂ ਨਹੀਂ। ਆਪ ਜੀ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਹਿਲ ਅਤੇ ਦਸਵੇਂ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਜੀ ਸਨ। ਮਾਤਾ ਗੁਜਰੀ ਜੀ ਦਾ ਪੇਕਾ ਪਿੰਡ ਕਰਤਾਰਪੁਰ, ਜ਼ਿਲ੍ਹਾ ਜਲੰਧਰ ਸੀ। ਪਿਤਾ ਜੀ ਦਾ ਨਾਂ ਭਾਈ ਲਾਲ ਚੰਦ ਜੀ, ਜੋ ਗੁਰੂ-ਘਰ ਦਾ ਸ਼ਰਧਾਲੂ ਸਿੱਖ ਸੀ। ਉਸ ਨੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨਾਂ ਵਿਚ ਰਹਿ ਕੇ ਕਈ ਸਾਲ ਸੇਵਾ ਕੀਤੀ ਅਤੇ ਉਨ੍ਹਾਂ ਦੀਆਂ ਮਿਹਰਾਂ ਦਾ ਪਾਤਰ ਬਣਿਆ। ਫਿਰ ਸੰਨ ੧੬੩੨ ਈ. ਵਿਚ ਆਪਣੀ ਪੁੱਤਰੀ ਗੁਜਰੀ ਜੀ ਦਾ ਅਨੰਦ ਕਾਰਜ ਉਨ੍ਹਾਂ ਦੇ ਪੁੱਤਰ ਸ੍ਰੀ (ਗੁਰੂ) ਤੇਗ ਬਹਾਦਰ ਜੀ ਨਾਲ ਕਰ ਦਿੱਤਾ। ਇਸ ਤਰ੍ਹਾਂ ਗੁਰੂ-ਘਰ ਨਾਲ ਸਾਕਾਦਾਰੀ ਕਰਕੇ ਭਾਈ ਲਾਲ ਚੰਦ ਨੂੰ ਬਹੁਤ ਖੁਸ਼ੀ ਅਨੁਭਵ ਹੋਈ।

ਗੁਰਿਆਈ ਮਿਲਣ ਤੋਂ ਪਹਿਲਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣੇ ਨਾਨਕੇ ਪਿੰਡ ਬਕਾਲੇ (ਸ੍ਰੀ ਅੰਮ੍ਰਿਤਸਰ) ਰਹਿ ਕੇ ਬਹੁਤ ਤਪੱਸਿਆ ਕੀਤੀ ਸੀ। ਇਕ ਕੱਚਾ ਭੋਰਾ ਸੀ, ਜਿੱਥੇ ਇਕ-ਮਨ, ਇਕ-ਚਿਤ ਹੋ ਕੇ ਅਕਾਲ ਪੁਰਖ ਨੂੰ ਧਿਆਇਆ। ਉਸ ਸਮੇਂ ਉਨ੍ਹਾਂ ਦੇ ਕੋਲ ਉਨ੍ਹਾਂ ਦੀ ਮਾਤਾ, ਮਾਤਾ ਨਾਨਕੀ ਜੀ ਅਤੇ ਉਨ੍ਹਾਂ ਦੀ ਸੁਪਤਨੀ, ਮਾਤਾ ਗੁਜਰੀ ਜੀ ਸਨ। ਮਾਤਾ ਗੁਜਰੀ ਜੀ ਨੇ ਉਸ ਸਮੇਂ ਜੋ ਆਪਣਾ ਫਰਜ਼ ਨਿਭਾਇਆ, ਉਹ ਇਸਤਰੀ ਜਾਤੀ ਲਈ ਇਕ ਚਾਨਣ-ਮੁਨਾਰਾ ਹੈ। ਇਸ ਦੀ ਮਿਸਾਲ ਬਹੁਤ ਘੱਟ ਮਿਲਦੀ ਹੈ। ਗੁਰੂ ਸਾਹਿਬ ਨੇ ਉਨ੍ਹਾਂ ਨੂੰ ਕਿਹਾ ਸੀ- "ਗੁਜਰੀ! ਅਸਾਂ ਇਕਾਂਤ ਰਹਿ ਕੇ ਭਗਤੀ ਕਰਨੀ ਹੈ। ਅਕਾਲ ਪੁਰਖ ਦਾ ਭਾਣਾ ਹੀ ਐਸਾ ਹੈ।" ਉਨ੍ਹਾਂ ਨੇ ਅੱਗੋਂ ਜਵਾਬ ਦਿੱਤਾ ਸੀ- "ਸਵਾਮੀ ਜੀ! ਦਾਸੀ ਤੁਹਾਡੀ ਭਗਤੀ ਵਿਚ ਵਿਘਨ ਨਹੀਂ ਪਾਉਂਦੀ। ਸਿਰਫ ਇਤਨੀ ਕ੍ਰਿਪਾ ਕਰੋ ਕਿ ਆਪਣੇ ਦਰਸ਼ਨਾਂ ਤੋਂ ਵਾਂਝਿਆਂ ਨਾ ਕਰੋ, ਕਿਉਂਕਿ ਦਾਸੀ ਤੁਹਾਡੇ ਦਰਸ਼ਨਾਂ ਤੋਂ ਬਿਨਾਂ ਜੀਅ ਨਹੀਂ ਸਕੇਗੀ।" ਉਨ੍ਹਾਂ ਨੂੰ ਦਰਸ਼ਨ ਕਰਨ ਦੀ ਖੁੱਲ੍ਹ ਮਿਲ ਗਈ। ਉਹ ਸਾਰਾ ਦਿਨ ਕੱਚੇ ਭੋਰੇ ਦੇ ਬਾਹਰ ਬੈਠੇ ਰਹਿੰਦੇ ਸਨ। ਗੁਰਬਾਣੀ ਦੀ ਇਹ ਤੁਕ ਆਪ ਨੂੰ ਸਦਾ ਯਾਦ ਰਹਿੰਦੀ ਸੀ:

**ਭਰਤਾ ਕਹੈ ਸੁ ਮਾਨੀਐ ਏਹੁ ਸੀਗਾਰੁ ਬਣਾਇ ਰੀ॥**
**ਦੂਜਾ ਭਾਉ ਵਿਸਾਰੀਐ ਏਹੁ ਤੰਬੋਲਾ ਖਾਇ ਰੀ॥** *(ਪੰਨਾ ੪੦੦)*

ਉਸ ਸਮੇਂ ਉਨ੍ਹਾਂ ਨੂੰ ਗਰੀਬੀ ਦੇ ਦਿਨ ਵੀ ਬਹੁਤ ਦੇਖਣੇ ਪਏ। ਰੁੱਖੀ-ਮਿਸੀ ਜੋ ਵੀ ਮਿਲਦੀ ਸੀ, ਉਸ ਵਿਚ ਹੀ ਸ਼ੁਕਰ ਕਰਦੇ ਸਨ। ਪ੍ਰੋ. ਸਾਹਿਬ ਸਿੰਘ ਜੀ ਦੀ ਲਿਖਤ ਅਨੁਸਾਰ ਇਸ ਤਰ੍ਹਾਂ ਭਗਤੀ ਕਰਦੇ ਹੋਏ ਗੁਰੂ ਸਾਹਿਬ ਨੇ ਬਕਾਲੇ ਵਿਚ ਤੀਹ ਸਾਲ ਗੁਜਾਰੇ। (ਜੀਵਨ ਬ੍ਰਿਤਾਂਤ, ਸ੍ਰੀ ਗੁਰੂ ਤੇਗ ਬਹਾਦਰ ਜੀ, ਪੰਨਾ ੧੧)

ਜਦੋਂ ਸੰਨ ੧੬੬੪ ਈ. ਵਿਚ ਗੁਰੂ ਸਾਹਿਬ ਪ੍ਰਗਟ ਹੋਏ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਗੱਦੀ ਦੇ ਮਾਲਕ ਬਣੇ ਤਾਂ ਉਸ ਸਮੇਂ ਮਾਤਾ ਗੁਜਰੀ ਜੀ ਨੇ ਸਾਧ-ਸੰਗਤ ਦੀ ਸੇਵਾ ਦਾ ਭਾਰ ਸਿਰ 'ਤੇ ਚੁੱਕ ਲਿਆ ਅਤੇ ਪਹਿਲਾਂ ਵਾਂਗ ਹੀ ਮਨ ਪ੍ਰਭੂ ਦੇ ਚਰਨਾਂ ਨਾਲ ਜੋੜੀ ਰੱਖਿਆ। ਸੰਨ ੧੬੭੫ ਈ. ਵਿਚ ਜਦੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਿੱਲੀ ਵਿਖੇ ਸ਼ਹੀਦ ਹੋਏ ਤਾਂ ਮਾਤਾ ਗੁਜਰੀ ਜੀ ਨੇ ਜਿਸ ਤਰ੍ਹਾਂ ਭਾਣਾ ਮਿੱਠਾ ਕਰ ਕੇ ਮੰਨਿਆ, ਉਹ ਆਪਣੀ ਮਿਸਾਲ ਆਪ ਸੀ।

ਮਾਤਾ ਗੁਜਰੀ ਜੀ ਵਿਚ ਅਨੇਕਾਂ ਗੁਣ ਸਨ। ਉਨ੍ਹਾਂ ਦੇ ਗੁਣਾਂ ਨੂੰ ਨਿਖਾਰਨ ਵਾਲੀਆਂ ਕੁਝ ਕੁ ਘਟਨਾਵਾਂ ਉਨ੍ਹਾਂ ਦੇ ਪਵਿੱਤਰ ਜੀਵਨ ਵਿੱਚੋਂ ਇਥੇ ਦਿੱਤੀਆਂ ਜਾ ਰਹੀਆਂ ਹਨ। ਇਹ ਘਟਨਾਵਾਂ ਉਨ੍ਹਾਂ ਦੇ ਸਪੁੱਤਰ, ਸ੍ਰੀ ਗੁਰੂ ਗੋਬਿੰਦ

* 9/3296 Darampura, St. No. 6, Gandhi Nagar, Delhi-31

ਸਿੰਘ ਜੀ ਦੇ ਸਮੇਂ ਦੀਆਂ ਹਨ, ਜੋ ਉਸ ਸਮੇਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਗੱਦੀ 'ਤੇ ਜੋਤਿ ਜਗਾ ਰਹੇ ਸਨ।

ਸੰਨ ੧੭੦੧ ਈ. ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪਖੰਡੀ ਮਸੰਦਾਂ ਨੂੰ ਕਰੜੀ ਸਜ਼ਾ ਦਿੱਤੀ, ਕਿਉਂਕਿ ਮਸੰਦਾਂ ਵਿਚ ਬਹੁਤ ਖਰਾਬੀਆਂ ਆ ਗਈਆਂ ਸਨ। ਉਹ ਸੰਗਤਾਂ ਪਾਸੋਂ ਕਾਰ-ਭੇਟਾ ਲੈ ਕੇ ਆਪ ਹੀ ਖਾ ਜਾਂਦੇ ਹਨ। ਇਸ ਤਰ੍ਹਾਂ ਦਾ ਇਕ ਮਸੰਦ ਬਖਤ ਮੱਲ ਸੀ। ਉਹ ਕਾਬਲ ਤੇ ਕੰਧਾਰ ਵਿੱਚੋਂ ਕਾਰ-ਭੇਟਾ ਉਗਰਾਇਆ ਕਰਦਾ ਸੀ। ਉਹ ਕਿਸੇ ਤਰ੍ਹਾਂ ਮਾਤਾ ਗੁਜਰੀ ਜੀ ਦੇ ਕੋਲ ਪਹੁੰਚ ਗਿਆ ਅਤੇ ਹੱਥ ਜੋੜ ਕੇ ਬੇਨਤੀ ਕੀਤੀ- "ਮਾਤਾ ਜੀਉ ! ਮੈਂ ਤੁਹਾਡੀ ਸ਼ਰਨ ਆਇਆ ਹਾਂ। ਮੈਨੂੰ ਕਿਸੇ ਤਰ੍ਹਾਂ ਬਚਾ ਲਵੋ ! ਜੇ ਮੇਰੀ ਜਾਨ ਬਖਸ਼ੀ ਹੋ ਜਾਏ ਤਾਂ ਮੈਂ ਅੱਗੇ ਤੋਂ ਸਹੀ ਤੌਰ 'ਤੇ ਸਿੱਖ ਬਣ ਕੇ ਰਹਾਂਗਾ ਅਤੇ ਅਜਿਹੀਆਂ ਗ਼ਲਤੀਆਂ ਮੁੜ ਨਹੀਂ ਕਰਾਂਗਾ।"

ਮਾਤਾ ਜੀ ਨੂੰ ਉਸ 'ਤੇ ਦਇਆ ਆ ਗਈ ਅਤੇ ਆਪਣੇ ਸਪੁੱਤਰ, ਜਗਤ ਗੁਰੂ ਨੂੰ ਕਹਿ ਕੇ ਉਸ ਨੂੰ ਬਖਸ਼ਵਾ ਦਿੱਤਾ। ਇਸ ਵਿੱਚੋਂ ਮਾਤਾ ਗੁਜਰੀ ਜੀ ਦੇ ਦੋ ਗੁਣ ਪ੍ਰਗਟ ਹੁੰਦੇ ਹਨ: ਸ਼ਰਨ ਆਏ ਦੀ ਲਾਜ ਰੱਖਣੀ ਅਤੇ ਦੂਜਾ ਦਿਲ ਦਾ ਦਇਆ ਨਾਲ ਭਰਪੂਰ ਹੋਣਾ।

ਮਾਤਾ ਜੀ ਰੋਜ਼ਾਨਾ ਨਿੱਤਨੇਮ ਤੋਂ ਇਲਾਵਾ ਸੁਖਮਨੀ ਸਾਹਿਬ ਦਾ ਪਾਠ ਵੀ ਕਰਦੇ ਸਨ। ਸੁਖਮਨੀ ਸਾਹਿਬ ਵਿਚ ਇਕ ਸ਼ਬਦ ਆਉਂਦਾ ਹੈ:

**ਪ੍ਰਭ ਕੀ ਆਗਿਆ ਆਤਮ ਹਿਤਾਵੈ॥ ਜੀਵਨ ਮੁਕਤਿ ਸੋਊ ਕਹਾਵੈ॥**
**ਤੈਸਾ ਹਰਖੁ ਤੈਸਾ ਉਸੁ ਸੋਗੁ॥ ਸਦਾ ਅਨੰਦੁ ਤਹ ਨਹੀ ਬਿਓਗੁ॥**
**ਤੈਸਾ ਸੁਵਰਨੁ ਤੈਸੀ ਉਸੁ ਮਾਟੀ॥ ਤੈਸਾ ਅੰਮ੍ਰਿਤੁ ਤੈਸੀ ਬਿਖੁ ਖਾਟੀ॥**
**ਤੈਸਾ ਮਾਨੁ ਤੈਸਾ ਅਭਿਮਾਨੁ॥ ਤੈਸਾ ਰੰਕੁ ਤੈਸਾ ਰਾਜਾਨੁ॥**
**ਜੋ ਵਰਤਾਏ ਸਾਈ ਜੁਗਤਿ॥ ਨਾਨਕ ਓਹੁ ਪੁਰਖੁ ਕਹੀਐ ਜੀਵਨ ਮੁਕਤਿ॥**

*(ਪੰਨਾ ੨੭੫)*

ਮਾਤਾ ਜੀ ਨੇ ਇਸ ਸ਼ਬਦ ਦਾ ਵਿਚਾਰ ਕਰਦੇ ਹੋਏ ਸੋਚਿਆ ਕਿ ਗੁਰੂ ਸਾਹਿਬ ਵਿਚ ਤਾਂ ਇਹ ਵਡਿਆਈਆਂ ਸੁੱਤੇ-ਸਿੱਧ ਹੀ ਮੌਜੂਦ ਹੋ ਸਕਦੀਆਂ ਹਨ। ਕੀ ਗੁਰੂ ਦਾ ਕੋਈ ਸਿੱਖ ਵੀ ਇਤਨੀ ਉੱਚੀ ਅਵਸਥਾ 'ਤੇ ਪਹੁੰਚ ਸਕਦਾ ਹੈ ਜੋ ਇਸ ਸ਼ਬਦ 'ਤੇ ਅਮਲ ਕਰਦਾ ਹੋਏ? ਇਹ ਵਿਚਾਰ ਉਨ੍ਹਾਂ ਨੇ ਆਪਣੇ ਬੇਟੇ, ਜਗਤ ਗੁਰੂ ਅੱਗੇ ਰੱਖਿਆ। ਗੁਰੂ ਸਾਹਿਬ ਨੇ ਕਿਹਾ ਕਿ ਕੱਲ੍ਹ ਹੀ ਤੁਹਾਨੂੰ ਐਸਾ ਸਿੱਖ ਦਿਖਾ ਦਿਆਂਗੇ। ਅਗਲੇ ਹੀ ਦਿਨ ਗੁਰੂ ਸਾਹਿਬ ਨੇ ਬਾਬਾ ਗੁਰਬਖਸ਼ ਸਿੰਘ ਜੀ (ਭਾਈ ਰਾਮ ਕੁੰਵਰ ਜੀ) ਨੂੰ, ਜੋ ਬਾਬਾ ਬੁੱਢਾ ਜੀ ਦੀ ਵੰਸ ਵਿੱਚੋਂ ਸਨ, ਮਾਤਾ ਜੀ ਪਾਸ ਭੇਜਿਆ। ਬਾਬਾ ਗੁਰਬਖਸ਼ ਸਿੰਘ ਜੀ ਨੇ ਜਦੋਂ ਜਾ ਕੇ ਮਾਤਾ ਜੀ ਦੇ ਚਰਨਾਂ 'ਤੇ ਮੱਥਾ ਟੇਕਿਆ ਤਾਂ ਮਾਤਾ ਜੀ ਵੀ ਗੁਰੂ-ਘਰ ਦੇ ਵਰੋਸਾਏ ਹੋਏ, ਸਿੱਖ ਦੇ ਦਰਸ਼ਨ ਕਰ ਕੇ ਬਹੁਤ ਖੁਸ਼ ਹੋਏ ਅਤੇ ਪ੍ਰਸ਼ਾਦਿ-ਪਾਣੀ ਦੀ ਸੇਵਾ ਵੀ ਕੀਤੀ। ਦਿਲ ਵਿਚ ਕੋਈ ਵਿਚਾਰ ਨਹੀਂ ਆਇਆ ਕਿ ਮੈਂ ਜਗਤ- ਗੁਰੂ ਦੀ ਮਾਤਾ ਜੋ ਕਿ ਇਕ ਸਿੱਖ ਦੀ ਸੇਵਾ ਕਰ ਰਹੀ ਹਾਂ। ਉਹ ਤਾਂ ਸਮਝਦੇ ਸਨ ਕਿ ਅੱਜ ਇਕ ਸੰਤ-ਗੁਰਸਿੱਖ ਦੀ ਸੇਵਾ ਕਰ ਕੇ ਮੇਰਾ ਜਨਮ ਸਫਲਾ ਹੋ ਰਿਹਾ ਹੈ। ਇਹ ਸੀ ਮਾਤਾ ਗੁਜਰੀ ਜੀ ਦਾ ਕਮਾਲ ਦਾ ਜੀਵਨ।

**ਸ਼ਹੀਦੀ:** ਸਰਸਾ ਨਦੀ ਨੂੰ ਪਾਰ ਕਰਨ ਲੱਗਿਆਂ, ਗੁਰੂ-ਘਰ ਦਾ ਰਸੋਈਆ ਗੰਗੂ, ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਬਾਬਾ ਫਤਿਹ ਸਿੰਘ ਜੀ ਅਤੇ ਬਾਬਾ ਜ਼ੋਰਾਵਰ ਸਿੰਘ ਜੀ ਨੂੰ ਆਪਣੇ ਪਿੰਡ ਸਹੇੜੀ ਲੈ ਗਿਆ। ਸਹੇੜੀ ਸਰਹਿੰਦ ਤੋਂ ੧੧ ਮੀਲ ਉੱਤਰ-ਪੂਰਬ ਵਾਲੇ ਪਾਸੇ ਹੈ। ਗੰਗੂ ਸਿਦਕ ਤੋਂ ਡੋਲ ਕੇ ਬੇਵਫਾ ਹੋ ਗਿਆ। ਉਸ ਨੇ ਇਨਾਮ ਦੇ ਲਾਲਚ ਵਿਚ ਆ ਕੇ ਇਨ੍ਹਾਂ ਨੂੰ ਗ੍ਰਿਫ਼ਤਾਰ ਕਰਵਾ ਦਿੱਤਾ।

ਇਸ ਤਰ੍ਹਾਂ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਸਰਹਿੰਦ ਲਿਜਾਏ ਗਏ। ਸਰਹਿੰਦ ਦਾ ਨਵਾਬ ਵਜ਼ੀਰ ਖਾਂ ਸੀ। ਉਸ ਦੇ ਹੁਕਮ ਨਾਲ ਇਕ ਬੁਰਜ ਵਿਚ ਕੈਦ ਕਰ ਦਿੱਤਾ ਗਿਆ। ਕੈਦ ਵਿਚ ਮਾਤਾ ਗੁਜਰੀ ਜੀ ਨੇ ਆਪਣੇ ਪੋਤਰਿਆਂ ਨੂੰ ਸਿੱਖਿਆ ਦਿੰਦੇ ਹੋਏ ਕਿਹਾ ਕਿ ਤੁਸੀਂ ਆਪਣੇ ਦਾਦਾ ਦੀ ਤਰ੍ਹਾਂ ਸ਼ਹੀਦ ਹੋਣਾ। ਧਰਮ ਨਹੀਂ ਹਾਰਨਾ।

ਵੈਰੀ ਤੁਹਾਨੂੰ ਧਰਮ ਤੋਂ ਡੇਗਣ ਦੀ ਬੜੀ ਕੋਸ਼ਿਸ਼ ਕਰਨਗੇ, ਪਰ ਤੁਸੀਂ ਕਿਸੇ ਡਰਾਵੇ ਜਾਂ ਲਾਲਚ ਵਿਚ ਨਹੀਂ ਆਉਣਾ। ਫਿਰ ਤੁਸੀਂ ਆਪਣੇ ਬਹਾਦਰ ਪਿਤਾ, ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪੁੱਤਰ ਹੋ। ਧਿਆਨ ਰੱਖਣਾ ਕਿ ਉਨ੍ਹਾਂ ਦੇ ਨਾਂ ਨੂੰ ਵੱਟਾ ਨਾ ਲੱਗੇ।

ਹੁਣ ਵਜ਼ੀਰ ਖਾਂ ਦੇ ਜ਼ੁਲਮ ਸ਼ੁਰੂ ਹੋਏ। ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਕਈ ਤਸੀਹੇ ਦਿੱਤੇ ਗਏ। ਭੁੱਖਿਆਂ ਤੇ ਪਿਆਸਿਆਂ ਰੱਖਿਆ ਗਿਆ। ਸਾਹਿਬਜ਼ਾਦਿਆਂ ਨੂੰ ਆਪਣੀ ਦਾਦੀ ਨਾਲੋਂ ਵਿਛੋੜ ਦਿੱਤਾ ਗਿਆ। ਮਾਤਾ ਗੁਜਰੀ ਜੀ ਨੇ ਉਸ ਸਮੇਂ ਜਿਸ ਤਰ੍ਹਾਂ ਸਿਦਕ ਤੇ ਭਰੋਸਾ ਨਿਭਾਇਆ, ਉਸ ਨੂੰ ਦੇਖਦੇ ਹੋਏ ਭਾਈ ਵੀਰ ਸਿੰਘ ਨੇ ਕਿਹਾ ਹੈ "ਆਹ! ਪਿਆਰੀ ਮਾਤਾ! ਤੂੰ ਕੀਹ ਕੀਹ ਨਾ ਸਾਡੇ ਪਾਪੀਆਂ ਲਈ ਸਹਾਰਿਆ। ਤੇਰੀ ਗੋਦ ਵਿਚ ਖੇਡਦੇ ਲਾਲ ਭੀ ਪ੍ਰਾਹੁਣੇ ਹਨ, ਤੇ ਤੈਂ ਆਪ ਭੀ ਜਾਨ ਤਲੀ 'ਪੁਰ ਧਰੀ ਹੋਈ ਹੈ। ਸਾਰੀਆਂ ਬਲੀਆਂ ਦੇਸ਼ ਦੇ ਛੁਟਕਾਰੇ ਲਈ ਹਨ।" (ਸ੍ਰੀ ਕਲਗੀਧਰ ਚਮਤਕਾਰ-ਦੂਜਾ ਅੱਧ, ਪੰਨਾ ੧੧੨)

ਛੋਟੇ ਸਾਹਿਬਜ਼ਾਦੇ ਧਰਮ ਵਿਚ ਪੱਕੇ ਰਹੇ। ਉਨ੍ਹਾਂ ਨੂੰ ਜੀਉਂਦੇ ਨੀਹਾਂ ਵਿਚ ਚਿਣ ਕੇ ਸ਼ਹੀਦ ਕਰ ਦਿੱਤਾ ਗਿਆ। ਉਧਰ ਦੂਜੇ ਪਾਸੇ ਮਾਤਾ ਗੁਜਰੀ ਜੀ ਵੀ ਠੰਡੇ ਬੁਰਜ ਵਿਚ ਸ਼ਹੀਦੀ ਪਾ ਗਏ।

ਦੀਵਾਨ ਟੋਡਰ ਮੱਲ ਗੁਰੂ-ਘਰ ਦਾ ਅਨਿੰਨ ਸਿੱਖ ਸੀ। ਉਸ ਨੇ ਨਵਾਬ ਵਜ਼ੀਰ ਖਾਂ ਨੂੰ ਬਹੁਤ ਸਾਰਾ ਧਨ ਦੇ ਕੇ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਲਈ ਥੋੜ੍ਹੀ ਜਿਹੀ ਥਾਂ ਲੈ ਲਈ ਅਤੇ ਇਨ੍ਹਾਂ ਦਾ ਸਸਕਾਰ ਕੀਤਾ। ਜਿੱਥੇ ਇਨ੍ਹਾਂ ਦਾ ਸਸਕਾਰ ਕੀਤਾ ਗਿਆ, ਉੱਥੇ ਅੱਜਕਲ੍ਹ ਗੁਰਦੁਆਰਾ 'ਜੋਤੀ ਸਰੂਪ' ਸੁਸ਼ੋਭਿਤ ਹੈ।

■

## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕ ਵੀਰਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ।

**-ਸੰਪਾਦਕ**

# ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ

*-ਸ. ਜਸਬੀਰ ਸਿੰਘ 'ਤੇਗ'**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪਾਸੇ ਗੁਰਦੁਆਰਾ ਸ਼ਹੀਦ ਗੰਜ: ਬਾਬਾ ਗੁਰਬਖ਼ਸ਼ ਸਿੰਘ ਸੁਸ਼ੋਭਿਤ ਹੈ। ਬਾਬਾ ਜੀ ਦਾ ਜਨਮ ੧੬੮੮ ਈ: ਨੂੰ ਪਿਤਾ ਸ. ਦਸੌਂਧਾ ਸਿੰਘ, ਮਾਤਾ ਮਾਈ ਲੱਛਮੀ ਜੀ ਦੇ ਗ੍ਰਹਿ ਪਿੰਡ ਲੀਲ੍ਹ, ਖੇਮਕਰਨ ਵਿਖੇ ਹੋਇਆ। ਬਾਬਾ ਜੀ ੧੬੯੩ ਈ. ਵਿਚ ਸ੍ਰੀ ਅਨੰਦਪੁਰ ਸਾਹਿਬ ਚਲੇ ਗਏ। ਭਾਈ ਮਨੀ ਸਿੰਘ ਜੀ ਪਾਸੋਂ ਅੰਮ੍ਰਿਤ ਛਕਿਆ ਅਤੇ ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਮਿਸਲ ਵਿਚ ਸ਼ਾਮਲ ਹੋ ਗਏ। ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਉਪਰੰਤ ਆਪਣਾ ਜਥਾ ਬਣਾ ਲਿਆ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਰੱਖਿਆ ਤੇ ਸੇਵਾ ਸੰਭਾਲ ਖਾਤਰ ਇਥੇ ਟਿਕਾਣਾ ਰੱਖਿਆ।

ਦਸੰਬਰ ੧੭੬੪ ਈ. ਨੂੰ ਅਹਿਮਦ ਸ਼ਾਹ ਆਪਣੀ ੩੦,੦੦੦ ਫੌਜ ਲੈ ਕੇ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲਾਵਰ ਹੋ ਗਿਆ। ਇਧਰ ਬਾਬਾ ਗੁਰਬਖ਼ਸ਼ ਸਿੰਘ ਜੀ ਦੀ ਅਗਵਾਈ ਹੇਠ ਸਿਰਫ ਤੀਹ ਤਿਆਰ-ਬਰ-ਤਿਆਰ ਸਿੰਘ ਸਨ। ਸਿੰਘਾਂ ਮਤਾ ਕੀਤਾ ਕਿ ਅਹਿਮਦ ਸ਼ਾਹ ਦੀ ਫੌਜ ਦਾ ਟਾਕਰਾ ਕਰਕੇ ਸ਼ਹੀਦੀਆਂ ਪਾਈਆਂ ਜਾਣ। ਪੰਥ ਪ੍ਰਤੀ ਵਿਚਾਰਾਂ ਹੋਈਆਂ ਕਿ ਕਿਤਨਾ ਸਮਾਂ ਹੋਰ ਪੰਥ ਕੁਰਬਾਨੀਆਂ ਕਰਦਾ ਰਹੇਗਾ ਕਦੋਂ ਸਮਾਂ ਆਵੇਗਾ ਜਦੋਂ ਪੰਥ ਦਾ ਰਾਜ ਹੋਵੇਗਾ। ਸ੍ਰੀ ਗੁਰ ਪੰਥ ਪ੍ਰਕਾਸ਼ ਦਾ ਕਰਤਾ ਭਾਈ ਰਤਨ ਸਿੰਘ ਭੰਗੂ ਇਸ ਸਮੇਂ ਨੂੰ ਇਸ ਤਰ੍ਹਾਂ ਕਲਮ-ਬੰਦ ਕਰਦਾ ਹੈ:

**ਤਬ ਨਿਹੰਗ ਸਿੰਘ ਬਾਤ ਉਚਾਰੀ। ਹੈ ਕੋਊ ਸਿੰਘ ਇਸ ਪੰਥ ਮਝਾਰੀ।**
**ਲਾਇ ਸੀਸ ਕਰੈ ਦਰਗਹਿ ਪੁਕਾਰ। ਸੋ ਪੁਕਾਰ ਉਸ ਮੰਨੈ ਕਰਤਾਰ॥੨੩॥**

ਬਾਬਾ ਗੁਰਬਖ਼ਸ਼ ਸਿੰਘ ਜੀ ਦੀ ਇਹ ਵਿਚਾਰ ਸੁਣ ਕੇ ਸਿੰਘਾਂ ਸਮਾਂ ਵਿਚਾਰ ਕੇ ਬਾਬਾ ਜੀ ਨੂੰ ਕਿਹਾ, ਬਾਬਾ ਜੀ ਆਪ ਨਾਲੋਂ ਵੱਡਾ ਸਿੰਘ ਕਰਨੀ ਵਾਲਾ ਹੋਰ ਕਿਹੜਾ ਹੋ ਸਕਦਾ ਹੈ ਜਿਸ ਦੀ ਪੁਕਾਰ ਦਰਗਾਹ ਤੱਕ ਪੁੱਜੇ।

**ਸੋ ਸਿੰਘਨ ਸੁਨ ਐਸੇ ਕਹਯੋ। ਤੁਮ ਤੈ ਸਿਖ ਭਲੋ ਕੋ ਭਯੋ?**
**ਐਸੀ ਸ਼ਕਤਿ ਔਰ ਕਿਸ ਮਾਂਹਿ। ਪੁਜੈ ਪੁਕਾਰ ਜਿਸ ਸਚੀ ਦ੍ਰਗਾਹਿ॥੨੫॥**

ਸਿੰਘਾਂ ਅੰਦਰ ਸ਼ਹੀਦੀਆਂ ਦਾ ਚਾਅ ਠਾਠਾਂ ਮਾਰ ਰਿਹਾ ਸੀ। ਅੰਮ੍ਰਿਤ ਵੇਲੇ ਉੱਠ ਕੇ ਇਸ਼ਨਾਨ ਨਿਤਨੇਮ ਕਰਕੇ ਬਾਬਾ ਜੀ ਸਾਰੇ ਸਿੰਘਾਂ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਆ ਗਏ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕੀਤਾ ਗਿਆ। ਸਰਵਣ ਕਰਕੇ ਸਿੰਘਾਂ ਦੇ ਚਿਹਰੇ ਸੂਹੇ-ਲਾਲ ਹੋ ਗਏ। ਸਿੰਘ ਤਿਆਰ ਬਰ ਤਿਆਰ ਹੋ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਰਸ਼ਨੀ ਡਿਉਢੀ ਦੇ ਸਾਹਮਣੇ ਆ ਖਲੋਤੇ ਤੇ ਅਹਿਮਦਸ਼ਾਹ ਦੀ ਫੌਜ ਦਾ ਇੰਤਜ਼ਾਰ ਕਰਨ ਲਗੇ। ਅਹਿਮਦ ਸ਼ਾਹ ਸਮਝਦਾ ਸੀ ਕਿ ਮੇਰੇ ਆਉਣ ਦੀ ਖ਼ਬਰ ਸੁਣ ਕੇ ਸਿੰਘ ਜੰਗਲਾਂ ਵਿਚ ਜਾ ਲੁਕੇ ਹਨ, ਹੈਰਾਨ ਹੋਇਆ ਇਹ ਸਿੰਘ ਕਿਥੋਂ ਆ ਗਏ। ਸਿੰਘਾਂ ਨੇ ਜੈਕਾਰੇ ਛੱਡੇ ਤੇ ਬਾਜਾਂ ਵਾਂਗ ਫੌਜ 'ਤੇ ਟੁਟ ਪਏ ਵੇਖਦੇ-ਵੇਖਦੇ ਲੋਥਾਂ ਦੇ ਢੇਰ ਲੱਗ ਗਏ। ਹੌਲੀ-ਹੌਲੀ ਘਮਸਾਨ ਵੱਧਣ ਲੱਗਾ। ਸਿੰਘ ਸ਼ਹੀਦੀਆਂ ਪਾ ਰਹੇ ਸਨ ਦਿਨ ਦਾ ਪਹਿਲਾ ਪਹਿਰ ਬੀਤ ਗਿਆ। ਬਾਬਾ ਜੀ ਨੇ ਆਪਣੇ ਖੰਡੇ ਨਾਲ ਵੈਰੀ ਦੇ ਐਸੇ ਆਹੂ ਲਾਹੇ ਕਿ ਕਿਸੇ ਦੀ ਜ਼ੁਰਅਤ ਨਾ ਪਵੇ ਕਿ ਅਗੇ ਵੱਧ ਕੇ ਮੁਕਾਬਲਾ ਕਰ ਸਕੇ। ਬਾਬਾ ਜੀ ਸ਼ਹੀਦੀ ਲਈ ਤੱਤਪਰ ਸਨ ਅੱਜ ਬਾਬਾ ਜੀ ਨੇ ਸੰਜੋਅ ਵੀ ਨਾ ਪਹਿਨੀ, ਆਪਣੀ ਢਾਲ ਵੀ ਨਾ ਲਈ ਉਹ ਸਨਮੁਖ ਹੋ ਕੇ ਵੈਰੀ ਦੇ ਸ਼ਸਤਰਾਂ ਦਾ ਮੁਕਾਬਲਾ ਕਰ ਰਹੇ ਸਨ। ਦਿਨ ਦੇ ਦੂਜੇ ਪਹਿਰ ਤੱਕ ਵੈਰੀ ਨੂੰ ਹੌਂਸਲਾ ਨਾ ਪਵੇ ਕਿ ਬਾਬਾ ਜੀ ਦੇ ਸਨਮੁਖ ਹੋ ਸਕਣ। ਦੂਰੋਂ ਖਲੋ ਕੇ ਗੋਲੀਆਂ ਛੱਡਦੇ ਹਨ ਤੀਰਾਂ

**ਪਰੂਫ ਰੀਡਰ, ਗੋਲਡਨ ਆਫਸੈੱਟ ਪ੍ਰੈੱਸ, ਸ੍ਰੀ ਅੰਮ੍ਰਿਤਸਰ। (ਮੋ) ੯੮੮੮੬੪੭੨੨੫*

ਦੀ ਮਾਰ ਕਰਦੇ ਹਨ। ਬਾਬਾ ਜੀ ਦੇ ਸਰੀਰ ਨੂੰ ਤੀਰਾਂ ਤੇ ਗੋਲੀਆਂ ਨੇ ਚੀਰ ਕੇ ਰੱਖ ਦਿੱਤਾ, ਬੇ-ਸ਼ੁਮਾਰ ਜ਼ਖ਼ਮ ਹੋ ਗਏ ਹਨ:

**ਗੋਲੀ ਛਾਡੈਂ ਦੂਰ ਖੜ, ਔ ਧਰੀ ਤੀਰਨ ਕੀ ਮਾਰ।**
**ਸਿੰਘ ਗਏ ਚੀਰ ਸਰੀਰ ਕੋ, ਪਰੈ ਨ ਜ਼ਖ਼ਮ ਸੁਮਾਰ॥੭੩॥** *(ਪੰਥ ਪ੍ਰਕਾਸ਼)*

ਬਾਬਾ ਜੀ ਦੇ ਸਰੀਰ ਵਿੱਚੋਂ ਲਹੂ ਦੀਆਂ ਤਤੀਰੀਆਂ ਨਿਕਲ ਰਹੀਆਂ ਸਨ। ਜਦ ਬਹੁਤ ਸਾਰਾ ਲਹੂ ਸਰੀਰ 'ਚੋਂ ਵਹਿ ਗਿਆ, ਸਰੀਰ ਨਿਢਾਲ ਹੋਣ ਲੱਗਾ, ਫਿਰ ਬਾਬਾ ਜੀ ਦਰਸ਼ਨੀ ਡਿਊਢੀ ਦੇ ਸਾਹਮਣੇ ਗੋਡਿਆਂ ਭਾਰ ਹੋ ਕੇ ਗੁਰੂ ਪਾਤਸ਼ਾਹ ਦੇ ਸਨਮੁਖ ਹੱਥ ਜੋੜ ਕੇ ਬੇਨਤੀ ਕਰਨ ਲਗੇ:

**ਹਾਥ ਜੋੜ ਠਾਂਢੋ ਭਯੋ, ਲਾਇ ਚਰਨ ਸੁ ਗੁਰ ਕੋ ਧਯਾਨ।**
**ਗੁਰਬਖਸ਼ ਸਿੰਘ ਇਮ ਬਚ ਕਹਯੋ, ਤੂੰ ਆਪੈ ਜਾਣੀ ਜਾਣ॥੯੧॥**
**ਜੋ ਹਜੂਰ ਨਿਜ ਪੰਥ ਰਚਾਯਾ। ਅਬ ਤਿਸ ਨੈ ਹੈ ਬਹੁ ਦੁਖ ਪਾਯਾ।**
**ਕਾਬਲ ਤੇ ਜੋਊ ਕੁਤੋ ਮੰਗਾਯੋ। ਬੰਦੈ ਜਿਮ ਉਸ ਚਹੀਅਤ ਗਲਾਯੋ॥੯੨॥**

*(ਪੰਥ ਪ੍ਰਕਾਸ਼)*

ਬਾਬਾ ਜੀ ਨੇ ਗੁਰ ਚਰਨਾਂ ਵਿਚ ਅਰਦਾਸ ਕੀਤੀ ਕਿ, ਹੇ ਸੱਚੇ ਪਾਤਸ਼ਾਹ! ਤੇਰੇ ਸਾਜੇ ਹੋਏ ਪੰਥ ਨੇ ਬਹੁਤ ਦੁੱਖ ਸਹੇ ਹਨ, ਕਿਰਪਾ ਕਰੋ ਕਿ ਇਹ ਜੋ ਬੇਗਾਨੀ-ਧਰਤ ਕਾਬਲ ਵਲੋਂ ਹਮਲਾਵਰ (ਕੁੱਤੇ) ਆਉਂਦੇ ਹਨ ਇਹਨਾਂ ਦਾ ਰਾਹ ਸਦਾ ਲਈ ਬੰਦ ਹੋ ਜਾਵੇ ਤੇ ਤੇਰਾ ਪੰਥ ਚੜ੍ਹਦੀ ਕਲਾ ਵਿਚ ਹੋਵੇ ਪੰਜਾਬ ਦੀ ਰਾਜ-ਸੱਤਾ ਦਾ ਸੁੱਖ ਮਾਣੇ।

ਇਤਿਹਾਸ ਗਵਾਹ ਹੈ ਕਿ ਬਾਬਾ ਜੀ ਦੀ ਸ਼ਹੀਦੀ ਉਪਰੰਤ ਜਲਦ ਹੀ ਅਹਿਮਦ ਸ਼ਾਹ ਫੌਤ ਹੋ ਗਿਆ ਤੇ ਪੰਜਾਬ ਵਿਚ ਖ਼ਾਲਸੇ ਦੀ ਚੜ੍ਹਾਈ ਹੋ ਗਈ।

ਸੰਗਤਾਂ ਵਲੋਂ ਬੜੇ ਸ਼ਰਧਾ ਸਤਿਕਾਰ ਸਹਿਤ ੩ ਦਸੰਬਰ ਨੂੰ ਬਾਬਾ ਜੀ ਨਾਲ ਸਬੰਧਤ ਗੁਰਦੁਆਰਾ ਸ਼ਹੀਦ ਗੰਜ: ਬਾਬਾ ਗੁਰਬਖ਼ਸ਼ ਸਿੰਘ ਜੀ (ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪਾਸੇ) ਸ਼ਹੀਦੀ ਦਿਹਾੜਾ ਮਨਾਇਆ ਜਾਂਦਾ ਹੈ।

ਆਓ! ਪਰਿਵਾਰਾਂ ਸਮੇਤ ਬਾਬਾ ਜੀ ਦੇ ਸ਼ਹੀਦੀ ਦਿਹਾੜੇ 'ਤੇ ਉਨ੍ਹਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰੀਏ ਤੇ ਬਖ਼ਸ਼ਿਸ਼ਾਂ ਦੇ ਪਾਤਰ ਬਣੀਏ।

■

## ਅੰਮ੍ਰਿਤ ਸੰਚਾਰ

*ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।*

# ਭਗਤ ਧੰਨਾ ਜੀ

*-ਸ੍ਰੀ ਰਮੇਸ਼ ਬੱਗਾ ਚੋਹਲਾ**

ਭਗਤੀ ਲਹਿਰ ਨਾਲ ਜੁੜੇ ਭਗਤ ਆਪਣੀ ਭਗਤੀ-ਭਾਵਨਾ ਸਦਕਾ ਅਕਾਲ ਪੁਰਖ ਦੀ ਕਿਰਪਾ ਦੇ ਵਿਸ਼ੇਸ਼ ਪਾਤਰ ਰਹੇ ਹਨ। ਇਲਾਕਾਈ ਅਤੇ ਭਾਸ਼ਾਈ ਹੱਦ ਤੋਂ ਉਪਰ ਉੱਠ ਕੇ ਵਿਚਰਨ ਵਾਲੇ ਇਹ ਮਹਾਂਪੁਰਖ ਆਪਣੀ ਸਰਬ ਕਲਿਆਣਕਾਰੀ ਸੋਚ ਸਦਕਾ ਆਪਸੀ ਭਾਈਚਾਰੇ ਅਤੇ ਬਰਾਬਰਤਾ ਦੇ ਹਾਮੀ ਰਹੇ ਹਨ। ਅਥਾਹ ਸ਼ਰਧਾ ਅਤੇ ਦ੍ਰਿੜ੍ਹ ਇਰਾਦੇ ਦੇ ਮਾਲਕ ਇਨ੍ਹਾਂ ਭਗਤਾਂ ਨੇ ਆਪਣੀ ਰੂਹ ਨੂੰ ਰੱਬੀ ਰੰਗ ਵਿਚ ਰੰਗ ਕੇ ਅਜਿਹੇ ਵਡਮੁੱਲੇ ਅਤੇ ਪਵਿੱਤਰ ਬਚਨ ਉਚਾਰਣ ਕੀਤੇ ਹਨ ਜਿਨ੍ਹਾਂ ਨੂੰ ਪੜ੍ਹ-ਸੁਣ ਕੇ ਕੋਈ ਵੀ ਵਿਅਕਤੀ ਆਪਣੇ ਲੋਕ ਅਤੇ ਪ੍ਰਲੋਕ ਨੂੰ ਸੁਹੇਲਾ ਬਣਾ ਸਕਦਾ ਹੈ। ਸਮਾਜਿਕ ਅਤੇ ਸਭਿਆਚਾਰਕ ਵਖਰੇਵੇਂ ਦੇ ਬਾਵਜੂਦ ਇਨ੍ਹਾਂ ਭਗਤਾਂ ਦੀ ਟੇਕ ਹਮੇਸ਼ਾਂ ਇੱਕ ਅਕਾਲ ਪੁਰਖ ’ਤੇ ਰਹੀ ਹੈ। ਸੋਚ ਪੱਖੋਂ ਉੱਚੇ ਅਤੇ ਵਿਹਾਰ ਪੱਖੋਂ ਸੁੱਚੇ ਭਗਤਾਂ ਦੀ ਚਾਲ ਸੰਸਾਰੀਆਂ ਨਾਲੋਂ ਨਿਰਾਲੀ ਹੈ। ਤੀਸਰੇ ਪਾਤਸਾਹ ਸ੍ਰੀ ਗੁਰੂ ਅਮਰਦਾਸ ਜੀ ਆਪਣੀ ਪਾਵਨ ਬਾਣੀ ਅਨੰਦ ਸਾਹਿਬ ਦੀ ੧੪ਵੀਂ ਪਾਉੜੀ ਵਿਚ ਕਥਨ ਕਰਦੇ ਹਨ:

**ਭਗਤਾ ਕੀ ਚਾਲ ਨਿਰਾਲੀ॥**
**ਚਾਲਾ ਨਿਰਾਲੀ ਭਗਤਾਹ ਕੇਰੀ ਬਿਖਮ ਮਾਰਗਿ ਚਲਣਾ॥**
**ਲਬੁ ਲੋਭੁ ਅਹੰਕਾਰੁ ਤਜਿ ਤ੍ਰਿਸਨਾ ਬਹੁਤੁ ਨਾਹੀ ਬੋਲਣਾ॥**

*(ਪੰਨਾ ੯੧੮)*

ਆਪਣੇ ਪਿਆਰੇ ਭਗਤਾਂ ਦੀ ਬਾਂਹ ਪਰਮਾਤਮਾ ਆਪ ਫੜਦਾ ਹੈ। ਇਸ ਗੱਲ ਨੂੰ ਤਸਦੀਕ ਕਰਦੇ ਹੋਏ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਇੰਝ ਫੁਰਮਾਉਂਦੇ ਹਨ:

**ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ॥**

*(ਪੰਨਾ ੪੫੧)*

ਸਿਦਕਦਿਲੀ ਅਤੇ ਸਮਰਪਣ ਦੀ ਭਾਵਨਾ ਨਾਲ ਕੀਤੀ ਪ੍ਰੇਮਾ-ਭਗਤੀ ਜਦੋਂ ਆਪਣੀ ਸਿਖ਼ਰ ਛੋਹ ਜਾਂਦੀ ਹੈ ਤਾਂ ਉਸ ਵਕਤ ਪਰਮਾਤਮਾ ਵੀ ਆਪਣੇ ਭਗਤਾਂ ਦੀ ਪ੍ਰੇਮ ਭਾਵਨਾ ਵਿਚ ਬੱਝ ਜਾਂਦਾ ਹੈ। ਭਗਤ ਧੰਨਾ ਜੀ ਦੀ ਭਗਤੀ ਭਾਵਨਾ ਕਰਕੇ ਪ੍ਰਭੂ ਮਿਲਾਪ ਦਾ ਵੀ ਕੁਝ ਅਜਿਹਾ ਹੀ ਪ੍ਰਸੰਗ ਮਿਲਦਾ ਹੈ। ਭਗਤ ਧੰਨਾ ਜੀ ਨੇ ਆਪਣੇ ਭੋਲੇਪਨ ਅਤੇ ਦ੍ਰਿੜ੍ਹ ਵਿਸ਼ਵਾਸ ਨਾਲ ਉਸ ਨੂੰ ਆਪਣਾ ਸੱਜਣ ਬਣਾ ਲਿਆ ਸੀ।

ਭਗਤ ਧੰਨਾ ਜੀ ਦਾ ਜਨਮ ਰਾਜਸਥਾਨ ਦੇ ਟਾਂਕ ਇਲਾਕੇ ਦੇ ਪਿੰਡ ਧੁਆਨ ਵਿਖੇ ਹੋਇਆ। ਆਪ ਦਾ ਸ਼ੁਮਾਰ ਉਨ੍ਹਾਂ ਸਿਦਕਵਾਨਾਂ ਵਿਚ ਕੀਤਾ ਜਾਂਦਾ ਹੈ ਜਿਹੜੇ ਆਪਣਾ ਹੱਥ ਕਿਰਤ ਵੱਲ ਅਤੇ ਮਨ ਪਰਮਾਤਮਾ ਦੀ ਭਗਤੀ ਵੱਲ ਲਗਾਈ ਰੱਖਦੇ ਹਨ। ਇਸ ਲਗਨ ਸਦਕਾ ਉਨ੍ਹਾਂ ਨੇ ਉਸ ਪਰਮ ਪਿਤਾ ਪਰਮਾਤਮਾ ਨੂੰ ਪਾ ਲਿਆ।

ਭਗਤ ਧੰਨਾ ਜੀ ਨਾਲ ਜੁੜੇ ਸਾਖੀ-ਸਾਹਿਤ ਨੂੰ ਪੜ੍ਹਨ ਤੋਂ ਬਾਅਦ ਜਿਹੜੀਆਂ ਗੱਲਾਂ ਪ੍ਰਮੁੱਖ ਰੂਪ ਵਿਚ ਉੱਭਰ ਕੇ ਸਾਹਮਣੇ ਆਉਂਦੀਆਂ ਹਨ, ਉਨ੍ਹਾਂ ਦੇ ਅਨੁਸਾਰ ਬਚਪਨ ਸਮੇਂ ਤੋਂ ਧਾਰਮਿਕ ਰੁਚੀਆਂ ਰੱਖਣ ਰੱਖਦੇ ਸਨ ਅਤੇ ਆਪ ਦਾ ਜੀਵਨ ਬਹੁਤ ਹੀ ਸਾਦਾ ਅਤੇ ਸੰਘਰਸ਼ਮਈ ਸੀ। ਆਪ ਜੀ ਦੇ ਪ੍ਰਭੂ ਮਿਲਾਪ ਦਾ ਪ੍ਰਸੰਗ ਵੀ ਆਪ ਦੀ ਭੋਲੇ ਭਾਉ ਕੀਤੀ ਭਗਤੀ ਦੀ ਮਿਸਾਲ ਹੈ। ਭਾਈ ਗੁਰਦਾਸ ਜੀ ਨੇ ਆਪਣੀ ਦਸਵੀਂ ਵਾਰ ਦੀ ਤੇਰਵੀਂ ਪਾਉੜੀ ਵਿਚ ਇਸ ਦਾ ਜ਼ਿਕਰ ਇਸ ਤਰ੍ਹਾਂ ਕੀਤਾ ਹੈ:

**ਠਾਕੁਰ ਨੋ ਨ੍ਹਾਵਾਲਿਕੈ ਛਾਹਿ ਰੋਟੀ ਲੈ ਭੋਗੁ ਚੜ੍ਹਾਵੈ।**

**੧੩੪੮/੧੭/੧, ਗਲੀ ਨੰ: ੮ ਰਿਸ਼ੀ ਨਗਰ ਐਕਸਟੈਨਸ਼ਨ, ਲੁਧਿਆਣਾ। (ਮੋ) ੯੪੬੩੧-੩੨੭੧੯*

**ਹਥਿ ਜੋੜਿ ਮਿਨਤਾਂ ਕਰੈ ਪੈਰੀਂ ਪੈ ਪੈ ਬਹੁਤ ਮਨਾਵੈ।**
**ਹਉਂ ਭੀ ਮੁਹੁ ਨ ਜਠਾਲਸਾਂ ਤੂ ਰੁਠਾ ਮੈ ਕਿਹੁ ਨ ਸੁਖਾਵੈ।**
**ਗੋਸਾਈ ਪਰਤਖਿ ਹੋਇ ਰੋਟੀ ਖਾਇ ਛਾਹਿ ਮੁਹਿ ਲਾਵੈ।**
**ਭੋਲਾ ਭਾਉ ਗੋਬਿੰਦੁ ਮਿਲਾਵੈ।**

ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਬਸੰਤ ਰਾਗ ਦੇ ਇੱਕ ਸ਼ਬਦ ਵਿਚ ਜਿਥੇ ਹੋਰ ਬਹੁਤ ਸਾਰੇ ਭਗਤਾਂ ਦੀ ਕਰੜੀ ਕਮਾਈ ਦਾ ਜ਼ਿਕਰ ਕਰਦੇ ਹਨ ਓਥੇ ਭਗਤ ਧੰਨਾ ਜੀ ਨੂੰ 'ਧੰਨਾ ਸੇਵਿਆ ਬਾਲ ਬੁਧਿ' ਕਹਿ ਕੇ ਉਨ੍ਹਾਂ ਦੇ ਪ੍ਰਭੂ-ਮਿਲਾਪ ਦਾ ਹਵਾਲਾ ਵੀ ਦਿੰਦੇ ਹਨ। ਗੁਰੂ ਗ੍ਰੰਥ ਸਾਹਿਬ ਵਿਚ ਸੁਸ਼ੋਭਿਤ ਆਪਣੇ ਇਕ ਹੋਰ ਪਾਵਨ ਸ਼ਬਦ ਦੀਆਂ ਅੰਤਲੀਆਂ ਪੰਕਤੀਆਂ ਵਿਚ ਪੰਚਮ ਪਾਤਸ਼ਾਹ ਜੀ ਫ਼ੁਰਮਾਉਂਦੇ ਹਨ:

**ਇਹ ਬਿਧਿ ਸੁਨਿ ਕੈ ਜਾਟਰੋ ਉਠਿ ਭਗਤੀ ਲਾਗਾ॥**
**ਮਿਲੇ ਪ੍ਰਤਖਿ ਗੁਸਾਈਆ ਧੰਨਾ ਵਡਭਾਗਾ॥**

*(ਪੰਨਾ ੪੮੮)*

ਸ੍ਰੀ ਗੁਰੂ ਅਰਜਨ ਦੇਵ ਜੀ ਇਨ੍ਹਾਂ ਪਾਵਨ ਪੰਕਤੀਆਂ ਰਾਹੀਂ ਇਹ ਸੰਕੇਤ ਦੇ ਰਹੇ ਹਨ ਕਿ ਭਗਤ ਧੰਨਾ ਜੀ ਨੇ ਇਸ ਗੱਲ ਨੂੰ ਭਲੀ-ਭਾਂਤ ਸਮਝ ਲਿਆ ਸੀ ਕਿ ਪਰਮਾਤਮਾ ਨੂੰ ਹਿਰਦੇ ਵਿਚ ਵਸਾਉਣ ਨਾਲ ਜਿਥੇ ਉਸ ਤੋਂ ਪੂਰਵਕਾਲੀ ਭਗਤਾਂ ਨੇ ਰੱਬੀ ਪਿਆਰ ਨੂੰ ਹਾਸਲ ਕਰ ਲਿਆ ਸੀ ਤਾਂ ਭਗਤੀ ਦੀ ਇਹ ਵਿਧੀ ਉਸ ਨੂੰ ਵੀ ਪਰਮੇਸ਼ਰ ਤੱਕ ਪਹੁੰਚਾ ਸਕਦੀ ਹੈ। ਉਸ ਦੀ ਇਸ ਸਮਰਪਣ ਦੀ ਭਾਵਨਾ ਵਾਲੀ ਭਗਤੀ ਨੇ ਉਸ ਨੂੰ ਸਾਖਿਆਤ ਰੂਪ ਵਿਚ ਪ੍ਰਭੂ ਦੇ ਦਰਸ਼ਨ-ਦੀਦਾਰੇ ਕਰਵਾ ਦਿੱਤੇ ਸਨ।

ਭਗਤ ਧੰਨਾ ਜੀ ਦੀ ਧੰਨਤਾ ਇਸ ਗੱਲ ਵਿਚ ਵੀ ਹੈ ਕਿ ਜਿਥੇ ਕੁਝ ਧਾਰਮਿਕ ਰਹਿਬਰ ਇਸਤਰੀ ਨੂੰ ਭਗਤੀ-ਮਾਰਗ ਲਈ ਬਾਧਾ ਮਹਿਸੂਸਦੇ ਹਨ ਉੱਥੇ ਉਹ ਧੜੱਲੇ ਨਾਲ ਆਖ ਰਹੇ:

**ਘਰ ਕੀ ਗੀਹਨਿ ਚੰਗੀ॥ ਜਨੁ ਧੰਨਾ ਲੇਵੈ ਮੰਗੀ॥**

*(ਪੰਨਾ ੬੯੫)*

ਇਸਤਰੀ ਸ਼੍ਰੇਣੀ ਪ੍ਰਤੀ ਅਜਿਹੀ ਸਤਿਕਾਰਤ ਤੇ ਨੇਕ ਸੋਚ ਰੱਖਣ ਵਾਲੇ ਭਗਤ ਧੰਨਾ ਜੀ ਦਾ ਰੱਜਵਾਂ ਅਤੇ ਫਬਵਾਂ ਸਤਿਕਾਰ ਕਰਦਿਆਂ ਹੀ ਬਾਣੀ ਕੇ ਬੋਹਿਥ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਜਦੋਂ ਇਲਾਹੀ ਬਚਨਾਂ ਦਾ ਉਚਾਰਣ ਕਰਨ ਵਾਲੇ ਛੇ ਗੁਰੂ ਸਾਹਿਬਾਨ, ਗਿਆਰਾਂ ਭੱਟਾਂ, ਗੁਰੂ ਦੇ ਨਿਕਵਰਤੀਆਂ ਅਤੇ ਪੰਦਰਾਂ ਭਗਤਾਂ ਦੀ ਬਾਣੀ ਨੂੰ ਇਕ (ਆਦਿ ਸ੍ਰੀ ਗ੍ਰੰਥ ਸਾਹਿਬ ਦੇ ਰੂਪ ਵਿਚ) ਲੜੀ ਵਿਚ ਪਰੋਇਆ ਸੀ ਤਾਂ ਉਸ ਵਿਚ ਭਗਤ ਧੰਨਾ ਜੀ ਦੀ ਬਾਣੀ ਵੀ ਸ਼ਾਮਿਲ ਕਰ ਲਈ ਸੀ।

ਭਗਤ ਧੰਨਾ ਜੀ ਦੀ ਭਗਤੀ-ਭਾਵਨਾ ਜਿਥੇ ਪਖੰਡਵਾਦ ਤੋਂ ਨਿਰਲੇਪ ਹੈ ਉੱਥੇ ਸੱਚੀ ਤੇ ਸੁੱਚੀ ਕਿਰਤ ਕਰਦਿਆਂ ਕਰਤਾਰ ਨਾਲ ਜੁੜਨ ਦੀ ਇੱਕ ਅਤਿ ਉੱਤਮ ਮਿਸਾਲ ਵੀ ਹੈ।

■

ਅੰਮ੍ਰਿਤ ਛਕੋ, ਸਿੰਘ ਸਜੋ

ਖ਼ਬਰਨਾਮਾ

# ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਪੰਜਾਬ ਦੇ ਪਾਣੀਆਂ ਲਈ ਰਾਸ਼ਟਰਪਤੀ ਤੋਂ ਇਨਸਾਫ ਦੀ ਮੰਗ ਕੀਤੀ- ਪ੍ਰੋ. ਕਿਰਪਾਲ ਸਿੰਘ ਬਡੂੰਗਰ

## ਵਾਤਾਵਰਨ ਦੀ ਸ਼ੁੱਧਤਾ ਲਈ ਲਹਿਰ ਚਲਾਈ ਜਾਵੇਗੀ ਸਰਾਵਾਂ ਆਨਲਾਈਨ ਹੋਣਗੀਆਂ ਤੇ ਨਾਮਣਾ ਖੱਟਣ ਵਾਲੇ ਸਿੱਖ ਸਨਮਾਨਿਤ ਹੋਣਗੇ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਹੇਠ ਅੰਤ੍ਰਿੰਗ ਕਮੇਟੀ ਦੀ ਪਲੇਠੀ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਇਕੱਤਰਤਾ ਘਰ, ਪ੍ਰਬੰਧਕੀ ਬਲਾਕ ਵਿਖੇ ਹੋਈ, ਜਿਸ ਦੀ ਸ਼ੁਰੂਆਤ ਮੂਲ ਮੰਤਰ ਦੇ ਜਾਪ ਉਪਰੰਤ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਅਰਦਾਸ ਨਾਲ ਹੋਈ। ਇਸ ਉਪਰੰਤ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅੱਜ ਦੀ ਇਕੱਤਰਤਾ ਵਿੱਚ ਸਮੁੱਚੀ ਅੰਤ੍ਰਿੰਗ ਕਮੇਟੀ ਮੈਂਬਰਾਂ ਵੱਲੋਂ ਸਰਵਸੰਮਤੀ ਨਾਲ ੧੪ ਮਹੱਤਵਪੂਰਨ ਮਤਿਆਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਮਤਿਆਂ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵੱਖ-ਵੱਖ ਥਾਵਾਂ 'ਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ, ਗੁਟਕੇ ਅਤੇ ਪੋਥੀਆਂ ਦੀ ਹੋਈ ਬੇਅਦਬੀ ਦੀਆਂ ਹਿਰਦੇਵੇਦਕ ਮੰਦਭਾਗੀਆਂ ਘਟਨਾਵਾਂ ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕਰਦੇ ਹੋਏ ਹਿਰਦੇ ਤੋਂ ਡੂੰਘੀ ਪੀੜਾ ਮਹਿਸੂਸ ਕੀਤੀ ਗਈ ਅਤੇ ਇਸ ਸਬੰਧੀ ਫੈਸਲਾ ਕੀਤਾ ਗਿਆ ਹੈ ਕਿ ਮੈਂਬਰ ਸ਼੍ਰੋਮਣੀ ਕਮੇਟੀ ਆਪਣੇ ਹਲਕੇ ਵਿਚਲਿਆਂ ਪਿੰਡਾਂ ਤੇ ਸ਼ਹਿਰਾਂ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸਭਾ-ਸੁਸਾਇਟੀਆਂ ਦੇ ਪ੍ਰਬੰਧਕਾਂ ਨੂੰ ਨਾਲ ਲੈ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ, ਗੁਰਦੁਆਰਾ ਸਾਹਿਬਾਨ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਪ੍ਰਬੰਧ ਕਰਨ ਦਾ ਉਪਰਾਲਾ ਕਰਨਗੇ। ਇਹ ਫੈਸਲਾ ਵੀ ਕੀਤਾ ਗਿਆ ਹੈ ਕਿ ਸਮੂਹ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਵਿਚਲੇ ਗੁਰਦੁਆਰਾ ਸਾਹਿਬਾਨ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦਾ ਮੁਕੰਮਲ ਵੇਰਵਾ ਤਿਆਰ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਵਾਤਾਵਰਣ ਦੀ ਸ਼ੁੱਧਤਾ ਲਈ ਬਾਬਾ ਸੇਵਾ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲੇ, ਬਾਬਾ ਬਲਬੀਰ ਸਿੰਘ ਸੀਚੇਵਾਲ ਅਤੇ ਹੋਰ ਵਾਤਾਵਰਣ ਪ੍ਰੇਮੀਆਂ ਨੂੰ ਨਾਲ ਲੈ ਕੇ ਵਾਤਾਵਰਣ ਦੇ ਸੁਧਾਰ ਲਈ ਲਹਿਰ ਚਲਾਈ ਜਾਵੇਗੀ। ਉਨ੍ਹਾਂ ਕਿਹਾ ਕਿ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਸਾਰੇ ਗੁਰਦੁਆਰਾ ਸਾਹਿਬਾਨ ਦੀਆਂ ਸਰਾਵਾਂ ਨੂੰ ਆਨਲਾਈਨ ਕੀਤਾ ਜਾਵੇਗਾ ਜਿਸ ਨਾਲ ਦੇਸ਼-ਵਿਦੇਸ਼ ਵਿੱਚ ਕਿਤੇ ਵੀ ਬੈਠਾ ਸ਼ਰਧਾਲੂ ਰਿਹਾਇਸ਼ ਲਈ ਕਮਰੇ ਬੁੱਕ ਕਰਵਾ ਸਕੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲਦੇ ਸਾਰੇ ਸਕੂਲਾਂ/ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ ਅਤੇ ਦੂਜੇ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਦੀ ਸਨਿਉਰਟੀ ਲਿਸਟ ਬਣਾਉਣ ਲਈ ਸਬ ਕਮੇਟੀ ਨੀਯਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਕ ਹੋਰ ਮਹੱਤਵਪੂਰਨ ਮਤੇ ਵਿੱਚ ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਵਿੱਚ ਅੰਮ੍ਰਿਤ ਸੰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਦੀ ਯੋਜਨਾ ਨੂੰ ਅੰਜਾਮ ਦਿੱਤਾ ਗਿਆ ਹੈ ਅਤੇ ਵੱਡੇ ਪੱਧਰ 'ਤੇ ਅੰਮ੍ਰਿਤ ਸੰਚਾਰ ਪ੍ਰੋਗਰਾਮ ਕਰਾਏ ਜਾਣਗੇ ਬਾਰੇ ਵੀ ਫੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਵਿੱਚ ਹਰੇਕ ਹਲਕੇ ਦੇ ਮੈਂਬਰ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲਦੇ ਸਕੂਲਾਂ/ਕਾਲਜਾਂ ਦੇ ਬੱਚਿਆਂ ਅੰਦਰ ਗੁਰਬਾਣੀ, ਗੁਰ-ਇਤਿਹਾਸ ਅਤੇ ਸਿੱਖ ਵਿਰਸੇ ਬਾਰੇ ਜਾਣਕਾਰੀ ਦੇਣ ਦੇ ਠੋਸ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ

ਮਕਸਦ ਲਈ ਹਰੇਕ ਸਕੂਲ ਵਿੱਚ ਧਾਰਮਿਕ ਅਧਿਆਪਕ ਨਿਯੁਕਤ ਕੀਤਾ ਜਾਵੇਗਾ। ਸਕੂਲਾਂ ਦੇ ਨਾਲ-ਨਾਲ ਕਾਲਜਾਂ ਅੰਦਰ ਵੀ ਸਵੇਰ ਦੀ ਅਸੈਂਬਲੀ ਆਰੰਭ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸਕੂਲਾਂ/ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ/ਸੈਮੀਨਾਰ ਕੀਤੇ ਜਾਣਗੇ ਤਾਂ ਕਿ ਵਿਦਿਆਰਥੀਆਂ ਨੂੰ ਦਸਮ ਪਿਤਾ ਦੇ ਜੀਵਨ, ਉਦੇਸ਼, ਕੁਰਬਾਨੀ ਅਤੇ ਫਲਸਫੇ ਤੋਂ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਦੇ ੩੫੦ ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਹਰੇਕ ਜ਼ਿਲ੍ਹਾ ਹੈਡ ਕੁਆਰਟਰ ਤੇ ਚੋਣਵੀਆਂ ਥਾਵਾਂ ਤੇ ਇਕ-ਇਕ ਗੁਰਮਤਿ ਸਮਾਗਮ ਕੀਤਾ ਜਾਵੇਗਾ ਜਿਸ ਵਿੱਚ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ, ਕਥਾਵਾਚਕ ਤੇ ਸਿੱਖ ਵਿਦਵਾਨ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ, ਉਪਦੇਸ਼ ਅਤੇ ਕੁਰਬਾਨੀਆਂ ਬਾਰੇ ਗਿਆਨ ਭਰਪੂਰ ਜਾਣਕਾਰੀ ਦੇਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਰੇਕ ਸਾਲ ਦੋ ਸਿੱਖ ਬੁੱਧੀਜੀਵੀਆਂ, ਰਾਸ਼ਟਰੀ/ਅੰਤਰਰਾਸ਼ਟਰੀ ਸਿੱਖ ਖਿਡਾਰੀਆਂ ਅਤੇ ਕਿਸੇ ਵੀ ਖੇਤਰ ਵਿੱਚ ਨਾਮਣਾ ਖੱਟਣ ਵਾਲੇ ਸਿੱਖ ਨੂੰ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਪਿਛਲੇ ਸਮੇਂ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਚਲਾਏ ਜਾਂਦੇ ਗੁਰਮਤਿ ਟ੍ਰੇਨਿੰਗ ਇੰਸਟੀਚਿਊਟ ਵਿੱਚ ਸ਼੍ਰੋਮਣੀ ਕਮੇਟੀ ਦੇ ਸੇਵਾਦਾਰ ਤੋਂ ਲੈ ਕੇ ਸਕੱਤਰ ਦੇ ਅਹੁਦੇ ਤੀਕ, ਗੁਰਬਾਣੀ ਕੀਰਤਨ ਕਰਨ ਵਾਲੇ ਸਮੂਹ ਰਾਗੀ ਸਿੰਘਾਂ, ਗ੍ਰੰਥੀ ਸਿੰਘਾਂ ਅਤੇ ਅਖੰਡ ਪਾਠੀ ਸਿੰਘਾਂ, ਕਥਾਵਾਚਕ ਅਤੇ ਪ੍ਰਚਾਰਕ ਸਿੰਘਾਂ, ਢਾਡੀ ਸਿੰਘਾਂ ਅਤੇ ਕਵੀਸ਼ਰ ਸਾਹਿਬਾਨ ਲਈ ਵਿਸ਼ੇਸ਼ ਗੁਰਮਤਿ ਸਿਖਲਾਈ ਕੈਂਪ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਵਿਚਲੇ ਗੁਰਧਾਮਾਂ ਜਿਨ੍ਹਾਂ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਅਧੀਨ ਨਹੀਂ ਉਨ੍ਹਾਂ ਦੇ ਗੁਰਧਾਮਾਂ ਦੇ ਪ੍ਰਬੰਧਕਾਂ, ਗ੍ਰੰਥੀ ਸਿੰਘਾਂ ਅਤੇ ਰਾਗੀ ਸਿੰਘਾਂ ਲਈ ਵੀ ਵਿਸ਼ੇਸ਼ ਗੁਰਮਤਿ ਸਿਖਲਾਈ ਕੈਂਪਾਂ ਦਾ ਆਯੋਜਨ ਕੀਤਾ ਜਾਵੇਗਾ।

ਪ੍ਰੋ. ਬਡੂੰਗਰ ਨੇ ਕਿਹਾ ਕਿ ਅੱਜ ਦੀ ਇਕੱਤਰਤਾ ਵਿੱਚ ਇਹ ਮਹਿਸੂਸ ਕੀਤਾ ਗਿਆ ਕਿ ਪੰਜਾਬ ਨਾਲ ਸ਼ੁਰੂ ਤੋਂ ਹੀ ਧੱਕੇ ਹੁੰਦੇ ਆਏ ਹਨ। ਪਹਿਲਾ ੧੯੪੭ ਦੀ ਵੰਡ ਸਮੇਂ ਪੰਜਾਬ ਦੇ ਬਹੁਤ ਸਾਰੇ ਪੰਜਾਬੀ ਬੋਲਦੇ ਇਲਾਕੇ ਅਤੇ ਸਿੱਖਾਂ ਦੇ ਪ੍ਰਾਣਾਂ ਤੋਂ ਪਿਆਰੇ ਗੁਰਧਾਮ ਵੱਖ ਕਰ ਦਿੱਤੇ ਗਏ। ਉਨ੍ਹਾਂ ਕਿਹਾ ਕਿ ਵੱਖ-ਵੱਖ ਸਮੇਂ ਪੰਜਾਬੀ ਸੂਬੇ ਦੀ ਵੰਡ ਦੌਰਾਨ ਬਹੁਤ ਸਾਰੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਤੋਂ ਬਾਹਰ ਰੱਖੇ ਗਏ। ਪੰਜਾਬ ਜੋ ਪੰਜ ਦਰਿਆਵਾਂ ਦੀ ਧਰਤੀ ਸੀ ਦੇ ਰਹਿੰਦੇ ਢਾਈ ਦਰਿਆਵਾਂ ਦੇ ਪਾਣੀ ਦੀ ਕੇਂਦਰੀ ਕਾਂਗਰਸ ਸਰਕਾਰ ਨੇ ਅੰਤਰ-ਰਾਸ਼ਟਰੀ ਨਿਰਧਾਰਤ ਨਿਯਮਾਂ ਦੀ ਉਲੰਘਣਾ ਕਰਕੇ ਗੁਆਂਢੀ ਸੂਬਿਆਂ ਨੂੰ ਦੇਣ ਦੇ ਦੁਖਦਾਈ ਤੇ ਘਾਤਕ ਫੈਸਲੇ ਕੀਤੇ, ਜਿਸ ਨਾਲ ਹਰੇਕ ਪੰਜਾਬੀ ਦੇ ਦਿਲ ਨੂੰ ਗਹਿਰੀ ਸੱਟ ਵੱਜੀ। ਜੇਕਰ ਪੰਜਾਬ ਦਾ ਪਾਣੀ ਖੋਹਿਆ ਗਿਆ ਤਾਂ ਕਿਰਸਾਨੀ ਬਰਬਾਦ ਹੋ ਜਾਵੇਗੀ, ਜਿਸ ਦਾ ਸਿੱਧਾ ਅਸਰ ਸਿੱਖਾਂ ਤੇ ਪਏਗਾ। ਉਨ੍ਹਾਂ ਕਿਹਾ ਕਿ ਅੱਜ ਦੀ ਇਕੱਤਰਤਾ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਦੇ ਮੱਦੇ-ਨਜ਼ਰ ਮਾਣਯੋਗ ਰਾਸ਼ਟਰਪਤੀ ਭਾਰਤ ਸਰਕਾਰ ਨੂੰ ਅਪੀਲ ਕਰਦੀ ਹੈ ਕਿ ਪੰਜਾਬ ਦੀ ਹੱਕੀ ਮੰਗ ਨੂੰ ਪ੍ਰਵਾਨ ਕਰਕੇ ਪੰਜਾਬ ਦੇ ਪਾਣੀਆਂ ਨੂੰ ਕਿਸੇ ਵੀ ਸੂਰਤ ਵਿਚ ਪੰਜਾਬ ਤੋਂ ਨਾ ਖੋਹਿਆ ਜਾਵੇ। ਅੰਤ੍ਰਿੰਗ ਕਮੇਟੀ ਨੇ ਮੰਗ ਕੀਤੀ ਹੈ ਕਿ ਪੰਜਾਬ ਦੇ ਪਾਣੀਆਂ ਲਈ ਸਿੱਧੇ ਰਾਇਪੇਰੀਅਨ ਕਾਨੂੰਨ ਅਧੀਨ ਟ੍ਰਿਬਿਊਨਲ ਦਾ ਗਠਨ ਕਰਕੇ ਇਸ ਦਾ ਯੋਗ ਫੈਸਲਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪਾਕਿਸਤਾਨ ਸਥਿਤ ਸ੍ਰੀ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਦੀਦਾਰਿਆਂ ਲਈ ਸੰਗਤੀ ਲਾਂਘੇ ਦੀ ਵੀ ਮੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਭਾਰਤ ਅਤੇ ਪਾਕਿਸਤਾਨ ਸਰਕਾਰ ਪਾਸੋਂ ਮੰਗ ਕੀਤੀ ਗਈ ਹੈ ਕਿ ਸੰਗਤਾਂ ਦੀਆਂ ਭਾਵਨਾਵਾਂ ਦੀ ਕਦਰ ਕਰਦਿਆਂ ਸ੍ਰੀ ਕਰਤਾਰਪੁਰ ਸਾਹਿਬ ਲਈ ਖੁੱਲ੍ਹਾ ਲਾਂਘਾ ਦਿੱਤਾ ਜਾਵੇ ਤਾਂ ਜੋ ਸੰਗਤਾਂ ਭਾਰਤੀ ਸਰਹੱਦ ਤੋਂ ਆਪਣੇ ਵਿਛੜੇ ਗੁਰਧਾਮ ਦੇ ਦਰਸ਼ਨ-ਦੀਦਾਰੇ ਕਰ ਸਕਣ।

ਇਕੱਤਰਤਾ ਵਿੱਚ ਸ.ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ, ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਕਮੇਟੀ ਮੈਂਬਰ ਸ.ਜੈਪਾਲ ਸਿੰਘ ਮੰਡੀਆਂ, ਸ.ਨਿਰਮਲ ਸਿੰਘ ਹਰਿਆਓ, ਸ.ਕੁਲਵੰਤ ਸਿੰਘ ਮੰਨਣ, ਸ.ਸਤਪਾਲ ਸਿੰਘ ਤਲਵੰਡੀ ਭਾਈ, ਸ.ਬਲਵਿੰਦਰ ਸਿੰਘ

ਵੇਈਂਪੂਈ, ਸ.ਗੁਰਮੇਲ ਸਿੰਘ ਸੰਗਤਪੁਰਾ, ਬੀਬੀ ਜੋਗਿੰਦਰ ਕੌਰ ਬਠਿੰਡਾ, ਭਾਈ ਰਾਮ ਸਿੰਘ ਅੰਮ੍ਰਿਤਸਰ, ਸ.ਗੁਰਚਰਨ ਸਿੰਘ ਗਰੇਵਾਲ, ਸ.ਸੁਰਜੀਤ ਸਿੰਘ ਭਿੱਟੇਵੱਡ ਤੇ ਸ.ਸੁਰਜੀਤ ਸਿੰਘ ਕਾਲਾਬੂਲਾ, ਸ. ਬਾਵਾ ਸਿੰਘ ਗੁਮਾਨਪੁਰਾ ਤੇ ਸ. ਹਰਜਾਪ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਹਰਭਜਨ ਸਿੰਘ ਮਨਾਵਾਂ, ਸ. ਰਣਜੀਤ ਸਿੰਘ, ਸ. ਬਿਜੈ ਸਿੰਘ ਤੇ ਸ. ਕੇਵਲ ਸਿੰਘ ਵਧੀਕ ਸਕੱਤਰ, ਸ. ਮਨਿੰਦਰ ਮੋਹਣ ਸਿੰਘ ਤੇ ਸ. ਬਲਕਾਰ ਸਿੰਘ ਜੌੜਾ ਇੰਚਾਰਜ, ਸ. ਗੁਰਨਾਮ ਸਿੰਘ ਸੁਪ੍ਰਿੰਟੈਂਡੈਂਟ ਆਦਿ ਮੌਜੂਦ ਸਨ। *੧੨ ਨਵੰਬਰ*

# ਵਿਦੇਸ਼ਾਂ ਵਿੱਚ ਸਿੱਖੀ ਨੂੰ ਪ੍ਰਫੁੱਲਤ ਕਰਨ ਤੇ ਸਿੱਖ ਮਸਲਿਆਂ ਦੇ ਹੱਲ ਲਈ ੩੧ ਮੈਂਬਰੀ ਸਲਾਹਕਾਰ ਕਮੇਟੀ ਬਣਾਈ ਜਾਵੇਗੀ- ਪ੍ਰੋ. ਕਿਰਪਾਲ ਸਿੰਘ ਬਡੂੰਗਰ

## ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਲਏ ਗਏ ਅਹਿਮ ਫੈਸਲੇ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਹੇਠ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਦੇ ਸ. ਬਲਦੇਵ ਸਿੰਘ ਮਾਹਿਲਪੁਰੀ ਯਾਦਗਾਰੀ ਹਾਲ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਹੋਈ। ਇਕੱਤਰਤਾ ਦੀ ਸ਼ੁਰੂਆਤ ਤੋਂ ਪਹਿਲਾ ਸਿੰਘ ਸਾਹਿਬ ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੇ ਕਾਰਜ ਨੇਪਰੇ ਚੜ੍ਹਣ ਦੀ ਅਰਦਾਸ ਕੀਤੀ।

ਇੱਕਤਰਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸਮੁੱਚੀ ਅੰਤ੍ਰਿੰਗ ਕਮੇਟੀ ਮੈਂਬਰਾਂ ਵੱਲੋਂ ੧੩ ਮਤਿਆਂ ਨੂੰ ਸਰਬ-ਸੰਮਤੀ ਨਾਲ ਪ੍ਰਵਾਨ ਕੀਤਾ ਗਿਆ ਹੈ। ਮਤਿਆਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਸਭ ਤੋਂ ਪਹਿਲਾ ਵਿਦੇਸ਼ਾਂ ਵਿੱਚ ਸਿੱਖੀ ਨੂੰ ਪ੍ਰਫੁੱਲਿਤ ਕਰਨ ਤੇ ਉਨ੍ਹਾਂ ਨੂੰ ਦਰਪੇਸ਼ ਮਸਲਿਆਂ ਦੇ ਹੱਲ ਲਈ ੩੧ ਮੈਂਬਰੀ ਸਲਾਹਕਾਰ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਵਿਦੇਸ਼ਾਂ ਵਿਚੋਂ ਸਿੱਖ ਸਖਸ਼ੀਅਤਾਂ ਨੂੰ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੂਰੇ ਭਾਰਤ ਵਰਸ਼ ਅੰਦਰ ਸਿੱਖੀ ਨੂੰ ਪ੍ਰਫੁੱਲਿਤ ਕਰਨ ਅਤੇ ਦੂਜੇ ਸੂਬਿਆਂ ਵਿੱਚ ਸਿੱਖ ਮਸਲਿਆਂ ਨੂੰ ਨਜਿੱਠਣ ਲਈ ਦੇਸ਼ ਭਰ ਦੇ ਹਰੇਕ ਰਾਜ ਵਿਚੋਂ ਇਕ-ਇਕ ਨੁਮਾਇੰਦਾ ਸ਼ਾਮਲ ਕਰਕੇ ੩੧ ਮੈਂਬਰੀ ਸਲਾਹਕਾਰ ਕੌਂਸਲ ਵੀ ਗਠਿਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਾਰਤ ਦੇਸ਼ ਵਿਚ ਕੁੱਲ ੨੭ ਸੂਬੇ ਨੇ ਜਿਨ੍ਹਾਂ ਸੂਬਿਆਂ ਵਿਚ ਸਿੱਖਾਂ ਦੀ ਬਹੁਗਿਣਤੀ ਹੈ ਉਨ੍ਹਾਂ ਵਿਚੋਂ ੨ ਨੁਮਾਇੰਦੇ ਵੀ ਲਏ ਜਾ ਸਕਦੇ ਨੇ ਤੇ ਘੱਟ ਗਿਣਤੀ ਸੂਬਿਆਂ ਵਿਚੋਂ ੧ ਨੁਮਾਇੰਦਾ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਆਉਂਦੇ ਸਕੂਲਾਂ ਤੇ ਕਾਲਜਾਂ ਵਿੱਚ ਪੜ੍ਹਦੇ ਅੰਮ੍ਰਿਤਧਾਰੀ ਬੱਚਿਆਂ ਦੀਆਂ ਟਿਊਸ਼ਨ ਫੀਸਾਂ ਮੁਆਫ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਹਿਬ-ਏ-ਕਮਾਲ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਆਰੰਭ ਹੋਈ ਜਾਗਰਿਤੀ ਯਾਤਰਾ ਦਾ ਪੰਜਾਬ ਅੰਦਰ ਭਰਵਾਂ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ, ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਪਰਦਾਵਾਂ ਨੂੰ ਨਾਲ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ੩੫੦ ਸਾਲਾ ਪ੍ਰਕਾਸ਼ ਪੁਰਬ ਮਨਾਉਣ ਸਬੰਧੀ ਅਗਲੇਰੇ ਪ੍ਰੋਗਰਾਮ ਉਲੀਕੇ ਜਾਣਗੇ। ਉਨ੍ਹਾਂ ਕਿਹਾ ਕਿ ਕੈਨੇਡਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਛਾਪਣ ਸਬੰਧੀ ਸਬ-ਕਮੇਟੀ ਬਣਾਈ ਗਈ ਹੈ ਜਿਸ ਵਿੱਚ ਸ. ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ ਨੂੰ ਸ਼ਾਮਲ ਕੀਤਾ ਗਿਆ

ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਜ਼ਿਲ੍ਹਾ ਭਿਵਾਨੀ ਵਿੱਚ ਕਲਰਕ ਦੀ ਭਰਤੀ ਦਾ ਪੇਪਰ ਦੇਣ ਗਏ ਯਮੁਨਾਨਗਰ ਦੇ ਪਿੰਡ ਫਰਕਪੁਰ ਦੇ ਰਹਿਣ ਵਾਲੇ ਸ. ਗੁਰਪ੍ਰੀਤ ਸਿੰਘ ਨੂੰ ਕੜਾ ਤੇ ਕਿਰਪਾਨ ਉਤਾਰਨ ਵਾਸਤੇ ਮਜ਼ਬੂਰ ਕਰਨ ਲਈ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ ਵੀ ੧ ਮਈ ੨੦੧੬ ਨੂੰ ਅੰਬਾਲਾ ਵਿੱਚ ਪਟਵਾਰੀ ਦਾ ਪੇਪਰ ਦੇਣ ਗਏ ਦੋ ਅੰਮ੍ਰਿਤਧਾਰੀ ਸਿੱਖ ਵਿਦਿਆਰਥੀਆਂ ਨੂੰ ਕਕਾਰ ਪਾਉਣ ਕਰਕੇ ਪ੍ਰੀਖਿਆ ਕੇਂਦਰ ਜਾਣ ਤੋਂ ਰੋਕਿਆ ਗਿਆ ਸੀ ਜੋ ਅਤਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਹਰਿਆਣਾ ਦੇ ਮੁੱਖ ਮੰਤਰੀ ਨੂੰ ਪੱਤਰ ਲਿਖ ਕੇ ਘਟਨਾ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਕਿਹਾ ਜਾਵੇਗਾ। ਉਨ੍ਹਾਂ ਕਿਹਾ ਕਿ ਸਭ ਧਰਮ ਸਤਿਕਾਰਯੋਗ ਹਨ ਇਸ ਲਈ ਕਿਸੇ ਵੀ ਧਰਮ ਨਾਲ ਸਬੰਧਿਤ ਵਿਅਕਤੀ ਦੇ ਧਾਰਮਿਕ ਚਿੰਨ੍ਹਾਂ ਜਾਂ ਮਰਯਾਦਾ ਨਾਲ ਖਿਲਵਾੜ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅੰਮ੍ਰਿਤਪਾਨ ਕਰਾਉਣ ਸਮੇਂ ਆਪਣੇ ਖਾਲਸੇ ਨੂੰ ਪੰਜ ਕਕਾਰਾਂ ਦਾ ਧਾਰਨੀ ਹੋਣ ਲਈ ਪ੍ਰੇਰਿਆ ਸੀ ਇਸ ਲਈ ਇਕ ਸਿੱਖ ਆਪਣੇ ਕਕਾਰਾਂ ਨੂੰ ਕਦੇ ਵੀ ਵੱਖ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਹਰ ਸਾਲ ੨੭ ਨਵੰਬਰ ਨੂੰ ਮਨਾਉਣ ਦਾ ਫੈਸਲਾ ਕੀਤਾ ਗਿਆ ਹੈ।

ਪ੍ਰੋ. ਬਡੂੰਗਰ ਨੇ ਹੋਰ ਦੱਸਿਆ ਕਿ ਅੰਤ੍ਰਿੰਗ ਕਮੇਟੀ ਮੈਂਬਰਾਂ ਨੇ ਇਹ ਵੀ ਮਤਾ ਪਾਸ ਕੀਤਾ ਕਿ ਜਿਸ ਦਿਨ ਭਾਈ ਜੈਤਾ ਜੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਲੈ ਕੇ ਆਏ ਸਨ ਉਸ ਦਿਨ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਸ੍ਰੀ ਅਨੰਦਪੁਰ ਸਾਹਿਬ ਜੀ ਦੀ ਪਾਵਨ ਧਰਤੀ ਤੇ ਸੁਸ਼ੋਭਿਤ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਵਰਗੀ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਸਾਬਕਾ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਉਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਰਾਜ ਵਿਖੇ ਲੋਹਗੜ੍ਹ ਜੋ ਸਿੱਖ ਰਾਜ ਦੀ ਰਾਜਧਾਨੀ ਸੀ ਅਤੇ ਜਿਥੇ ਬੈਠ ਕੇ ਕੌਮ ਦੇ ਪਹਿਲੇ ਬਾਦਸ਼ਾਹ ਬਾਬਾ ਬੰਦਾ ਸਿੰਘ ਬਹਾਦਰ ਨੇ ਸਿੱਖ ਰਾਜ ਦਾ ਸਿੱਕਾ ਜਾਰੀ ਕੀਤਾ ਉਸ ਜਗ੍ਹਾਂ ਦੀ ਵਿਲੱਖਣ ਯਾਦਗਾਰ ਕਾਇਮ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਉਣ ਵਾਲੀਆਂ ਸੰਗਤਾਂ ਦਾ ਮਾਰਗ ਦਰਸ਼ਨ ਕਰਨ ਲਈ ਬਣਾਏ ਗਏ ਸੂਚਨਾ ਕੇਂਦਰ ਨੂੰ ਹੋਰ ਚੁਸਤ ਦਰੁਸਤ ਕਰਨ ਲਈ ਕਾਬਲ ਵਿਅਕਤੀਆਂ ਦੀ ਯੋਗਤਾ ਅਨੁਸਾਰ ਚੋਣ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬਾਹਰਲੇ ਦੇਸ਼ਾਂ ਤੋਂ ਆਉਂਦੀਆਂ ਸੰਗਤਾਂ ਲਈ ਅਜਿਹੇ ਵਿਅਕਤੀਆਂ ਦੀ ਭਾਲ ਕੀਤੀ ਜਾਵੇਗੀ ਜੋ ਬਹੁ-ਭਾਸ਼ਾਈ ਹੋਣ ਤੇ ਜਿਨ੍ਹਾਂ ਨੂੰ ਸਿੱਖ ਇਤਿਹਾਸ ਦਾ ਪੂਰਾ ਗਿਆਨ ਹੋਵੇ। ਪੱਤਰਕਾਰਾਂ ਵੱਲੋਂ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਪ੍ਰੋ. ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਮਾਰਤਾਂ ਦੀ ਪੁਰਾਤਨਤਾ ਨੂੰ ਕਾਇਮ ਰੱਖਣ ਲਈ ਹਰ ਸੰਭਵ ਯਤਨ ਕਰੇਗੀ ਤੇ ਅਜੋਕੇ ਸਮੇਂ ਦੀ ਤਕਨਾਲੋਜੀ ਅਨੁਸਾਰ ਇਸ ਕਾਰਜ ਨੂੰ ਕਰਵਾਇਆ ਜਾਵੇਗਾ। ਇਕ ਹੋਰ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਖਾਲਸੇ ਦੀ ਜਨਮ ਭੂਮੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਗੁਰੂ ਮਰਿਯਾਦਾ ਅਨੁਸਾਰ ਸਵਾਗਤ ਕੀਤਾ ਜਾਵੇਗਾ ਤੇ ਘਰ ਆਏ ਮਹਿਮਾਨ ਅੱਗੇ ਕਿਸੇ ਕਿਸਮ ਦੀ ਕੋਈ ਮੰਗ ਨਹੀਂ ਰੱਖੀ ਜਾਵੇਗੀ।

ਇਕੱਤਰਤਾ ਵਿੱਚ ਹੋਏ ਫੈਸਲਿਆਂ ਬਾਰੇ ਪ੍ਰੋ. ਬਡੂੰਗਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਸ. ਹਰਮਿੰਦਰ ਸਿੰਘ ਕੋਹਲੀ ਵੱਲੋਂ ਪੁੱਜੀ ਮੰਗ ਦੇ ਆਧਾਰ ਪੁਰ ਉਸ ਦੇ ਲੜਕੇ ਸ. ਗੁਰਅਸੀਸ ਸਿੰਘ ਜੋ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਬੀ.ਟੈਕ ਭਾਗ ਤੀਜਾ ਦੀ ਪੜਾਈ ਕਰ ਰਿਹਾ ਹੈ ਨੂੰ ਫੀਸ ਵਜੋਂ ੨੦ ਹਜ਼ਾਰ ਰੁਪਏ ਸਹਾਇਤਾ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਬੀਬੀ ਬਲਜਿੰਦਰ ਕੌਰ ਵਾਸੀ ਪਿੰਡ ਕੰਵਰਪੁਰ ਤਹਿਸੀਲ ਰਾਜਪੁਰਾ ਜ਼ਿਲ੍ਹਾ ਪਟਿਆਲਾ ਨੂੰ ਪਰਿਵਾਰ ਦੀ ਹਾਲਤ ਮਾੜੀ ਹੋਣ ਕਾਰਨ ੫੦ ਹਜ਼ਾਰ ਰੁਪਏ ਸਹਾਇਤਾ ਦੇਣ ਨੂੰ ਪ੍ਰਵਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਮਿਸ਼ਨ ਸ਼ਾਹਪੁਰ ਅੰਬਾਲਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦਾ ਪ੍ਰਕਾਸ਼ ਹੋਣ ਕਾਰਨ ਸੁਰੱਖਿਆ ਨੂੰ ਮੁੱਖ ਰੱਖਦਿਆਂ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਗੋਬਿੰਦਗੜ੍ਹ ਸਾਹਿਬ ਪਾਤਸ਼ਾਹੀ ਛੇਵੀਂ ਤੇ

ਦਸਵੀਂ ਰਾਣਵਾਂ (ਫਤਹਿਗੜ੍ਹ ਸਾਹਿਬ) ਵਿਖੇ ਅਧੂਰੇ ਕਾਰਜ ਮੁਕੰਮਲ ਕਰਨ ਲਈ ਬਾਬਾ ਬਚਨ ਸਿੰਘ ਦਿੱਲੀ ਵਾਲਿਆਂ ਦੀ ਸੇਵਾ ਵਿੱਚ ੬ ਮਹੀਨੇ ਦਾ ਵਾਧਾ ਕੀਤਾ ਗਿਆ ਹੈ।

ਇਕੱਤਰਤਾ ਵਿੱਚ ਸ.ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ, ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਕਮੇਟੀ ਮੈਂਬਰ ਸ.ਜੈਪਾਲ ਸਿੰਘ ਮੰਡੀਆਂ, ਸ.ਨਿਰਮਲ ਸਿੰਘ ਹਰਿਆਓ, ਸ.ਕੁਲਵੰਤ ਸਿੰਘ ਮੰਨਣ, ਸ.ਸਤਪਾਲ ਸਿੰਘ ਤਲਵੰਡੀ ਭਾਈ, ਸ.ਬਲਵਿੰਦਰ ਸਿੰਘ ਵੇਈਂਪੂਈ, ਸ.ਗੁਰਮੇਲ ਸਿੰਘ ਸੰਗਤਪੁਰਾ, ਬੀਬੀ ਜੋਗਿੰਦਰ ਕੌਰ ਬਠਿੰਡਾ, ਭਾਈ ਰਾਮ ਸਿੰਘ ਅੰਮ੍ਰਿਤਸਰ, ਸ.ਗੁਰਚਰਨ ਸਿੰਘ ਗਰੇਵਾਲ, ਸ.ਸੁਰਜੀਤ ਸਿੰਘ ਭਿੱਟੇਵੱਡ ਤੇ ਸ.ਸੁਰਜੀਤ ਸਿੰਘ ਕਾਲਾਬੂਲਾ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਸ. ਹਰਭਜਨ ਸਿੰਘ ਮਨਾਵਾਂ, ਸ. ਰਣਜੀਤ ਸਿੰਘ ਤੇ ਸ. ਕੇਵਲ ਸਿੰਘ ਵਧੀਕ ਸਕੱਤਰ, ਸ.ਸਕੱਤਰ ਸਿੰਘ ਮੀਤ ਸਕੱਤਰ, ਸ.ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਮਨਿੰਦਰ ਮੋਹਨ ਸਿੰਘ, ਸ.ਬਲਕਾਰ ਸਿੰਘ ਇੰਚਾਰਜ, ਸ.ਮੁਖਤਾਰ ਸਿੰਘ ਮੈਨੇਜਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ.ਗੁਰਮੀਤ ਸਿੰਘ ਮੈਨੇਜਰ ਗੁਰਦੁਆਰਾ ਮਾਛੀਵਾੜਾ ਸਾਹਿਬ, ਸ.ਜਸਬੀਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਭੱਠਾ ਸਾਹਿਬ, ਸ.ਹਰਜਿੰਦਰ ਸਿੰਘ ਪੱਟੀ ਮੀਤ ਮੈਨੇਜਰ ਆਦਿ ਮੌਜੂਦ ਸਨ।

*੨੩ ਨਵੰਬਰ*

# ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਲਈ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਰਵਾਨਾ ਕੀਤਾ

ਅੰਮ੍ਰਿਤਸਰ– ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਜਨਮ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਮਨਾਉਣ ਲਈ ੧੨੪੯ ਸਿੱਖ ਸ਼ਰਧਾਲੂਆ ਦਾ ਜਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਥੇ ਦੇ ਮੁਖੀ ਸ. ਮੰਗਵਿੰਦਰ ਸਿੰਘ ਖਾਪੜਖੇੜੀ ਮੈਂਬਰ ਸ਼੍ਰੋਮਣੀ ਕਮੇਟੀ ਤੇ ਡਿਪਟੀ ਪਾਰਟੀ ਲੀਡਰ ਸ. ਸਰਵਨ ਸਿੰਘ ਕੁਲਾਰ ਕਪੂਰਥਲਾ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਹੇਠ ਰਵਾਨਾ ਹੋਇਆ। ਜਥੇ ਦੇ ਜਨਰਲ ਪ੍ਰਬੰਧਕ ਵਜੋਂ ਸ. ਵਰਿੰਦਰ ਸਿੰਘ ਸੁਪਰਵਾਈਜ਼ਰ ਧਰਮ ਪ੍ਰਚਾਰ ਕਮੇਟੀ ਗਏ ਹਨ। ਜਥੇ ਦੇ ਮੁਖੀ ਤੇ ਡਿਪਟੀ ਪਾਰਟੀ ਲੀਡਰ ਨੂੰ ਦਫਤਰ ਸ਼੍ਰੋਮਣੀ ਕਮੇਟੀ ਤੋਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਨੇ ਸਿਰੋਪਾਓ ਅਤੇ ਫੁੱਲਾਂ ਦੇ ਸਿਹਰੇ ਪਾ ਕੇ ਜੈਕਾਰਿਆਂ ਦੀ ਗੂੰਜ 'ਚ ਰਵਾਨਾ ਕੀਤਾ।

ਜਥਾ ਰਵਾਨਾ ਕਰਨ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਦੱਸਿਆ ਕਿ ਇਸ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼-ਪੁਰਬ ਮਨਾਉਣ ਲਈ ਪਾਕਿਸਤਾਨ ਜਾਣ ਵਾਲੇ ਜਥੇ ਦੇ ਕੁੱਲ ੧੩੫੫ ਯਾਤਰੂਆਂ ਦੀ ਸੂਚੀ ਕੇਂਦਰ ਅਤੇ ਪਾਕਿਸਤਾਨ ਸਫਾਰਤਖਾਨੇ ਨੂੰ ਵੀਜ਼ੇ ਜਾਰੀ ਕਰਨ ਲਈ ਭੇਜੀ ਗਈ ਸੀ ਜਿਸ ਵਿੱਚੋਂ ੧੦੬ ਯਾਤਰੂਆਂ ਦੇ ਨਾਮ ਕੇਂਦਰ ਸਰਕਾਰ ਅਤੇ ਪਾਕਿਸਤਾਨ ਸਫਾਰਤਖਾਨੇ ਵੱਲੋਂ ਬਿਨਾਂ ਕਾਰਨ ਦੱਸੇ ਕੱਟ ਦਿੱਤੇ ਗਏ ਹਨ। ਸ਼ਰਧਾਲੂਆਂ ਦੇ ਕੱਟੇ ਗਏ ਨਾਵਾਂ ਬਾਰੇ ਉਨ੍ਹਾਂ ਕਿਹਾ ਕਿ ਨਾਮ ਕੱਟਣ ਦੀ ਬਜਾਏ ਭਾਰਤ ਸਰਕਾਰ ਅਤੇ ਪਾਕਿਸਤਾਨ ਦੇ ਸਫਾਰਤਖਾਨੇ ਨੂੰ ਸਿਸਟਮ ਠੀਕ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਸਿੱਖਾਂ ਦੇ ਪਹਿਲੇ ਗੁਰੂ ਹੋਏ ਹਨ ਤੇ ਉਹਨਾਂ ਦਾ ਪ੍ਰਕਾਸ਼ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) 'ਚ ਹੋਣ ਕਰਕੇ ਸਿੱਖਾਂ ਦੀ ਭਾਵਨਾ ਸ੍ਰੀ ਨਨਕਾਣਾ ਸਾਹਿਬ ਨਾਲ ਜੁੜੀ ਹੋਈ ਹੈ ਤੇ ਜਦੋਂ ਕਿਸੇ ਯਾਤਰੂ ਦਾ ਨਾਮ ਬਿਨਾਂ ਵਜ੍ਹਾ ਕੱਟਿਆ ਜਾਂਦਾ ਹੈ ਤਾਂ ਉਸ ਦੇ ਮਨ ਨੂੰ ਭਾਰੀ ਠੇਸ ਪੁੱਜਦੀ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਨਾਲ ਸਿੱਖਾਂ ਵੱਲੋਂ ਬਹੁਤ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਕਰਤਾਰਪੁਰ ਲਾਂਘੇ ਦੀ ਮੰਗ ਬਾਰੇ ਵੀ ਗੱਲਬਾਤ ਕੀਤੀ ਜਾਵੇਗੀ।

ਇਸ ਮੌਕੇ ਭਾਈ ਰਾਮ ਸਿੰਘ, ਭਾਈ ਗੁਰਚਰਨ ਸਿੰਘ ਗਰੇਵਾਲ ਤੇ ਸ. ਗੁਰਮੇਲ ਸਿੰਘ ਸੰਗਤਪੁਰਾ ਅੰਤ੍ਰਿੰਗ ਕਮੇਟੀ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਸ. ਹਰਭਜਨ ਸਿੰਘ ਮਨਾਵਾਂ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਰਣਜੀਤ ਸਿੰਘ, ਸ. ਮਹਿੰਦਰ ਸਿੰਘ ਆਹਲੀ, ਸ. ਬਿਜੈ ਸਿੰਘ ਤੇ ਸ. ਪ੍ਰਤਾਪ ਸਿੰਘ ਵਧੀਕ ਸਕੱਤਰ, ਸ. ਸਕੱਤਰ ਸਿੰਘ, ਸ. ਜਗਜੀਤ ਸਿੰਘ, ਸ. ਮਹਿੰਦਰ ਸਿੰਘ, ਸ. ਬਲਵਿੰਦਰ ਸਿੰਘ, ਸ. ਤਰਵਿੰਦਰ ਸਿੰਘ, ਸ. ਹਰਿੰਦਰਪਾਲ ਸਿੰਘ ਤੇ ਸ. ਕੁਲਵਿੰਦਰ ਸਿੰਘ 'ਰਮਦਾਸ' ਮੀਤ ਸਕੱਤਰ, ਸ. ਗੁਰਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਹਰਜਿੰਦਰ ਸਿੰਘ ਤੇ ਸ. ਸੁਖਰਾਜ ਸਿੰਘ ਵਧੀਕ ਮੈਨੇਜਰ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਬਲਕਾਰ ਸਿੰਘ ਜੌੜਾ, ਸ. ਜਸਵਿੰਦਰ ਸਿੰਘ ਦੀਪ, ਸ. ਗੁਰਮੀਤ ਸਿੰਘ, ਸ. ਲਖਵਿੰਦਰ ਸਿੰਘ ਬਦੋਵਾਲ ਤੇ ਸ. ਕਰਮਬੀਰ ਸਿੰਘ ਇੰਚਾਰਜ ਅਤੇ ਸ਼੍ਰੋਮਣੀ ਕਮੇਟੀ ਕਰਮਚਾਰੀ ਵੀ ਹਾਜ਼ਰ ਸਨ। ੧੨ ਨਵੰਬਰ

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ

### ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਸਮੁੱਚੀ ਅੰਤ੍ਰਿੰਗ ਕਮੇਟੀ ਮੈਂਬਰਾਂ ਨੇ ਸ਼ਮੂਲੀਅਤ ਕੀਤੀ

ਅੰਮ੍ਰਿਤਸਰ- ਸਿੱਖ ਧਰਮ ਦੇ ਬਾਨੀ, ਮਨੁੱਖਤਾ ਦੇ ਰਹਿਬਰ, ਪਰਉਪਕਾਰੀ ਸਤਿਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ-ਕੀਰਤਨ ਆਯੋਜਿਤ ਕੀਤਾ ਗਿਆ। ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਚੌਰ ਸਾਹਿਬ ਦੀ ਸੇਵਾ ਨਿਭਾਅ ਰਹੇ ਸਨ। ਨਗਰ ਕੀਰਤਨ ਵਿੱਚ ਪ੍ਰੋ.ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੁੱਚੀ ਅੰਤ੍ਰਿੰਗ ਕਮੇਟੀ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਪਾਵਨ ਦਿਹਾੜੇ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸਾਹਿਬਾਨ ਤੇ ਮੈਨੇਜਰ ਸਾਹਿਬਾਨ, ਸਕੂਲਾਂ/ਕਾਲਜਾਂ ਦੇ ਵਿਦਿਆਰਥੀ, ਸਕੂਲੀ ਬੈਂਡ, ਸਿੰਘ ਸਭਾਵਾਂ, ਟਕਸਾਲਾਂ, ਧਾਰਮਿਕ ਸਭਾ-ਸੁਸਾਇਟੀਆਂ, ਨਿਹੰਗ ਸਿੰਘ ਜਥੇਬੰਦੀਆਂ, ਗਤਕਾ ਪਾਰਟੀਆਂ ਤੇ ਬੈਂਡ ਪਾਰਟੀਆਂ ਨੇ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਉਸ ਦੀ ਸ਼ੋਭਾ ਵਧਾਈ।

ਇਹ ਨਗਰ ਕੀਰਤਨ ਸ੍ਰੀ ਗੁਰੂ ਰਾਮਦਾਸ ਨਿਵਾਸ, ਬ੍ਰਹਮ ਬੂਟਾ ਮਾਰਕੀਟ, ਚੌਂਕ ਘੰਟਾ ਘਰ, ਬਜ਼ਾਰ ਮਾਈ ਸੇਵਾ, ਬਜ਼ਾਰ ਪਾਪੜਾਂ, ਬਜ਼ਾਰ ਬਾਸਾਂ ਵਾਲਾ, ਚੌਂਕ ਛੱਤੀ ਖੂਹੀ, ਚਾਵਲ ਮੰਡੀ, ਢਾਬ ਵਸਤੀ ਰਾਮ, ਚੌਂਕ ਲਛਮਣਸਰ, ਚੌਂਕ ਮੋਨੀ, ਚੌਂਕ ਕਰੋੜੀ, ਚੌਂਕ ਮੰਨਾ ਸਿੰਘ ਤੇ ਚੌਂਕ ਪਰਾਗਦਾਸ ਤੋਂ ਹੁੰਦਾ ਹੋਇਆ ਸ਼ਾਮ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਪਤ ਹੋਇਆ।

ਨਗਰ ਕੀਰਤਨ 'ਚ ਸ.ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ, ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਕਮੇਟੀ ਮੈਂਬਰ ਸ.ਜੈਪਾਲ ਸਿੰਘ ਮੰਡੀਆਂ, ਸ.ਨਿਰਮਲ ਸਿੰਘ ਹਰਿਆਓ, ਸ.ਕੁਲਵੰਤ ਸਿੰਘ ਮੰਨਣ, ਸ.ਸਤਪਾਲ ਸਿੰਘ ਤਲਵੰਡੀ ਭਾਈ, ਸ.ਬਲਵਿੰਦਰ ਸਿੰਘ ਵੇਈਂਪੁਈ, ਸ.ਗੁਰਮੇਲ ਸਿੰਘ ਸੰਗਤਪੁਰਾ, ਬੀਬੀ ਜੋਗਿੰਦਰ ਕੌਰ ਬਠਿੰਡਾ, ਭਾਈ ਰਾਮ ਸਿੰਘ ਅੰਮ੍ਰਿਤਸਰ, ਸ.ਗੁਰਚਰਨ ਸਿੰਘ ਗਰੇਵਾਲ, ਸ.ਸੁਰਜੀਤ ਸਿੰਘ ਭਿੱਟੇਵੱਡ ਤੇ ਸ.ਸੁਰਜੀਤ ਸਿੰਘ ਕਾਲਾਬੂਲਾ, ਸ. ਬਾਵਾ ਸਿੰਘ ਗੁਮਾਨਪੁਰਾ ਤੇ ਸ.

ਹਰਜਾਪ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਮਹਿੰਦਰ ਸਿੰਘ ਆਹਲੀ, ਸ. ਰਣਜੀਤ ਸਿੰਘ, ਸ. ਬਿਜੈ ਸਿੰਘ ਤੇ ਸ. ਕੇਵਲ ਸਿੰਘ ਵਧੀਕ ਸਕੱਤਰ, ਸ. ਰਣਬੀਰ ਸਿੰਘ ਪ੍ਰਧਾਨ ਸ੍ਰੀ ਗੁਰੂ ਨਾਨਕ ਗੁਰਪੁਰਬ ਕਮੇਟੀ ਅੰਮ੍ਰਿਤਸਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੁੱਚੇ ਸਟਾਫ਼ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਮਹਾਨ ਪਰਉਪਕਾਰੀ ਸਤਿਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਜਨਮ ਸਫ਼ਲਾ ਕਰਨ। *੧੨ ਨਵੰਬਰ*

# ਸ਼ਬਦ-ਗੁਰੂ ਦਾ ਨਿਆਰਾ ਸਿਧਾਂਤ ਰਹਿੰਦੀ ਦੁਨੀਆਂ ਤੀਕ ਹਮੇਸ਼ਾ ਸਾਰਥਿਕ ਰਹੇਗਾ- ਪ੍ਰੋ. ਬਡੂੰਗਰ

## ਗੁਰੂ ਨਾਨਕ ਪਾਤਸ਼ਾਹ ਦੇ ਪ੍ਰਕਾਸ਼ ਪੁਰਬ 'ਤੇ ਸੰਗਤਾਂ ਨੂੰ ਦਿੱਤੀ ਵਧਾਈ

ਅੰਮ੍ਰਿਤਸਰ- ਸਿੱਖ ਧਰਮ ਦੇ ਬਾਨੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੪੭ਵੇਂ ਪ੍ਰਕਾਸ਼ ਪੁਰਬ 'ਤੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਮੁੱਚੀ ਮਾਨਵਤਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਜੀ ਨੇ ਪੂਰਨ ਸੱਚ ਦਾ ਗਿਆਨ ਸੰਸਾਰ ਨੂੰ ਦਿੱਤਾ ਹੈ। ਉਨ੍ਹਾਂ ਦਾ ਗਿਆਨ ਸਾਰੀ ਮਨੁੱਖਤਾ ਦੇ ਭਲੇ ਲਈ ਮਹੱਤਵਪੂਰਨ ਅਤੇ ਕੀਮਤੀ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਜਿੰਨੀ ਉੱਚੀ-ਸੁੱਚੀ ਤੇ ਵਿਸ਼ਾਲ ਹੈ ਮਨੁੱਖ ਅਜੇ ਵੀ ਇਸ ਪੱਧਰ ਤਕ ਨਹੀਂ ਪਹੁੰਚ ਸਕਿਆ ਹੈ। ਅੱਜ ਦਾ ਮਨੁੱਖ ਵੀ ਪਰਮਾਤਮਾ ਦੇ ਨਿਰਾਕਾਰ ਰੂਪ ਨੂੰ ਨਾ ਤਾਂ ਅਪਣਾ ਸਕਿਆ ਹੈ ਅਤੇ ਨਾ ਹੀ ਵੱਖ -ਵੱਖ ਧਰਮਾਂ ਦੀ ਸੋਚ ਤੋਂ ਉਪਰ ਉੱਠ ਸਕਿਆ ਹੈ। ਇਸ ਤੋਂ ਇਲਾਵਾ ਹਿੰਸਾ, ਨਸ਼ੇ ਅਤੇ ਹੋਰ ਸਮਾਜਿਕ ਬੁਰਾਈਆਂ, ਪ੍ਰਕਿਰਤੀ ਦਾ ਪ੍ਰਦੂਸ਼ਣ ਧਰਤੀ ਉੱਤੇ ਜੀਵਨ ਲਈ ਚਿੰਤਾਜਨਕ ਸਮੱਸਿਆਵਾਂ ਪੈਦਾ ਕਰ ਰਿਹਾ ਹੈ। ਇਸ ਲਈ ਗੁਰੂ ਜੀ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਸੰਸਾਰ ਵਿਚ ਅਪਨਾਉਣ ਦੀ ਸਖਤ ਲੋੜ ਹੈ ਤਾਂ ਜੋ ਸਾਰੀ ਮਨੁੱਖਤਾ ਨੂੰ ਇਕੋ ਅਕਾਲ ਪੁਰਖ ਦੇ ਪੁਜਾਰੀ ਤੇ ਸਾਂਝੀਵਾਲਤਾ ਬਣਾ ਕੇ ਇਸ ਸ੍ਰਿਸ਼ਟੀ ਨੂੰ ਇਕ ਅਜਿਹੇ ਪਰਿਵਾਰ ਦਾ ਰੂਪ ਦਿੱਤਾ ਜਾ ਸਕੇ ਜਿਥੇ ਪਵਣ ਗੁਰੂ ਹੋਵੇ, ਪਾਣੀ ਪਿਤਾ ਤੇ ਧਰਤੀ ਮਾਤਾ ਦੀ ਗੋਦ ਵਿਚ ਮਨੁੱਖਤਾ ਸੁਖੀ ਵਸਦੀ ਰਹੇ।

ਪ੍ਰੋ: ਬਡੂੰਗਰ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ (ਫਿਲਾਸਫੀ) ਮਨੁੱਖ ਦੀ ਸਮੁੱਚੀ ਸ਼ਖਸੀਅਤ ਨੂੰ ਪ੍ਰਫੁੱਲਿਤ ਕਰਨ ਵਾਲੀ, ਸਾਂਝੀਵਾਲਤਾ ਅਤੇ ਸਹਿਹੋਂਦ ਦਾ ਉਚਤਮ ਸਿਧਾਂਤ, ਅਮਨ-ਸ਼ਾਂਤੀ ਦਾ ਵਿਲੱਖਣ ਪੈਗਾਮ ਅਤੇ ਉੱਚ ਕੋਟੀ ਦਾ ਵਿਗਿਆਨ, ਇਕ ਮੁਕੰਮਲ ਆਤਮਿਕ ਸੁਖ ਦਾ ਗਿਆਨ, ਗ੍ਰਹਿਸਥੀ ਜੀਵਨ ਜਿਉਣ ਦਾ ਉਪਦੇਸ਼ ਅਤੇ ਸ਼ਬਦ ਗੁਰੂ ਦਾ ਨਿਆਰਾ ਸਿਧਾਂਤ ਹੈ ਜੋ ਕਿ ਰਹਿੰਦੀ ਦੁਨੀਆਂ ਤਕ ਹਮੇਸ਼ਾਂ-ਹਮੇਸ਼ਾਂ ਲਈ ਸਾਰਥਕ ਰਹੇਗਾ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਸੰਗਤ ਪੰਗਤ ਅਤੇ ਸੇਵਾ ਸਿਮਰਨ ਦੇ ਅਜਿਹੇ ਅਦੁੱਤੀ ਸਿਧਾਂਤ ਮਨੁੱਖਤਾ ਸਾਹਮਣੇ ਰੱਖੇ ਜਿਹੜੇ ਅਜੋਕੇ ਯੁਗ ਵਿਚ ਵੀ ਸਦੀਵੀ ਸੇਧ ਦੇਣ ਵਾਲੇ ਹਨ। ਉਨ੍ਹਾਂ ਸਮੁੱਚੀ ਸੰਗਤ ਨੂੰ ਅਪੀਲ ਕਰਦਿਆਂ ਸੱਦਾ ਦਿੱਤਾ ਕਿ ਆਉ, ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਨੂੰ ਸਮਝ ਕੇ ਗੁਰਮਤਿ ਮਾਰਗ ਦੇ ਪਾਂਧੀ ਬਣ ਆਪਣਾ ਲੋਕ-ਪਰਲੋਕ ਸੁਹੇਲਾ ਕਰੀਏ। *੧੩ ਨਵੰਬਰ*

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਤੇ ਅਲੌਕਿਕ ਜਲੌ ਸਜਾਏ ਗਏ

ਅੰਮ੍ਰਿਤਸਰ- ਸਿੱਖ ਧਰਮ ਦੇ ਬਾਨੀ, ਮਨੁੱਖਤਾ ਦੇ ਰਹਿਬਰ, ਪਰਉਪਕਾਰੀ ਸਤਿਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਜੀ ਵਿਖੇ ਅਲੌਕਿਕ ਜਲੌ ਸਜਾਏ ਗਏ।

ਇਥੋਂ ਜਾਰੀ ਪ੍ਰੈੱਸ ਬਿਆਨ ਵਿੱਚ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ ਨੇ ਕਿਹਾ ਕਿ ਜਦੋਂ ਧਰਤੀ ਤੋਂ ਲੋਕ ਧਰਮ ਤੇ ਸ਼ਰਮ ਭੁਲਾ ਦਿੰਦੇ ਨੇ ਤਾਂ ਅਕਾਲ ਪੁਰਖ ਆਪਣੇ ਦਰ ਤੋਂ ਵਰੋਸਾਈ ਹੋਈ ਕਿਸੇ ਆਤਮਾ ਨੂੰ ਧਰਤੀ 'ਤੇ ਧਰਮ ਦਾ ਪ੍ਰਕਾਸ਼ ਕਰਨ ਲਈ ਭੇਜਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਸਮੇਂ ਸਾਰੀ ਲੋਕਾਈ ਪਾਪ ਤੇ ਜ਼ੁਲਮ ਦੀ ਗ੍ਰਿਫਤ ਵਿਚ ਸੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਂਵਾਂ ਸਮੁੱਚੀ ਮਾਨਵਤਾ ਲਈ ਚਾਨਣ ਮੁਨਾਰਾ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀਆਂ ਉਦਾਸੀਆਂ ਦੌਰਾਨ ਹਰ ਧਰਮ, ਜਾਤ-ਪਾਤ, ਵਰਣ, ਮਜ਼ਬ, ਰੂਪ-ਰੰਗ ਦੇ ਲੋਕਾਂ ਦੇ ਉਦਾਰ ਲਈ ਸਿੱਖਿਆਵਾਂ ਦੀਆਂ ਛਹਿਬਰਾਂ ਲਾਈਆਂ। ਸ੍ਰੀ ਗੁਰੂ ਨਾਨਕ ਦੇਵ ਜੀ ਦੀ ਦਿੱਤੀ 'ਵੰਡ ਛਕਣ' ਦੀ ਸਿੱਖਿਆ ਸਦਕਾ ਹੀ ਅੱਜ ਸਿੱਖ ਕੌਮ ਵੱਲੋਂ ਲਗਾਏ ਜਾ ਰਹੇ ਅਤੁੱਟ ਲੰਗਰਾਂ ਵਿਚ ਹਰ ਧਰਮ, ਜਾਤ-ਪਾਤ ਦੇ ਲੋਕ ਬਿਨਾਂ ਕਿਸੇ ਭੇਦ ਭਾਵ ਦੇ ਆਪਣਾ ਪੇਟ ਭਰ ਰਹੇ ਹਨ।

ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁੰਦਰ ਦੀਪਮਾਲਾ ਅਤੇ ਮਨਮੋਹਕ ਆਤਿਸ਼ਬਾਜੀ ਵੀ ਕੀਤੀ ਗਈ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਵੇਰੇ ਮੁੱਖਵਾਕ ਦੀ ਕਥਾ ਉਪਰੰਤ ਸਕੂਲੀ ਬੱਚਿਆਂ ਦੇ ਕੀਰਤਨ ਮੁਕਾਬਲੇ ਕਰਵਾਏ ਗਏ। ਰਾਤ ਦੇ ਸਮਾਗਮ ਵਿਚ ਪ੍ਰਸਿੱਧ ਰਾਗੀ ਜਥਿਆਂ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। *੧੪ ਨਵੰਬਰ*

# ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਕਰਕੇ ਸੰਗਤ ਦੇ ਵਾਪਸ ਪਰਤਣ ਉਪਰੰਤ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸਰਕਾਰਾਂ ਦਾ ਧੰਨਵਾਦ ਕੀਤਾ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਪਾਕਿਸਤਾਨ ਸਥਿਤ ਗੁਰੂਧਾਮਾਂ ਦੇ ਦਰਸ਼ਨ ਕਰਕੇ ਸਹੀ ਸਲਾਮਤ ਵਾਪਸ ਪਰਤੀਆਂ ਸੰਗਤਾਂ ਲਈ ਦੋਹਾਂ ਸਰਕਾਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਭਾਰਤ-ਪਾਕਿਸਤਾਨ ਦੇ ਆਪਸੀ ਤਣਾਅ ਪੂਰਨ ਹਾਲਾਤਾਂ ਸਮੇਂ ਸਮੁੱਚੀ ਮਨੁੱਖਤਾ ਦੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਜੋਸ਼ੋ-ਖਰੋਸ਼ ਅਤੇ ਸ਼ਰਧਾ ਨਾਲ ਮਨਾਉਣ ਲਈ ਭਾਰਤ ਤੋਂ ਗਏ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਜਥੇ ਦਾ ਪਾਕਿਸਤਾਨ ਸਰਕਾਰ ਤੇ ਓਕਾਫ ਬੋਰਡ ਦੇ ਅਧਿਕਾਰੀਆਂ ਵੱਲੋਂ ਖੁੱਲ੍ਹੇ ਦਿਲ ਨਾਲ ਸਵਾਗਤ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਇਹ ਕਦਮ ਆਉਣ ਵਾਲੇ ਸਮੇਂ ਵਿੱਚ ਦੋਹਾਂ ਮੁਲਕਾਂ ਦੇ ਲੋਕਾਂ ਦਰਮਿਆਨ ਆਪਸੀ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਦੋਹਾਂ ਮੁਲਕਾਂ ਵਿੱਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੀਆਂ ਦਿਲੀ ਭਾਵਨਾਵਾਂ ਦੀ ਕਦਰ ਕਰਦਿਆਂ ਭਾਰਤ-ਪਾਕਿਸਤਾਨ ਨੂੰ ਵੀਜ਼ਾ ਪ੍ਰਣਾਲੀ ਨੂੰ ਹੋਰ ਸਰਲ ਕਰਨ ਲਈ ਜਿਥੇ ਆਪਣੀ ਫਰਾਖਦਿਲੀ ਦਾ ਸਬੂਤ ਦੇਣ ਲਈ ਅੱਗੇ ਆਉਣਾ ਚਾਹੀਦਾ ਹੈ, ਉਥੇ ਨਾਲ ਹੀ ਪਾਕਿਸਤਾਨ ਦੀ ਧਰਤੀ ਤੇ ਸਥਾਪਿਤ ਗੁਰਦੁਆਰਾ ਸਾਹਿਬਾਨ ਦੇ ਖੁੱਲ੍ਹੇ ਦਰਸ਼ਨ ਦੀਦਾਰ ਕਰਵਾਉਣ ਲਈ ਸਾਂਝੇ ਲਾਂਘੇ ਦੇ ਕੌਮਾਂਤਰੀ ਪ੍ਰੋਜੈਕਟ ਉਪਰ ਵੀ ਖੁੱਲ੍ਹਦਿਲੀ ਦਿਖਾ ਕੇ ਕਾਰਜ ਕਰਨ ਵਾਸਤੇ ਆਪਣੀ ਸੁਹਿਰਦ ਸੋਚ ਅਪਨਾਉਣੀ ਚਾਹੀਦੀ ਹੈ। ਪ੍ਰੋ. ਬਡੂੰਗਰ ਨੇ ਜਿਥੇ ਭਾਰਤ ਤੇ ਪਾਕਿਸਤਾਨ ਸਰਕਾਰ ਦਾ ਧੰਨਵਾਦ ਕੀਤਾ ਉਥੇ ਪੰਜਾਬ ਸਰਕਾਰ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਭਾਰਤ ਸਰਕਾਰ ਨਾਲ ਗੱਲਬਾਤ ਕਰਕੇ ਵੀਜ਼ੇ ਲਗਵਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਉਨ੍ਹਾਂ ਇਹ ਇੱਛਾ ਜ਼ਾਹਿਰ ਕੀਤੀ ਕਿ ਭਾਰਤੀ ਪੰਜਾਬ ਤੇ ਪਾਕਿਸਤਾਨ ਪੰਜਾਬ ਦੀ ਆਪਸੀ ਭਾਈਚਾਰਕ ਸਾਂਝ ਤੇ ਪ੍ਰੇਮ ਪਿਆਰ ਇਸੇ ਤਰ੍ਹਾਂ ਹੀ ਬਣਿਆ ਰਹੇ। ਪ੍ਰੋ: ਬਡੂੰਗਰ ਨੇ ਓਕਾਫ ਬੋਰਡ (ਪਾਕਿਸਤਾਨ) ਦੇ ਚੇਅਰਮੈਨ ਮੁਹੰਮਦ ਸਦੀਕ ਉਲ ਫਾਰੂਕ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੇ ਮੈਂਬਰਾਂ ਦਾ ਵੀ ਜ਼ੋਰਦਾਰ ਸ਼ਬਦਾਂ ਵਿੱਚ ਧੰਨਵਾਦ ਕੀਤਾ, ਜਿਨ੍ਹਾਂ ਦੀ ਪਹਿਲ ਕਦਮੀ ਤੇ ਸੁਹਿਰਦ ਸੋਚ ਸਦਕਾ ਪਿਛਲੇ ਲੰਮੇ ਅਰਸੇ ਤੋਂ ਪਾਕਿਸਤਾਨ ਅੰਦਰ ਬੰਦ ਪਏ ਗੁਰਦੁਆਰਾ ਕਿਆਰਾ ਸਾਹਿਬ ਦੇ ਕਿਵਾੜ ਖੋਲ੍ਹਣ ਅਤੇ ਭਾਈ ਮਰਦਾਨਾ ਜੀ ਦੇ ਘਰ ਨਨਕਾਣਾ ਸਾਹਿਬ ਗੁਰਦੁਆਰਾ ਬਾਲ ਲੀਲਾ ਵਿਖੇ ਯਾਦਗਾਰ ਬਣਾਉਣ ਲਈ ਨੀਂਹ ਪੱਥਰ ਰੱਖਿਆ ਗਿਆ।

ਉਨ੍ਹਾਂ ਕਿਹਾ ਕਿ ਓਕਾਫ ਬੋਰਡ ਦਾ ਇਹ ਇਕ ਨਿੱਗਾ ਤੇ ਉਸਾਰੂ ਕਦਮ ਹੈ, ਜਿਸ ਲਈ ਪਾਕਿਸਤਾਨ ਦੀ ਸਰਕਾਰ ਤੇ ਓਕਾਫ ਬੋਰਡ ਵਧਾਈ ਦੇ ਪਾਤਰ ਹਨ। ਉਨ੍ਹਾਂ ਇਸ ਦੇ ਨਾਲ ਹੀ ਬੀਤੇ ਦਿਨੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਾਕਿਸਤਾਨ ਗਏ ਸਿੱਖ ਯਾਤਰੂਆਂ ਦੇ ਜਥੇ ਵਿੱਚ ਸ਼ਾਮਲ ਗੁਰਸਿੱਖ ਪ੍ਰੇਮ ਸਿੰਘ ਦੀ ਅਚਾਨਕ ਦਿਲ ਦਾ ਦੌਰਾ ਪੈਣ ਸਦਕਾ ਹੋਈ ਬੇਵਕਤੀ ਮੌਤ ਪ੍ਰਤੀ ਆਪਣੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਦੇ ਸਮੁੱਚੇ ਪਰਿਵਾਰ ਨੂੰ ਅਕਾਲ ਪੁਰਖ ਦਾ ਭਾਣਾ ਮੰਨਣ ਤੇ ਸਿਮਰਨ ਕਰਨ ਦੀ ਤਾਕੀਦ ਕੀਤੀ ਹੈ। *੨੨ ਨਵੰਬਰ*

# ਵਾਤਾਵਰਨ ਦੀ ਸੰਭਾਲ ਬਾਰੇ ਸ਼੍ਰੋਮਣੀ ਕਮੇਟੀ ਜਾਗਰੂਕਤਾ ਲਹਿਰ ਚਲਾਏਗੀ- ਪ੍ਰੋ. ਕਿਰਪਾਲ ਸਿੰਘ ਬਡੂੰਗਰ

## ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਵਾਤਾਵਰਨ ਦੀ ਸ਼ੁੱਧਤਾ ਤੇ ਸੰਭਾਲ ਬਾਰੇ ਲਏ ਗਏ ਫੈਸਲੇ ਦੀ ਰੌਸ਼ਨੀ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਉਚੇਚੇ ਤੌਰ ਤੇ ਵਾਤਾਵਰਨ ਪ੍ਰੇਮੀ ਬਾਬਾ ਬਲਬੀਰ ਸਿੰਘ ਸੀਚੇਵਾਲ ਨਾਲ ਗੁਰਦੁਆਰਾ ਸ੍ਰੀ ਬੇਰ ਸਾਹਿਬ ਪਾਤਸ਼ਾਹੀ ਪਹਿਲੀ ਸੁਲਤਾਨਪੁਰ ਲੋਧੀ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ।

ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵਾਤਾਵਰਨ ਪ੍ਰੇਮੀਆਂ ਦੇ ਸਹਿਯੋਗ ਨਾਲ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ੫੫੦ ਸਾਲਾ ਪ੍ਰਕਾਸ਼ ਪੁਰਬ ਜੋ ੨੦੧੯ ਵਿੱਚ ਆ ਰਿਹਾ ਹੈ ਨੂੰ ਸਮਰਪਿਤ ਇਕ ਵਿਸ਼ੇਸ਼ ਵਾਤਾਵਰਨ ਜਾਗਰੂਕਤਾ ਲਹਿਰ ਚਲਾਵੇਗੀ ਜੋ ਆਉਣ ਵਾਲੇ ਤਿੰਨ ਸਾਲ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਲਈ ਵੱਖ-ਵੱਖ ਸਮਾਗਮਾਂ ਰਾਹੀਂ ਘਰ-ਘਰ ਇਹ ਸੰਦੇਸ਼ ਦੇਵੇਗੀ ਕਿ ਗੁਰੂ ਸਾਹਿਬ ਵੱਲੋਂ ਦਿੱਤੇ ਸਿਧਾਂਤ ਨੂੰ ਸਮਝ ਕੇ ਉਸ ਤੇ ਅਮਲ ਕੀਤਾ ਜਾਵੇ ਅਤੇ ਪਵਨ, ਪਾਣੀ, ਧਰਤ ਦੀ ਅਸਲ ਮਹੱਤਤਾ ਨੂੰ ਹਿਰਦਿਆਂ ਵਿੱਚ ਵਸਾਇਆ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਜਿੰਨੀ ਉੱਚੀ-ਸੁੱਚੀ ਤੇ ਵਿਸ਼ਾਲ ਹੈ ਉਸ ਨੂੰ ਮਨੁੱਖ ਅਜੇ ਵੀ ਇਸ ਪੱਧਰ ਤੱਕ ਨਹੀਂ ਸਮਝ ਸਕਿਆ ਹੈ। ਉਨ੍ਹਾਂ ਕਿਹਾ ਕਿ ਹਿੰਸਾ, ਨਸ਼ੇ ਅਤੇ ਹੋਰ ਸਮਾਜਿਕ ਬੁਰਾਈਆਂ ਦਾ ਪ੍ਰਦੂਸ਼ਣ ਧਰਤੀ ਉੱਤੇ ਜੀਵਨ ਲਈ ਚਿੰਤਾਜਨਕ ਸਮੱਸਿਆਵਾਂ ਪੈਦਾ ਕਰ ਰਿਹਾ ਹੈ। ਇਸ ਲਈ ਸਰਬੱਤ ਦੇ ਭਲੇ ਲਈ ਗੁਰੂ ਜੀ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਸੰਸਾਰ ਵਿਚ ਘਰ-ਘਰ ਪਹੁੰਚਾਉਣ ਦੀ ਸਖਤ ਲੋੜ ਹੈ। ਉਨ੍ਹਾਂ ਕਿਹਾ ਕਿ ਮਨੁੱਖਤਾ ਦੇ ਸੁੱਖੀ ਵਸੇਬੇ ਲਈ ਜ਼ਰੂਰੀ ਹੈ ਕਿ ਪਵਣ ਗੁਰੂ ਹੋਵੇ, ਪਾਣੀ ਪਿਤਾ ਹੋਵੇ ਤੇ ਧਰਤੀ ਮਾਤਾ ਹੋਵੇ ਦੇ ਸੰਦਰਭ ਨੂੰ ਸਮਝਿਆ ਜਾਵੇ। ਪ੍ਰੋ. ਬਡੂੰਗਰ ਨੇ ਕਿਹਾ ਕਿ ਸਾਰੇ ਵਾਤਾਵਰਨ ਪ੍ਰੇਮੀ ਅਤੇ ਸਹਿਯੋਗ ਕਰਨ ਵਾਲੀਆਂ ਸਾਰੀਆਂ ਧਿਰਾਂ, ਜਥੇਬੰਦੀਆਂ, ਸੰਤ ਮਹਾਤਮਾ ਨੂੰ ਇਕ ਪਲੇਟ ਫਾਰਮ ਤੇ ਇਕੱਤਰ ਕਰਕੇ ਇਕ ਵਿਸ਼ਾਲ ਪੱਧਰ ਤੇ ਵਾਤਾਵਰਣ ਸ਼ੁੱਧਤਾ ਜਾਗਰੂਕ ਲਹਿਰ ਚਲਾਈ ਜਾਵੇਗੀ ਤੇ ਘਰ-ਘਰ ਇਸ ਦਾ ਸੰਦੇਸ਼ ਪਹੁੰਚਾਉਣ ਲਈ ਜਤਨ ਕੀਤੇ ਜਾਣਗੇ। ਬਾਬਾ ਬਲਬੀਰ ਸਿੰਘ ਨਾਲ ਮੀਟਿੰਗ ਉਪਰੰਤ ਪ੍ਰੋ. ਬਡੂੰਗਰ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ ਸਾਲਾ ਪ੍ਰਕਾਸ਼ ਪੁਰਬ ਵਿਸ਼ਾਲ ਪੱਧਰ ਤੇ ਮਨਾਇਆ ਜਾਵੇਗਾ ਤੇ ਇਸ ਪੁਰਬ ਨੂੰ ਸਮਰਪਿਤ ੨੦੧੯ ਤੀਕ ਸਮੁੱਚੇ

*(ਬਾਕੀ ਪੰਨਾ ੫੧ 'ਤੇ)*



ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ਼੍ਰੋਮਣੀ ਕਮੇਟੀ ਮੈਂਬਰਾਂ, ਸਕੂਲਾਂ/ਕਾਲਜਾਂ ਦੇ ਪ੍ਰਿੰਸੀਪਲਾਂ, ਧਾਰਮਿਕ ਅਧਿਆਪਕਾਂ, ਪ੍ਰਚਾਰਕਾਂ, ਢਾਡੀਆਂ, ਕਵੀਸ਼ਰਾਂ ਅਤੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਦੀ ਇਕੱਤਰਤਾ ਨੂੰ ਸੰਬੋਧਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ।

(30 ਨਵੰਬਰ 2016)



ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਦੀ ਆਰੰਭਤਾ ਸਮੇਂ ਪੰਜ ਪਿਆਰੇ ਸਾਹਿਬਾਨ ਨਾਲ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਬਲਦੇਵ ਸਿੰਘ ਕਿਆਮਪੁਰ ਸੀਨੀਅਰ ਮੀਤ ਪ੍ਰਧਾਨ, ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਅਤੇ ਅੰਤ੍ਰਿੰਗ ਕਮੇਟੀ ਮੈਂਬਰ। (12 ਨਵੰਬਰ 2016)



ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਜਥੇ ਦੇ ਪਾਰਟੀ ਲੀਡਰ ਸ. ਮੰਗਵਿੰਦਰ ਸਿੰਘ ਖਾਪੜਖੇੜੀ ਤੇ ਸ. ਸਰਵਨ ਸਿੰਘ ਕੁਲਾਰ ਮੈਂਬਰ ਸ਼੍ਰੋਮਣੀ ਕਮੇਟੀ ਨੂੰ ਸਿਰੋਪਾਓ ਦੇ ਕੇ ਰਵਾਨਾ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਮੈਂਬਰ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਕਰਮਚਾਰੀ। (12 ਨਵੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਆਰੰਭ ਹੋਈ ਜਾਗ੍ਰਿਤੀ ਯਾਤਰਾ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ, ਵੱਲ੍ਹਾ, ਸ੍ਰੀ ਅੰਮ੍ਰਿਤਸਰ ਵਿਖੇ ਪਹੁੰਚਣ 'ਤੇ ਸਵਾਗਤ ਕਰਦੇ ਹੋਏ ਸ. ਹਰਚਰਨ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਕਮੇਟੀ, ਡਾ. ਗੀਤਾ ਸ਼ਰਮਾ ਪ੍ਰਿੰਸੀਪਲ, ਸ. ਜੋਗਿੰਦਰ ਸਿੰਘ ਸਕੱਤਰ ਟ੍ਰਸਟ, ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਮਹਿੰਦਰ ਸਿੰਘ ਆਹਲੀ ਐਡੀ. ਸਕੱਤਰ ਅਤੇ ਹੋਰ। (30 ਨਵੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਆਰੰਭ ਹੋਈ ਜਾਗ੍ਰਿਤੀ ਯਾਤਰਾ ਸ੍ਰੀ ਅੰਮ੍ਰਿਤਸਰ ਵਿਖੇ ਪਹੁੰਚਣ 'ਤੇ ਸਵਾਗਤ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਸੁਰਜੀਤ ਸਿੰਘ ਭਿੱਟੇਵੱਡ ਅੰਤ੍ਰਿੰਗ ਮੈਂਬਰ, ਸ਼੍ਰੋਮਣੀ ਕਮੇਟੀ ਮੈਂਬਰ ਸ. ਰਜਿੰਦਰ ਸਿੰਘ ਮਹਿਤਾ, ਸ. ਹਰਜਾਪ ਸਿੰਘ ਤੇ ਸ. ਗੁਰਵਿੰਦਰਪਾਲ ਸਿੰਘ ਗੋਰਾ, ਐਡੀ. ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਮੀਤ ਸਕੱਤਰ ਸ. ਜਗਜੀਤ ਸਿੰਘ ਤੇ ਸ. ਗੁਰਮੀਤ ਸਿੰਘ ਅਤੇ ਹੋਰ। (30 ਨਵੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਆਰੰਭ ਹੋਈ ਜਾਗ੍ਰਿਤੀ ਯਾਤਰਾ ਸ੍ਰੀ ਅੰਮ੍ਰਿਤਸਰ ਵਿਖੇ ਪੜਾਅ ਕਰਨ ਤੋਂ ਬਾਅਦ ਅਗਲੇ ਪੜਾਅ ਲਈ ਰਵਾਨਾ ਕਰਦੇ ਹੋਏ ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਜਨਰਲ ਸਕੱਤਰ ਸ. ਅਮਰਜੀਤ ਸਿੰਘ ਚਾਵਲਾ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ। (1 ਦਸੰਬਰ 2016)



ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਸਮੇਂ ਭਾਈ ਰਾਮ ਸਿੰਘ ਅੰਤ੍ਰਿੰਗ ਮੈਂਬਰ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਨਿੱਜੀ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ ਅਤੇ ਹੋਰ। (4 ਦਸੰਬਰ 2016)



ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ ਵਿਖੇ ਸਾਲਾਨਾ ਜੋੜ ਮੇਲੇ ਮੌਕੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ
ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਰਣਜੀਤ ਸਿੰਘ ਬ੍ਰਹਮਪੁਰਾ ਐਮ.ਪੀ. ਤੇ ਬੀਬੀ ਉਪਿੰਦਰਜੀਤ ਕੌਰ।

(14 ਨਵੰਬਰ 2016)



ਵਾਤਾਵਰਣ ਦੀ ਸ਼ੁੱਧਤਾ ਤੇ ਸੰਭਾਲ ਸਬੰਧੀ ਬਾਬਾ ਬਲਬੀਰ ਸਿੰਘ ਸੀਚੇਵਾਲ ਨਾਲ ਸੁਲਤਾਨਪੁਰ ਲੋਧੀ ਵਿਖੇ
ਗੱਲਬਾਤ ਕਰਨ ਉਪਰੰਤ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਸ਼ਖ਼ਸੀਅਤਾਂ।

(14 ਨਵੰਬਰ 2016)



ਵਾਤਾਵਰਣ ਦੀ ਸ਼ੁੱਧਤਾ ਤੇ ਸੰਭਾਲ ਸਬੰਧੀ ਬਾਬਾ ਬਲਬੀਰ ਸਿੰਘ ਸੀਚੇਵਾਲ ਨਾਲ ਗੱਲਬਾਤ ਕਰਦੇ ਹੋਏ
ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। (14 ਨਵੰਬਰ 2016)



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਵਿਖੇ ਚਾਰ ਰੋਜ਼ਾ ਆਲ ਇੰਡੀਆ ਗੁਰੂ ਨਾਨਕ ਦੇਵ ਗੋਲਡ ਕੱਪ
ਵੂਮੈਨ ਹਾਕੀ ਟੂਰਨਾਮੈਂਟ ਦੀ ਸ਼ੁਰੂਆਤ ਸਮੇਂ ਦਰੋਣਾਚਾਰੀਆ ਐਵਾਰਡੀ ਸ. ਬਲਦੇਵ ਸਿੰਘ ਨੂੰ ਸਨਮਾਨਤ ਕਰਦੇ ਹੋਏ
ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਡਾ. ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ, ਸ. ਕੇਵਲ ਸਿੰਘ ਬਾਦਲ,
ਸ. ਕਰਨੈਲ ਸਿੰਘ ਪੰਜੋਲੀ ਤੇ ਸ. ਨਿਰਮੈਲ ਸਿੰਘ ਜੌਲਾ ਕਲਾਂ ਮੈਂਬਰ ਸ਼੍ਰੋਮਣੀ ਕਮੇਟੀ।



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਸਬੰਧੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਆਰੰਭ ਹੋਈ ਜਾਗ੍ਰਿਤੀ ਯਾਤਰਾ ਦੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ 'ਤੇ ਸਮਾਗਮ ਵਿਚ ਹਾਜ਼ਰ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ੍ਰੀ ਨਿਤਿਸ਼ ਕੁਮਾਰ ਮੁੱਖ ਮੰਤਰੀ ਬਿਹਾਰ ਤੇ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਮੈਂਬਰ ਪਾਰਲੀਮੈਂਟ। (27 ਨਵੰਬਰ 2016)



ਜਾਗ੍ਰਿਤੀ ਯਾਤਰਾ ਦੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ 'ਤੇ ਆਯੋਜਿਤ ਸਮਾਗਮ ਸਮੇਂ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਨੂੰ ਸਨਮਾਨਤ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਮੈਂਬਰ ਪਾਰਲੀਮੈਂਟ, ਡਾ. ਰੂਪ ਸਿੰਘ ਸਕੱਤਰ ਅਤੇ ਹੋਰ। (27 ਨਵੰਬਰ 2016)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਜਾਗ੍ਰਿਤੀ ਯਾਤਰਾ ਦੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪੰਜ ਪਿਆਰਿਆਂ ਦੀ ਅਗਵਾਈ 'ਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ ਡਾ. ਰੂਪ ਸਿੰਘ ਸਕੱਤਰ, ਗਿਆਨੀ ਇਕਬਾਲ ਸਿੰਘ ਜਥੇਦਾਰ ਤਖ਼ਤ ਸ੍ਰੀ ਪਟਨਾ ਸਾਹਿਬ ਅਤੇ ਸੰਗਤਾਂ।

(27 ਨਵੰਬਰ 2016)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ ਮਨਾਉਣ ਸਮੇਂ ਅਰਦਾਸ ਕਰਦੇ ਹੋਏ ਭਾਈ ਰਾਜਦੀਪ ਸਿੰਘ ਤੇ ਅਰਦਾਸ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਅਧਿਕਾਰੀ, ਕਰਮਚਾਰੀ ਅਤੇ ਸੰਗਤਾਂ।

(11 ਨਵੰਬਰ 2016)

(ਪੰਨਾ ੪੨ ਦਾ ਬਾਕੀ)

ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਇਕ ਵਿਸ਼ੇਸ਼ ਇਕੱਤਰਤਾ ਗੁਰਦੁਆਰਾ ਫ਼ਤਹਿਗੜ੍ਹ ਸਾਹਿਬ ਵਿਖੇ ਹੋਵੇਗੀ ਜਿਸ ਵਿੱਚ ਦੇਸ਼ ਭਰ ਦੇ ਵਾਤਾਵਰਣ ਪ੍ਰੇਮੀ, ਮਾਹਰ, ਧਾਰਮਿਕ ਜਥੇਬੰਦੀਆਂ ਦੇ ਆਗੂ ਸ਼ਾਮਲ ਹੋ ਕੇ ਇਸ ਜਾਗਰੂਕਤਾ ਲਹਿਰ ਨੂੰ ਪ੍ਰਚੰਡ ਕਰਨ ਲਈ ਵਿਚਾਰ ਚਰਚਾ ਕਰਨਗੇ। ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਨੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੂੰ ਇਸ ਲਹਿਰ ਦੀ ਆਰੰਭਤਾ ਲਈ ਵਧਾਈ ਦਿੱਤੀ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਲਈ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਦਰਿਆਵਾਂ, ਨਹਿਰਾਂ ਤੇ ਹੋਰ ਜਲ ਸਰੋਤਾਂ ਨੂੰ ਫੈਕਟਰੀਆਂ ਦੇ ਜ਼ਹਿਰੀਲੇ ਪਾਣੀ ਰਾਹੀਂ ਜਾਂ ਪਿੰਡਾਂ ਸ਼ਹਿਰਾਂ ਦਾ ਗੰਦਾ ਪਾਣੀ ਉਨ੍ਹਾਂ ਵਿੱਚ ਪਾ ਕੇ ਪਲੀਤ ਕੀਤਾ ਜਾ ਰਿਹਾ ਹੈ ਜੋ ਘੋਰ ਪਾਪ ਤੇ ਕਾਨੂੰਨ ਦੀ ਉਲੰਘਣਾ ਹੈ। ਸ਼ੁੱਧ ਪਾਣੀ ਦੀ ਵਰਤੋਂ ਲਈ ਇਨ੍ਹਾਂ ਚੀਜ਼ਾਂ ਦੀ ਰੋਕਥਾਮ ਅਤਿ ਜ਼ਰੂਰੀ ਹੈ। ਇਸ ਮੀਟਿੰਗ ਵਿੱਚ ਬਾਬਾ ਬਲਬੀਰ ਸਿੰਘ ਸੀਚੇਵਾਲ ਤੋਂ ਇਲਾਵਾ ਬਾਬਾ ਦਯਾ ਸਿੰਘ ਜੀ ਗੁਰਦੁਆਰਾ ਟਾਹਲੀ ਸਾਹਿਬ, ਬਾਬਾ ਤਰਲੋਕ ਸਿੰਘ ਹਮੀਰੇ ਵਾਲੇ, ਬਾਬਾ ਸੁਰਜੀਤ ਸਿੰਘ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਬਲਦੇਵ ਸਿੰਘ ਕਲਿਆਣ ਮੈਂਬਰ ਸ਼੍ਰੋਮਣੀ ਕਮੇਟੀ ਤੋਂ ਇਲਾਵਾ ਸ. ਦਿਲਜੀਤ ਸਿੰਘ ਬੇਦੀ, ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਮਹਿੰਦਰ ਸਿੰਘ ਆਹਲੀ, ਸ. ਚਾਨਣ ਸਿੰਘ, ਸ. ਗੁਰਾ ਸਿੰਘ ਤੇ ਸ. ਜੱਸਾ ਸਿੰਘ ਆਦਿ ਹਾਜ਼ਰ ਸਨ। *੧੪ ਨਵੰਬਰ*

# ਸ਼੍ਰੋਮਣੀ ਕਮੇਟੀ ਸਮੁੱਚੇ ਖਾਲਸਾ ਪੰਥ ਦੀਆਂ ਉਮੀਦਾਂ 'ਤੇ ਪੂਰਾ ਉਤਰਨ ਦਾ ਯਤਨ ਕਰੇਗੀ- ਪ੍ਰੋ. ਕਿਰਪਾਲ ਸਿੰਘ ਬਡੂੰਗਰ

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ੯੬ਵਾਂ ਸਥਾਪਨਾ ਦਿਵਸ ਮਨਾਇਆ ਗਿਆ

ਅੰਮ੍ਰਿਤਸਰ- ਗੁਰਦੁਆਰਾ ਪ੍ਰਬੰਧ ਨੂੰ ਮਹੰਤਸ਼ਾਹੀ ਤੋਂ ਆਜ਼ਾਦ ਕਰਵਾ ਕੇ ਸੰਗਤੀ ਪ੍ਰਬੰਧ 'ਚ ਲਿਆਉਣ ਲਈ ਮਹਾਨ ਕੁਰਬਾਨੀਆਂ ਦੇ ਕੇ ਹੋਂਦ ਵਿੱਚ ਆਈ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ੯੬ਵਾਂ ਸਥਾਪਨਾ ਦਿਵਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਇਆ ਗਿਆ। ਸ੍ਰੀ ਅਖੰਡਪਾਠ ਸਾਹਿਬ ਜੀ ਦੇ ਭੋਗ ਉਪਰੰਤ ਭਾਈ ਅਨੰਦ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਧੁਰ ਕੀ ਬਾਣੀ ਦੇ ਇਲਾਹੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ।

ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਮੁੱਚੇ ਖਾਲਸਾ ਪੰਥ ਤੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੂੰ ਸਥਾਪਨਾ ਦਿਵਸ ਮੌਕੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਕਾਇਮੀ ਵਾਸਤੇ ਸੈਂਕੜੇ ਸਿੱਖਾਂ ਨੂੰ ਸ਼ਹੀਦੀਆਂ ਦੇਣੀਆਂ ਪਈਆਂ, ਹਜ਼ਾਰਾਂ ਜੇਲ੍ਹਾਂ ਵਿੱਚ ਗਏ ਅਤੇ ਲੱਖਾਂ ਸਿੱਖ ਇਸ ਲਹਿਰ ਤੋਂ ਪ੍ਰਭਾਵਿਤ ਹੋਏ। ਇਸ ਦੇ ਬਾਵਜੂਦ ਸ਼੍ਰੋਮਣੀ ਕਮੇਟੀ ੧੫ ਨਵੰਬਰ ੧੯੨੦ ਨੂੰ ਹੋਂਦ ਵਿੱਚ ਆਈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਨੁਮਾਇੰਦਾ ਜਮਾਤ ਅਤੇ ਮਾਣਮਤੀ ਸੰਸਥਾ ਹੈ। ਲਗਭਗ ਇਕ ਸਦੀ ਦੇ ਆਪਣੇ ਇਤਿਹਾਸ ਵਿੱਚ ਕਈ ਉਤਾਰ-ਚੜਾਅ ਦੇਖਦਿਆਂ ਇਸ ਨੇ ਆਪਣੇ ਕਾਰਜਾਂ ਦੁਆਰਾ ਆਪਣੀ ਸ਼੍ਰੋਮਣੀ ਸਥਿਤੀ ਨੂੰ ਬਰਕਰਾਰ ਰੱਖਿਆ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਇਸ ਸਿਰਮੌਰ ਸੰਸਥਾ ਨੇ ਦੇਸ਼ ਵਿੱਚ ਜਿੱਥੇ ਵੀ ਕਿਤੇ ਔਕੜ ਆਈ ਮੋਹਰੀ ਹੋ ਕੇ ਸਿੱਖ ਸਮੁਦਾਏ ਦੇ ਨਾਲ-ਨਾਲ ਹਰ ਜਾਤ ਤੇ ਹਰ ਵਰਗ ਦੇ ਲੋਕਾਂ ਦਾ ਸਾਥ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਸੰਸਥਾ ਸਮਾਜ ਦੀ ਨੇੜੇ ਹੋ ਕੇ ਸੇਵਾ ਕਰਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਮੁੱਚੇ ਖਾਲਸਾ ਪੰਥ ਨੂੰ ਵਿਸ਼ਵਾਸ਼ ਦੁਆਇਆ ਜਾਂਦਾ ਹੈ ਕਿ ਉਨ੍ਹਾਂ ਦੀਆਂ ਉਮੀਦਾਂ ਤੇ ਪੂਰਾ ਉਤਰਨ ਦਾ ਯਤਨ ਕੀਤਾ ਜਾਵੇਗਾ। ਇਸ ਮੌਕੇ ਪ੍ਰੋ. ਕਿਰਪਾਲ ਸਿੰਘ

ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ, ਭਾਈ ਮਨਜੀਤ ਸਿੰਘ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰੀਕ ਸਿੰਘ ਵਿਛੋਆ ਤੇ ਸ. ਅਮਰਜੀਤ ਸਿੰਘ ਭਲਾਈਪੁਰ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸ. ਅਜੈਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਰਣਜੀਤ ਸਿੰਘ, ਸ. ਕੇਵਲ ਸਿੰਘ ਤੇ ਸ. ਬਿਜੈ ਸਿੰਘ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ, ਸ. ਸਕੱਤਰ ਸਿੰਘ, ਸ. ਹਰਿੰਦਰਪਾਲ ਸਿੰਘ, ਸ. ਜਸਵਿੰਦਰ ਸਿੰਘ ਦੀਨਪੁਰ, ਸ. ਹਰਜਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਸ. ਕੁਲਵਿੰਦਰ ਸਿੰਘ 'ਰਮਦਾਸ' ਮੀਤ ਸਕੱਤਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਮਲਕੀਤ ਸਿੰਘ ਸ/ਸੁਪ੍ਰਿੰਟੈਂਡੈਂਟ, ਸ. ਹਰਜਿੰਦਰ ਸਿੰਘ, ਸ. ਸੁਖਰਾਜ ਸਿੰਘ, ਸ. ਲਖਬੀਰ ਸਿੰਘ ਤੇ ਸ. ਲਖਵਿੰਦਰ ਸਿੰਘ ਬਦੋਵਾਲ ਵਧੀਕ ਮੈਨੇਜਰ, ਸ. ਸਤਨਾਮ ਸਿੰਘ ਮਾਂਗਾਸਰਾਏ ਮੀਤ ਮੈਨੇਜਰ, ਸ. ਕਰਮਬੀਰ ਸਿੰਘ, ਸ. ਬਲਕਾਰ ਸਿੰਘ ਜੌੜਾ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਜਸਵਿੰਦਰ ਸਿੰਘ ਦੀਪ, ਸ. ਨਿਰਵੈਲ ਸਿੰਘ ਤੇ ਸ. ਮਨਜੀਤ ਸਿੰਘ ਇੰਚਾਰਜ, ਸ. ਕੁਲਦੀਪ ਸਿੰਘ ਤੇੜਾ ਤੋਂ ਇਲਾਵਾ ਸ੍ਰੀ ਗੁਰੂ ਸਿੰਘ ਸਭਾ ਤੋਂ ਸ. ਸੁਰਿੰਦਰ ਸਿੰਘ ਜਨਰਲ ਸਕੱਤਰ, ਸ. ਨਰਿੰਦਰਪਾਲ ਸਿੰਘ ਸਕੱਤਰ ਤੇ ਸ. ਅਜਾਇਬ ਸਿੰਘ ਦਫ਼ਤਰੀ ਸਕੱਤਰ, ਗੁਰੂ ਨਾਨਕ ਗੁਰਪੁਰਬ ਕਮੇਟੀ ਤੋਂ ਸ. ਗੁਰਬਖਸ਼ ਸਿੰਘ ਬੇਦੀ, ਸ਼ਬਦ ਕੀਰਤਨ ਨਾਮ ਸਿਮਰਨ ਕਮੇਟੀ ਤੋਂ ਸ. ਗੁਰਬਖਸ਼ ਸਿੰਘ ਬੱਗਾ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ਼੍ਰੋਮਣੀ ਕਮੇਟੀ ਦੇ ਅਧਿਕਾਰੀ/ਕਰਮਚਾਰੀ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੧੫ ਨਵੰਬਰ*

# ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਰਾਸ਼ਟਰਪਤੀ ਨੂੰ ਭਾਈ ਰਾਜੋਆਣਾ ਦੀ ਸਜ਼ਾ ਮੁਆਫ਼ੀ ਲਈ ਪੱਤਰ ਲਿਖਿਆ

ਅੰਮ੍ਰਿਤਸਰ- ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਮੁਆਫ਼ੀ ਲਈ ੭ ਮੈਂਬਰੀ ਵਫ਼ਦ ਭਾਰਤ ਦੇ ਰਾਸ਼ਟਰਪਤੀ ਨੂੰ ਪੱਤਰ ਸੌਂਪੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਦਫ਼ਤਰ ਵਿਖੇ ਬੁਲਾਈ ਪ੍ਰੈਸ ਕਾਨਫਰੰਸ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਭਾਈ ਰਾਜੋਆਣਾ ਵੱਲੋਂ ਆਪਣੀ ਸਜ਼ਾ ਸਬੰਧੀ ਅਦਾਲਤ ਵੱਲੋਂ ਦਿੱਤੇ ਜਾਣ ਵਾਲੇ ਫੈਂਸਲੇ ਵਿੱਚ ਦੇਰੀ ਹੋਣ ਕਾਰਨ ਭੁੱਖ ਹੜਤਾਲ ਰੱਖੀ ਗਈ ਸੀ। ਜਿਸ ਦੇ ਨਤੀਜੇ ਵਜੋਂ ਭਾਈ ਰਾਜੋਆਣਾ ਦੀ ਸਿਹਤ ਖਰਾਬ ਹੋ ਜਾਣ ਤੇ ਉਨ੍ਹਾਂ ਨੂੰ ਰਾਜਿੰਦਰਾ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਮੇਰੇ ਵੱਲੋਂ ਮੁਲਾਕਾਤ ਦੌਰਾਨ ਭਾਈ ਰਾਜੋਆਣਾ ਦੀ ਭੁੱਖ ਹੜਤਾਲ ਖ਼ਤਮ ਕਰਾਉਣ ਉਪਰੰਤ ਇਹ ਵਿਸ਼ਵਾਸ਼ ਦੁਆਇਆ ਗਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਲਦ ਹੀ ਵਿਸ਼ੇਸ਼ ਟੀਮ ਦਾ ਗਠਨ ਕੀਤਾ ਜਾਵੇਗਾ ਜੋ ਕਿ ਰਾਸ਼ਟਰਪਤੀ ਨਾਲ ਮਿਲ ਕੇ ਇਸ ਮਾਮਲੇ ਤੇ ਜਲਦ ਤੋਂ ਜਲਦ ਫੈਸਲਾ ਲੈਣ ਦੀ ਅਪੀਲ ਕਰਨਗੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਭਾਈ ਰਾਜੋਆਣਾ ਨੂੰ ਮੇਰੇ ਵੱਲੋਂ ਇਕ ਲਿਖਤੀ ਪੱਤਰ ਵੀ ਸੌਂਪਿਆ ਗਿਆ ਜਿਸ ਵਿੱਚ ਵਿਸ਼ੇਸ਼ ਟੀਮ ਦੇ ਗਠਨ ਕੀਤੇ ਜਾਣ ਤੇ ਉਸ ਵੱਲੋਂ ਰਾਸ਼ਟਰਪਤੀ ਨੂੰ ਮਿਲਣ ਦਾ ਜ਼ਿਕਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਕਮੇਟੀ ਵਿੱਚ ਸ.ਮਨਜੀਤ ਸਿੰਘ ਜੀ ਕੇ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਸ.ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ, ਸ.ਮਨਜਿੰਦਰ ਸਿੰਘ ਸਿਰਸਾ ਜਨਰਲ ਸਕੱਤਰ ਦਿੱਲੀ ਕਮੇਟੀ, ਸ.ਹਰਚਰਨ ਸਿੰਘ ਮੁੱਖ ਸਕੱਤਰ ਤੇ ਸ.ਅਵਤਾਰ ਸਿੰਘ ਲੀਗਲ ਸਕੱਤਰ ਸ਼੍ਰੋਮਣੀ ਕਮੇਟੀ ਦੇ ਇਲਾਵਾ ਸ.ਪਰਮਜੀਤ ਸਿੰਘ ਥਿਆੜਾ ਐਡਵੋਕੇਟ, ਪੰਜਾਬ ਐਂਡ ਹਰਿਆਣਾ ਹਾਈਕੋਰਟ ਦੇ ਨਾਮ ਸ਼ਾਮਿਲ ਹਨ।

ਪ੍ਰੋ. ਬਡੂੰਗਰ ਨੇ ਕਿਹਾ ਕਿ ਇਸ ਕਮੇਟੀ ਵੱਲੋਂ ਦੀਰਘ ਵਿਚਾਰ ਕਰਨ ਉਪਰੰਤ ਭਾਰਤ ਦੇ ਰਾਸ਼ਟਰਪਤੀ ਨੂੰ

ਸ਼੍ਰੋਮਣੀ ਕਮੇਟੀ ਵੱਲੋਂ ਪੱਤਰਕਾ ਲਿਖੀ ਗਈ ਹੈ ਜਿਸ ਵਿੱਚ ਭਾਈ ਬਲਵੰਤ ਸਿੰਘ ਰਾਜੋਆਣਾ ਜੋ ਕਿ ਫਾਂਸੀ ਦੀ ਸਜਾ ਯਾਫਤਾ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਨਜ਼ਰਬੰਦ ਹਨ, ਵੱਲੋਂ ਜਾਹਰ ਕੀਤੀ ਇੱਛਾ ਅਤੇ ਮੌਜੂਦਾ ਹਾਲਾਤ ਨੂੰ ਮੁੱਖ ਰੱਖਦਿਆਂ ਹੋਇਆਂ ਉਨ੍ਹਾਂ ਦੀ ਸਜਾ ਦੇ ਖਿਲਾਫ ਪਾਈ ਦਇਆ ਯਾਚਿਕਾ (ਰਹਿਮ ਦੀ ਅਪੀਲ) ਸਬੰਧੀ ਭਾਰਤ ਦੇ ਰਾਸ਼ਟਰਪਤੀ ਨੂੰ ਮਿਲਣ ਮੇਰੇ ਨਾਲ ਵਫ਼ਦ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਜਿਨ੍ਹਾਂ ਨੂੰ ਐਡੀ: ਸੈਸ਼ਨ ਜੱਜ ਚੰਡੀਗੜ੍ਹ ਨੇ ੨੭ ਜੁਲਾਈ ੨੦੦੭ ਨੂੰ ਫਾਂਸੀ ਦੀ ਸਜ਼ਾ ਸੁਣਾਈ ਸੀ ਜਿਸ ਨੂੰ ਪੱਕਾ ਕਰਦਿਆਂ ਪੰਜਾਬ ਹਰਿਆਣਾ ਹਾਈ ਕੋਰਟ ਵੱਲੋਂ ਸਜ਼ਾ ਨੂੰ ਬਰਕਰਾਰ ਰੱਖਿਆ ਗਿਆ ਸੀ। ਅਦਾਲਤ ਦੇ ਇਸ ਫੈਂਸਲੇ ਤੇ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਸੰਵਿਧਾਨ ਦੇ ਆਰਟੀਕਲ ੭੨ ਰਾਹੀਂ ਦਇਆ ਯਾਚਿਕਾ (ਰਹਿਮ ਦੀ ਅਪੀਲ) ਦਾਇਰ ਕੀਤੀ ਗਈ ਸੀ ਜੋ ੨੦੧੨ ਤੋਂ ਪੈਂਡਿੰਗ ਪਈ ਹੈ। ਉਨ੍ਹਾਂ ਕਿਹਾ ਕਿ ਹੁਣ ਇਹ ਅਪੀਲ ਸਮੁੱਚੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਕੀਤੀ ਜਾ ਰਹੀ ਹੈ ਕਿਉਂਕਿ ਭਾਈ ਰਾਜੋਆਣਾ ਵੱਲੋਂ ਹਾਲੇ ਤੱਕ ਕੋਈ ਵੀ ਰਹਿਮ ਦੀ ਅਪੀਲ ਨਹੀਂ ਕੀਤੀ ਗਈ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਜੇਕਰ ਭਾਈ ਰਾਜੋਆਣਾ ਨੂੰ ਫਾਂਸੀ ਦਿੱਤੀ ਜਾਂਦੀ ਹੈ ਤਾਂ ਉਹ ਕਾਨੂੰਨ ਅਨੁਸਾਰ ਇਨਸਾਫ਼ ਨਹੀਂ ਹੋਵੇਗਾ ਤੇ ਇਹ ਭਾਰਤੀ ਸੰਵਿਧਾਨ ਦੇ ਆਰਟੀਕਲ ੨੧ ਅਨੁਸਾਰ ਜੀਵਨ ਤੇ ਅਜ਼ਾਦੀ ਦੇ ਅਧਿਕਾਰ ਲਈ ਗਲਤ ਸਮਝੌਤਾ ਹੋਵੇਗਾ ਕਿਉਂਕਿ ਭਾਈ ਰਾਜੋਆਣਾ ਪਿਛਲੇ ੨੦ ਸਾਲਾਂ ਤੋਂ ਲਗਾਤਾਰ ਸਜ਼ਾ ਭੁਗਤ ਰਹੇ ਹਨ। ਉਨ੍ਹਾਂ ਪੱਤਰਕਾ ਵਿੱਚ ਭਾਰਤ ਦੇ ਰਾਸ਼ਟਰਪਤੀ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਭਾਈ ਰਾਜੋਆਣਾ ਬਾਰੇ ਫੈਸਲੇ ਨੂੰ ਨਿਜੀ ਦਿਲਚਸਪੀ ਲੈ ਕੇ ਹੱਲ ਕਰਾਉਣ ਜੋ ਇਸ ਸਮੇਂ ਗੰਭੀਰ ਮਾਨਸਿਕ ਪੀੜਾ ਤੋਂ ਗੁਜ਼ਰ ਰਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਸਬੰਧੀ ਅਧੂਰੀ ਪਈ ਰਹਿਮ ਦੀ ਅਪੀਲ ਖਿਲਾਫ਼ ਕਾਨੂੰਨੀ ਲੜਾਈ ਲੜਨ ਵਾਸਤੇ ਉਕਤ ਸੱਤ ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਮੁਆਫ ਕਰਨ ਦਾ ਮੁੱਦਾ ਕਾਨੂੰਨ ਨੂੰ ਪਿਆਰ ਕਰਨ ਵਾਲਿਆਂ ਦੇ ਦਿਲ ਦੇ ਬਹੁਤ ਕਰੀਬ ਹੈ। ਉਨ੍ਹਾਂ ਕਿਹਾ ਕਿ ਜੇਕਰ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਮੁਆਫ਼ੀ ਦੇ ਦਿੱਤੀ ਜਾਂਦੀ ਹੈ ਤਾਂ ਹਰ ਆਮ ਇਨਸਾਨ ਦਾ ਭਾਰਤੀ ਸੰਵਿਧਾਨ ਤੇ ਕਾਨੂੰਨੀ ਪ੍ਰਬੰਧ ਵਿੱਚ ਵਿਸ਼ਵਾਸ ਹੋਰ ਵੀ ਪੱਕਾ ਹੋ ਜਾਵੇਗਾ। ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਅੱਗੇ ਹੋਰ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਮੁਸੀਬਤ ਦੀ ਘੜੀ ਬਿਨਾ ਕਿਸੇ ਭੇਦ-ਭਾਵ ਜਾਤ-ਧਰਮ ਤੇ ਨਸਲ ਤੋਂ ਉਪਰ ਉੱਠ ਕੇ ਸਮੁੱਚੇ ਭਾਰਤ ਵਾਸੀਆਂ ਨਾਲ ਖੜੀ ਹੋਈ ਹੈ, ਉਹ ਭਾਵੇਂ ਜੰਮੂ-ਕਸ਼ਮੀਰ, ਉੱਤਰਾਖੰਡ, ਅੰਡੇਮਾਨ ਨਿਕੋਬਾਰ ਦੀਆਂ ਕੁਦਰਤੀ ਆਫ਼ਤਾਂ ਹੋਣ ਜਾਂ ਧਰਮੀ ਫੌਜੀਆਂ ਦਾ ਮਸਲਾ ਹੋਵੇ ਕਦੇ ਵੀ ਭਲਾਈ ਦੇ ਕਾਰਜਾਂ ਵਿੱਚ ਪਹਿਲ ਕਰਨ ਤੋਂ ਗੁਰੇਜ ਨਹੀਂ ਕਰਦੀ।

ਇਸ ਮੌਕੇ ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ, ਭਾਈ ਮਨਜੀਤ ਸਿੰਘ, ਸ. ਅਮਰਜੀਤ ਸਿੰਘ ਬੰਡਾਲਾ, ਸ. ਅਮਰੀਕ ਸਿੰਘ ਵਿਛੋਆ ਤੇ ਸ. ਅਮਰਜੀਤ ਸਿੰਘ ਭਲਾਈਪੁਰ ਮੈਂਬਰ ਸ਼੍ਰੋਮਣੀ ਕਮੇਟੀ, ਸ. ਅਜੈਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਦਿਲਜੀਤ ਸਿੰਘ ਬੇਦੀ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ, ਸ. ਕੁਲਦੀਪ ਸਿੰਘ ਤੇੜਾ ਅਤੇ ਸ. ਮਲਕੀਤ ਸਿੰਘ ਬਹਿੜਵਾਲ ਸ/ ਸੁਪ੍ਰਿੰਟੈਂਡੈਂਟ ਆਦਿ ਹਾਜ਼ਰ ਸਨ।

*੧੫ ਨਵੰਬਰ*

# ਕੌਮਾਂਤਰੀ ਨਿਊਜ਼ ਚੈਨਲ ਬੀ.ਬੀ.ਸੀ. ਵੱਲੋਂ ਪੰਜਾਬੀ 'ਚ ਖ਼ਬਰਾਂ ਪ੍ਰਸਾਰਤ ਕਰਨ ਦਾ ਫੈਸਲਾ ਸ਼ਲਾਘਾਯੋਗ- ਪ੍ਰੋ. ਕਿਰਪਾਲ ਸਿੰਘ ਬਡੂੰਗਰ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕੌਮਾਂਤਰੀ ਨਿਊਜ਼ ਚੈਨਲ ਬੀ.ਬੀ.ਸੀ.ਵਰਲਡ ਵੱਲੋਂ ਪੰਜਾਬੀ ਸਮੇਤ ੧੧ ਭਾਸ਼ਾਵਾਂ ਵਿੱਚ ਖ਼ਬਰਾਂ ਪ੍ਰਸਾਰਤ ਕਰਨ ਦੇ ਫੈਸਲੇ ਨੂੰ ਸ਼ਲਾਘਾਯੋਗ ਕਰਾਰ ਦਿੱਤਾ ਹੈ। ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਹਾ ਕਿ ਬੀ.ਬੀ.ਸੀ. ਨਿਊਜ਼ ਚੈਨਲ ਵੱਲੋਂ ਹਰ ਧਰਮ ਨੂੰ ਪ੍ਰਮੁੱਖਤਾ ਦੇ

ਕੇ ਉਨ੍ਹਾਂ ਦੀ ਭਾਸ਼ਾ ਵਿੱਚ ਖ਼ਬਰਾਂ ਪ੍ਰਸਾਰਿਤ ਕਰਨ ਨਾਲ ਵਿਸ਼ਵ ਪੱਧਰ 'ਤੇ ਭਾਰਤੀ ਭਾਸ਼ਾਵਾਂ ਨੂੰ ਮਾਨਤਾ ਮਿਲੇਗੀ। ਉਨ੍ਹਾਂ ਕਿਹਾ ਕਿ ਇਕ ਪਾਸੇ ਜਿਥੇ ਆਪਣੇ ਦੇਸ਼ ਦੇ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਨਾਲ ਬੇਗਾਨਗੀ ਵਾਲਾ ਸਲੂਕ ਕੀਤਾ ਜਾ ਰਿਹਾ ਹੈ, ਉਥੇ ਦੂਜੇ ਪਾਸੇ ਵਿਦੇਸ਼ੀ ਚੈਨਲ ਵੱਲੋਂ ਪੰਜਾਬੀ ਭਾਸ਼ਾ ਦਾ ਸਤਿਕਾਰ ਕਰਨ ਤੋਂ ਸਿੱਖਿਆ ਲੈਣ ਦੀ ਸਖ਼ਤ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਬ੍ਰਿਟਿਸ਼ ਬਰਾਡਕਾਸਟਿੰਗ ਕਾਰਪੋਰੇਸ਼ਨ ਵੱਲੋਂ ਇਸ ਤੋਂ ਪਹਿਲਾਂ ਦੁਨੀਆਂ ਦੀਆਂ ਤਿੰਨ ਮਹਾਨ ਔਰਤਾਂ ਵਿੱਚ ਮਾਈ ਭਾਗੋ ਦਾ ਨਾਂਅ ਦਰਜ ਕੀਤਾ ਗਿਆ ਹੈ ਜਿਨ੍ਹਾਂ ਧਰਮ ਅਤੇ ਕੌਮ ਵਾਸਤੇ ਨਾ ਸਿਰਫ ਆਪਾ ਵਾਰਿਆ ਬਲਕਿ ਬੇਮੁੱਖ ਹੋਏ ਸਿੱਖਾਂ ਨੂੰ ਪ੍ਰੇਰਨਾ ਦੇ ਕੇ ਦਸਮੇਸ਼ ਪਿਤਾ ਪਾਸ ਲਿਆਂਦਾ। ਪ੍ਰੋ. ਬਡੂੰਗਰ ਨੇ ਬੀ.ਬੀ.ਸੀ. ਨਿਊਜ਼ ਚੈਨਲ ਦੇ ਡਾਇਰੈਕਟਰ ਜਨਰਲ ਟੋਨੀ ਹਾਲ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਭਾਰਤੀ ਭਾਸ਼ਾਵਾਂ ਵਿੱਚ ਖ਼ਬਰਾਂ ਦੇ ਪ੍ਰਸਾਰਣ ਨੂੰ ਹੁੰਗਾਰਾ ਦੇ ਕੇ ਇਕ ਨਵੀਂ ਸੋਚ ਨੂੰ ਪ੍ਰਫੁੱਲਿਤ ਕੀਤਾ ਹੈ। ੧੮ ਨਵੰਬਰ

## ਸੋਸ਼ਲ ਸਾਈਟ 'ਤੇ ਫਿਰਕੂ ਭਾਵਨਾਵਾਂ ਫੈਲਾਉਣ ਵਾਲਿਆਂ ਖਿਲਾਫ਼ ਸਾਈਬਰ ਕ੍ਰਾਇਮ ਸੈਲ ਰਾਹੀਂ ਪੜਤਾਲ ਕਰਵਾਈ ਜਾਵੇਗੀ-ਪ੍ਰੋ. ਬਡੂੰਗਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਗੁਰੂ ਸਾਹਿਬਾਨ ਦੀਆਂ ਤਸਵੀਰਾਂ ਐਡਿਟ ਕਰਕੇ ਫਿਰਕੂ ਭਾਵਨਾਵਾਂ ਫੈਲਾਉਣ ਦੇ ਮਕਸਦ ਹੇਠ ਸੋਸ਼ਲ ਸਾਈਟ 'ਤੇ ਪਾਉਣ ਵਾਲੇ ਸ਼ਰਾਰਤੀ ਅਨਸਰਾਂ ਖਿਲਾਫ ਸਾਈਬਰ ਕ੍ਰਾਇਮ ਸੈਲ ਰਾਹੀਂ ਪੜਤਾਲ ਕਰਵਾਈ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਰਦਿਆਂ ਕਿਹਾ ਕਿ ਸੋਸ਼ਲ ਸਾਈਟ 'ਤੇ ਆਏ ਦਿਨ ਸ਼ਰਾਰਤੀ ਅਨਸਰਾਂ ਵੱਲੋਂ ਸਿੱਖ ਗੁਰੂ ਸਾਹਿਬਾਨ ਦੀਆਂ ਤਸਵੀਰਾਂ ਤੇ ਪਵਿੱਤਰ ਧਾਰਮਿਕ ਅਸਥਾਨਾਂ ਨਾਲ ਛੇੜਛਾੜ ਕਰਕੇ ਘਿਨਾਉਣੀਆਂ ਹਰਕਤਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਾਰੇ ਹੀ ਧਰਮ ਸਤਿਕਾਰਯੋਗ ਹਨ। ਸਿੱਖ ਹਰੇਕ ਧਰਮ ਦਾ ਦਿਲੋਂ ਸਤਿਕਾਰ ਕਰਦੇ ਹਨ, ਪਰ ਇਸ ਦਾ ਇਹ ਮਤਲਬ ਨਹੀਂ ਕਿ ਸਿੱਖ ਗੁਰੂ ਸਾਹਿਬਾਨ ਖਿਲਾਫ਼ ਵਰਤੀ ਜਾਂਦੀ ਭੱਦੀ ਸ਼ਬਦਾਵਲੀ ਅਤੇ ਤਸਵੀਰਾਂ ਐਡਿਟ ਕਰਕੇ ਗਲਤ ਰੰਗਤ ਦਿੰਦਿਆਂ ਸੋਸ਼ਲ ਸਾਈਟਾਂ 'ਤੇ ਪਾਈਆਂ ਜਾਣ।

ਉਨ੍ਹਾਂ ਕਿਹਾ ਕਿ ਸਾਈਬਰ ਕ੍ਰਾਈਮ ਸੈਲ ਨੂੰ ਪੱਤਰ ਲਿਖ ਕੇ ਸ਼ਿਕਾਇਤ ਦਰਜ ਕਰਨ ਲਈ ਕਿਹਾ ਗਿਆ ਹੈ ਅਤੇ ਮੰਗ ਕੀਤੀ ਗਈ ਹੈ ਕਿ ਅਜਿਹਾ ਕਰਨ ਵਾਲੇ ਸ਼ਰਾਰਤੀ ਅਨਸਰਾਂ ਦਾ ਤੁਰੰਤ ਪਤਾ ਲਗਾ ਕੇ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕੁਝ ਸ਼ਰਾਰਤੀ ਲੋਕ ਜਿਨ੍ਹਾਂ ਦਾ ਆਪਣਾ ਕੋਈ ਧਰਮ ਨਹੀਂ ਹੁੰਦਾ ਉਹ ਸੋਸ਼ਲ ਸਾਈਟਾਂ ਤੇ ਅਜਿਹੇ ਪੇਜ ਬਣਾ ਕੇ ਭੜਕਾਊ ਕਾਰਵਾਈਆਂ ਨੂੰ ਅੰਜਾਮ ਦਿੰਦੇ ਹਨ ਤਾਂ ਜੋ ਆਪਸੀ ਭਾਈਚਾਰਕ ਸਾਂਝ ਨੂੰ ਠੇਸ ਪਹੁੰਚਾਈ ਜਾਵੇ ਤੇ ਦੇਸ਼ ਦੀ ਸ਼ਾਂਤੀ ਭੰਗ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸੇ ਵੀ ਗੁਰੂ ਸਾਹਿਬਾਨ, ਦੇਵੀ ਦੇਵਤਿਆਂ ਪੈਗੰਬਰਾਂ ਪ੍ਰਤੀ ਜੇਕਰ ਕੋਈ ਮਾੜੀ ਸੋਚ ਰੱਖਦਾ ਹੈ ਤਾਂ ਅਜਿਹੇ ਵਿਅਕਤੀ ਭਾਵੇਂ ਕਿਸੇ ਵੀ ਫਿਰਕੇ ਸਮਾਜ ਨਾਲ ਸਬੰਧਤ ਹੋਣ ਉਨ੍ਹਾਂ ਦੀ ਤੁਰੰਤ ਸ਼ਨਾਖਤ ਕਰਕੇ ਉਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਸੋਸ਼ਲ ਮੀਡੀਆ ਦੀ ਵਰਤੋਂ ਕਰਨ ਵਾਲੇ ਸਾਰੇ ਭੈਣ ਭਰਾਵਾਂ ਨੂੰ ਅਪੀਲ ਕੀਤੀ ਕਿ ਅਜਿਹੇ ਲੋਕਾਂ ਦਾ ਬਾਈਕਾਟ ਕੀਤਾ ਜਾਵੇ ਤੇ ਬਿਲਕੁਲ ਲਾਇਕ ਜਾਂ ਸ਼ੇਅਰ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਦੋਸ਼ੀਆਂ ਦਾ ਪਤਾ ਲਗਾਉਣ ਲਈ ਸਹਾਇਤਾ ਕੀਤੀ ਜਾਵੇ। ੧੮ ਨਵੰਬਰ

## ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਪਟਿਆਲਾ ਦੇ ਰਸਤੇ ਨੂੰ ਸੁਖਾਲਾ ਬਣਾਇਆ ਜਾਵੇ- ਪ੍ਰੋ. ਬਡੂੰਗਰ

### ਕੇਂਦਰੀ ਟਰਾਂਸਪੋਰਟ ਮੰਤਰੀ ਸ੍ਰੀ ਨਿਤਿਨ ਜੈ ਰਾਮ ਗਡਕਰੀ ਨੂੰ ਪੱਤਰ ਲਿਖਿਆ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਤਿਹਾਸਕ

ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਨੂੰ ਸਹੀ ਰਸਤਾ ਦਿੱਤੇ ਜਾਣ ਸਬੰਧੀ ਭਾਰਤ ਸਰਕਾਰ ਦੇ ਟਰਾਂਸਪੋਰਟ ਮੰਤਰੀ ਸ੍ਰੀ ਨਿਤਿਨ ਜੈ ਰਾਮ ਗਡਕਰੀ ਨੂੰ ਪੱਤਰ ਲਿਖਿਆ ਹੈ। ਪ੍ਰੋ. ਬਡੂੰਗਰ ਨੇ ਆਪਣੀ ਪੱਤਰਕਾ ਵਿੱਚ ਹਵਾਲਾ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਾ ਐਕਟ ੧੯੨੫ ਅਧੀਨ ਬਣੀ ਹੈ ਜੋ ਵਿਸ਼ਵ ਪੱਧਰ ਦੇ ਸਿੱਖਾਂ ਦੀ ਸਿਰਮੌਰ ਸੰਸਥਾ ਹੈ ਤੇ ਇਹ ਆਪਣੇ ਅਧੀਨ ਆਉਂਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਚਲਾਉਂਦੀ ਹੈ। ਉਨ੍ਹਾਂ ਪੰਜਾਬ ਵਿੱਚ ਸੜਕਾਂ ਅਤੇ ਪੁਲਾਂ ਦੇ ਵਿਕਾਸ ਕਾਰਜਾਂ ਨੂੰ ਜੰਗੀ ਪੱਧਰ ਤੇ ਚਲਾਉਣ ਲਈ ਸ੍ਰੀ ਨਿਤਿਨ ਜੈ ਰਾਮ ਗਡਕਰੀ ਦੀ ਪ੍ਰਸੰਸਾ ਕਰਦਿਆਂ ਉਨ੍ਹਾਂ ਦਾ ਧਿਆਨ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਜ਼ਿਲ੍ਹਾ ਪਟਿਆਲਾ ਵੱਲ ਦੁਆਇਆ। ਆਪਣੇ ਪੱਤਰ ਵਿੱਚ ਉਨ੍ਹਾਂ ਕਿਹਾ ਕਿ ਇਹ ਗੁਰਦੁਆਰਾ ਸਾਹਿਬ ਸਿੱਖ ਗੁਰਦੁਆਰਾ ਐਕਟ ੧੯੨੫ ਅਧੀਨ ਸ਼ੈਡਿਊਲ ੧ (ਫਸਟ) ਸੀਰੀਅਲ ਨੰਬਰ ੨੪੩ ਅਧੀਨ ਸ਼ਾਮਿਲ ਹੈ ਤੇ ਇਹ ਗੁਰਦੁਆਰਾ ਸਾਹਿਬ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਯਾਦ 'ਚ ਬਣਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਟਰਾਂਸਪੋਰਟ ਅਤੇ ਹਾਈਵੇ ਮੰਤਰਾਲੇ ਵੱਲੋਂ ਚੰਡੀਗੜ੍ਹ ਤੋਂ ਪਟਿਆਲਾ ਜਾਣ ਵਾਲੀ ਸੜਕ ਨੂੰ ਚੌੜਾ ਕੀਤਾ ਜਾ ਰਿਹਾ ਹੈ ਤੇ ਇਸੇ ਕਾਰਜ ਅਧੀਨ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਬਹਾਦਰਗੜ੍ਹ ਟਾਊਨ ਜ਼ਿਲ੍ਹਾ ਪਟਿਆਲਾ ਜੋ ਕਿ ਰਾਜਪੁਰਾ ਤੋਂ ਪਟਿਆਲਾ ਦੀ ਮੁੱਖ ਸੜਕ 'ਤੇ ਸਥਿਤ ਹੈ ਵਿਖੇ ਫਲਾਈਓਵਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਫਲਾਈਓਵਰ ਬਨਣ ਨਾਲ ਜੋ ਸੜਕ ਗੁਰਦੁਆਰਾ ਸਾਹਿਬ ਨਾਲ ਜੁੜਦੀ ਹੈ ਉਹ ਬੰਦ ਹੋ ਜਾਵੇਗੀ, ਜਿਸ ਦਾ ਨਤੀਜਾ ਇਹ ਹੋਵੇਗਾ ਕਿ ਇਸ ਸਥਾਨ ਪੁਰ ਨਤਮਸਤਿਕ ਹੋਣ ਆਉਣ ਵਾਲੀਆਂ ਸੰਗਤਾਂ ਨੂੰ ਪਰੇਸ਼ਾਨ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਵਿੱਚ ਵੱਖ-ਵੱਖ ਸਮਾਗਮਾਂ ਮੌਕੇ ਬਹੁਗਿਣਤੀ ਵਿੱਚ ਸੰਗਤਾਂ ਆਉਂਦੀਆਂ ਹਨ। ਉਨ੍ਹਾਂ ਕਿਹਾ ਕਿ ਨੈਸ਼ਨਲ ਹਾਈਵੇ 'ਤੇ ਗੁਰਦੁਆਰਾ ਸਾਹਿਬ ਹੋਣ ਕਰਕੇ ਬਹੁਤ ਸਾਰੇ ਸੈਲਾਨੀ ਤੇ ਸ਼ਰਧਾਲੂ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਰੁਕਦੇ ਹਨ ਅਤੇ ਸ਼ਰਧਾ ਨਾਲ ਲੰਗਰ ਛਕਦੇ ਹਨ। ਉਨ੍ਹਾਂ ਕਿਹਾ ਕਿ ਕੁਝ ਸ਼ਰਧਾਲੂ ਰਾਤ ਸਮੇਂ ਇਸ ਗੁਰਦੁਆਰਾ ਸਾਹਿਬ ਵਿੱਚ ਰੁਕਦੇ ਵੀ ਹਨ। ਉਨ੍ਹਾਂ ਕਿਹਾ ਕਿ ਹੁਣ ਗੁਰਦੁਆਰਾ ਸਾਹਿਬ ਨੂੰ ਜਾਣ ਵਾਲਾ ਰਸਤਾ ਰੁਕਣ ਕਾਰਣ ਇਸ ਇਲਾਕੇ ਵਿੱਚ ਬਹੁਤ ਭੀੜ ਹੋ ਜਾਂਦੀ ਹੈ।

ਉਨ੍ਹਾਂ ਸ੍ਰੀ ਨਿਤਿਨ ਗਡਕਰੀ ਨੂੰ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਤੱਥਾਂ ਦੇ ਅਧਾਰਪੁਰ ਸੰਗਤਾਂ ਨੂੰ ਆਉਣ ਵਾਲੀਆਂ ਸਮੱਸਿਆਵਾਂ ਨੂੰ ਮੱਦੇਨਜ਼ਰ ਰੱਖਦਿਆਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਪਟਿਆਲਾ ਨੂੰ ਜਾਣ ਵਾਲੇ ਰਸਤੇ ਨੂੰ ਸੁਖਾਲਾ ਬਣਾਇਆ ਜਾਵੇ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਲੋਕਾਂ ਦੀਆਂ ਸਹੂਲਤਾਂ ਨੂੰ ਮੁੱਖ ਰੱਖਦੇ ਹੋਏ ਇਸ ਤੇ ਗੌਰ ਫੁਰਮਾਇਆ ਜਾਵੇਗਾ। *੧੯ ਨਵੰਬਰ*

# ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਪਟਨਾ ਸਾਹਿਬ ਵਿਖੇ ਗੁਰਬਾਣੀ ਦੇ ਗੁਟਕੇ ਦੀ ਬੇਅਦਬੀ ਸਬੰਧੀ ਸਖ਼ਤ ਨੋਟਿਸ ਲਿਆ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਟਨਾ ਸਾਹਿਬ ਵਿਖੇ ਮਿਲੇ ਗੁਰਬਾਣੀ ਦੇ ਗੁਟਕੇ ਦੇ ਖਿਲਰੇ ਪੱਤਰਿਆਂ ਸਬੰਧੀ ਸਖ਼ਤ ਨੋਟਿਸ ਲਿਆ ਹੈ।

ਉਨ੍ਹਾਂ ਕਿਹਾ ਕਿ ਇਹ ਮੰਦਭਾਗੀ ਘਟਨਾ ਕਿਸੇ ਸ਼ਰਾਰਤੀ ਦਿਮਾਗ ਦੀ ਉਪਜ ਹੈ ਜੋ ਸ਼ਾਂਤ ਹਾਲਾਤਾਂ ਨੂੰ ਲਾਂਬੂ ਲਾਉਣਾ ਚਾਹੁੰਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚਲੀ ਬਾਣੀ ਸਾਂਝੀ ਵਾਲਤਾ ਦਾ ਸੰਦੇਸ਼ ਦੇਂਦੀ ਹੈ ਤੇ ਇਹ ਸੰਦੇਸ਼ ਚਹੁੰ ਵਰਣਾ ਲਈ ਸਾਂਝਾ ਹੈ। ਉਨ੍ਹਾਂ ਪਟਨਾ ਸਾਹਿਬ ਪ੍ਰਬੰਧਕੀ ਕਮੇਟੀ ਨੂੰ ਕਿਹਾ ਕਿ ਉਹ ਇਸ ਸ਼ਰਮਨਾਕ ਘਟਨਾ ਦੀ ਗੰਭੀਰਤਾ ਨਾਲ ਜਾਂਚ ਕਰਕੇ ਦੋਸ਼ੀ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਦਿਵਾਏ।

*੨੩ ਨਵੰਬਰ*

# ਸਿੱਖ ਸਿਧਾਂਤਾਂ ਨੂੰ ਖੋਰਾ ਲਾਉਣ ਵਾਲੀ ਕੋਈ ਵੀ ਕਾਰਵਾਈ ਬਰਦਾਸ਼ਤ ਨਹੀਂ ਹੋਵੇਗੀ- ਪ੍ਰੋ. ਬਡੂੰਗਰ

ਅੰਮ੍ਰਿਤਸਰ- ਸਿੱਖ ਸਿਧਾਂਤਾਂ ਨੂੰ ਖੋਰਾ ਲਾਉਣ ਵਾਲੀ ਕੋਈ ਵੀ ਕਾਰਵਾਈ ਬਰਦਾਸ਼ਤ ਨਹੀਂ ਹੋਵੇਗੀ ਤੇ ਕੌਮ ਦਾ ਨਿਆਰਾਪਣ ਬਰਕਰਾਰ ਰੱਖਣ ਵਾਸਤੇ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਥੋਂ ਜਾਰੀ ਪ੍ਰੈਸ ਬਿਆਨ ਵਿੱਚ ਕੀਤਾ। ਉਨ੍ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਰਾਸ਼ਟਰ ਪ੍ਰੇਮ ਉਤਸਵ ਦੇ ਨਾਮ ਹੇਠ ਦਿੱਲੀ ਦੇ ਪ੍ਰਗਤੀ ਮੈਦਾਨ ਵਿੱਚ ਕਰਵਾਏ ਜਾ ਰਹੇ ਸਮਾਗਮ ਲਈ ਵੰਡੇ ਗਏ ਸੱਦਾ ਪੱਤਰਾਂ 'ਤੇ ਦਸਮ ਪਿਤਾ ਦੇ ਬਰਾਬਰ ਸਵਾਮੀ ਵਿਵੇਕਾਨੰਦ ਦੀ ਤਸਵੀਰ ਲਾਉਣੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਪਰਸ਼ੂ ਰਾਮ ਦਾ ਅਵਤਾਰ ਦੱਸਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਧਰਮ ਦੇ ਮਹਾਂ ਯੁੱਧ ਵਿੱਚ ਗੁਰੂ ਸਾਹਿਬ ਜੀ ਨੇ ਆਪਣਾ ਸਾਰਾ ਸਰਬੰਸ ਵਾਰ ਦਿੱਤਾ ਜੋ ਸੰਸਾਰ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਹੈ। ਉਨ੍ਹਾਂ ਕਿਹਾ ਕਿ ਸਰਬੰਸਦਾਨੀ ਦਸਮੇਸ਼ ਪਿਤਾ ਨੇ ਭਵਿੱਖ ਦੀਆਂ ਪੀੜ੍ਹੀਆਂ ਨੂੰ ਹੱਕ, ਸੱਚ 'ਤੇ ਪਹਿਰਾ ਦੇਣ, ਮਜ਼ਲੂਮਾਂ ਦੀ ਰੱਖਿਆ ਅਤੇ ਧਰਮ ਵਿੱਚ ਪ੍ਰਪੱਕ ਰਹਿਣ ਦਾ ਸੁਨੇਹਾ ਦਿੱਤਾ ਹੈ।

ਪ੍ਰੋ. ਬਡੂੰਗਰ ਨੇ ਕਿਹਾ ਕਿ ਦਸਮ ਪਿਤਾ ਦੇ ਸੱਚੇ-ਸੁੱਚੇ ਫਲਸਫੇ ਮੁਤਾਬਕ ਅਤੇ ਗੁਰਬਾਣੀ ਅਨੁਸਾਰ ਕਰਵਾਏ ਜਾਣ ਵਾਲੇ ਪ੍ਰੋਗਰਾਮਾਂ ਦਾ ਸਵਾਗਤ ਕੀਤਾ ਜਾਵੇਗਾ, ਪਰ ਸਿੱਖ ਇਤਿਹਾਸ ਨੂੰ ਤੋੜ ਮਰੋੜ ਕੇ ਪੇਸ਼ ਕਰਨ ਦੀ ਆਗਿਆ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਹਰ ਧਰਮ ਦੇ ਆਗੂ, ਮਹਾਂਪੁਰਸ਼ ਸਤਿਕਾਰਯੋਗ ਹਨ ਇਸ ਲਈ ਸਾਰਿਆਂ ਧਰਮਾਂ ਦੇ ਪੈਰੋਕਾਰਾਂ ਨੂੰ ਕੋਈ ਵੀ ਪ੍ਰੋਗਰਾਮ ਉਲੀਕਣ ਤੋਂ ਪਹਿਲਾ ਉਸ ਬਾਬਤ ਪੂਰਨ ਜਾਣਕਾਰੀ ਹੋਣੀ ਚਾਹੀਦੀ ਹੈ ਤਾਂ ਜੋ ਧਾਰਮਿਕ ਭਾਵਨਾਵਾਂ ਦਾ ਖਿਆਲ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰੋਗਰਾਮ ਉਲੀਕਣ ਵਾਲਿਆਂ ਦੀਆਂ ਭਾਵਨਾਵਾਂ ਭਾਵੇਂ ਚੰਗੀਆਂ ਹੋਣ ਪਰ ਸਿੱਖ ਧਰਮ ਖਿਲਾਫ ਕੀਤੀ ਗਈ ਕਾਰਵਾਈ ਨੂੰ ਅਨਜਾਣਪੁਣੇ ਵਜੋਂ ਨਹੀਂ ਲਿਆ ਜਾ ਸਕਦਾ। *੨੫ ਨਵੰਬਰ*

# ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਵੁਲਵਰਹੈਂਪਟਨ ਯੂਨੀਵਰਸਿਟੀ ਵੱਲੋਂ ਸਿੱਖਾਂ ਬਾਰੇ ਸਰਵੇਖਣ ਦੀ ਰਿਪੋਰਟ ਜਾਰੀ ਕਰਨ ਦੀ ਸ਼ਲਾਘਾ

## ਸਿੱਖਾਂ ਨੂੰ ਦਰਪੇਸ਼ ਮੁਸ਼ਕਿਲਾਂ ਬਾਰੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖਾਂਗਾ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੈਸਟ ਮਿਡਲੈਂਡ ਦੀ ਵੁਲਵਰਹੈਂਪਟਨ ਯੂਨੀਵਰਸਿਟੀ ਵੱਲੋਂ ਸਿੱਖਾਂ ਬਾਰੇ ਕੀਤੇ ਗਏ ਸਰਵੇਖਣ ਦੀ ਰਿਪੋਰਟ ਜਾਰੀ ਕਰਕੇ ਬਹੁਤ ਹੀ ਸ਼ਲਾਘਾਯੋਗ ਕਾਰਜ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸਰਵੇਖਣ ਸੰਸਾਰ ਦੇ ਸਾਰੇ ਦੇਸ਼ਾਂ 'ਚ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਕਿਸੇ ਕੌਮ ਦੀ ਸਹੀ ਤਸਵੀਰ ਸਾਹਮਣੇ ਆਉਣ ਦੇ ਨਾਲ ਨਾਲ ਉਸਨੂੰ ਦਰਪੇਸ਼ ਮੁਸ਼ਕਲਾਂ ਅਤੇ ਪਹਿਚਾਣ ਸਾਹਮਣੇ ਆਉਂਦੀ ਹੈ। ਉਨ੍ਹਾਂ ਕਿਹਾ ਕਿ ਵੁਲਵਰਹੈਂਪਟਨ ਯੂਨੀਵਰਸਿਟੀ ਦੀ ਰਿਪੋਰਟ ਨਾਲ ਬਰਤਾਨੀਆਂ 'ਚ ਜਿਥੇ ਸਿੱਖਾਂ ਦੀ ਪਹਿਚਾਣ ਉਭਰ ਕੇ ਸਾਹਮਣੇ ਆਈ ਹੈ ਉਥੇ ਨਾਲ ਨਾਲ ਸਿੱਖਾਂ ਨਾਲ ਹੋ ਰਹੇ ਵਿਤਕਰੇ, ਨਫਰਤ ਤੇ ਉਨ੍ਹਾਂ ਨੂੰ ਗੁੰਮਰਾਹ ਕਰਨਾ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਕਿ ਇਸ ਰਿਪੋਰਟ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਬਰਤਾਨੀਆਂ 'ਚ ਸਿੱਖਾਂ ਦੀ ਸਮਾਜ ਨੂੰ ਦੇਣ, ਉਨ੍ਹਾਂ ਦੀਆਂ ਹਰ ਪ੍ਰਕਾਰ ਦੀਆਂ ਰਾਜਨੀਤਿਕ, ਸਮਾਜਿਕ ਤੇ ਧਾਰਮਿਕ ਸਰਗਰਮੀਆਂ ਅਤੇ ਨੁਮਾਇੰਦਗੀ ਬਾਰੇ ਵੀ ਪਤਾ ਚੱਲਿਆ ਹੈ। ਉਨ੍ਹਾਂ ਕਿਹਾ ਕਿ ਇਸ ਰਿਪੋਰਟ ਤੋਂ ਜੋ ਤੱਥ ਸਾਹਮਣੇ ਆਏ ਹਨ ਉਨ੍ਹਾਂ ਨੂੰ ਦੇਖ ਕੇ ਹੈਰਾਨਗੀ ਤੇ ਬੇਗਾਨਗੀ ਦਾ ਅਹਿਸਾਸ ਹੁੰਦਾ ਹੈ

ਕਿ ਬਰਤਾਨੀਆ ਵਿਚ ੯੧% ਸਿੱਖਾਂ ਕੋਲ ਨਾਗਰਿਕਤਾ ਹੈ ੬੦% ਹਿੱਸਾ ਕੇਵਲ ਉਥੋਂ ਦੇ ਜੰਮਪਲ ਹੋਣ ਦੇ ਬਾਵਜੂਦ ਵੀ ਸਿੱਖਾਂ ਦੀ ਸਹੀ ਪਹਿਚਾਣ ਕਿਉਂ ਨਹੀਂ ਹੋ ਰਹੀ। ਸਿੱਖਾਂ ਤੇ ਨਸਲੀ ਹਮਲੇ ਕਿਉਂ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਬਰਤਾਨੀਆ ਸਰਕਾਰ ਨੂੰ ਇਸ ਵੱਲੋਂ ਖਾਸ ਧਿਆਨ ਦੇ ਕੇ ਉਥੋਂ ਦੇ ਵਸਨੀਕ ਸਿੱਖਾਂ ਨੂੰ ਉਨ੍ਹਾਂ ਦੀ ਧਾਰਮਿਕ ਅਜ਼ਾਦੀ ਦੇ ਨਾਲ ਨਾਲ ਬਣਦਾ ਮਾਣ ਸਤਿਕਾਰ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੰਸਾਰ ਦੀ ਪਹਿਲੀ ਜੰਗ 'ਚ ਸਿੱਖਾਂ ਨੇ ਕੁਰਬਾਨੀਆਂ ਦੇ ਕੇ ਮਹੱਤਵਪੂਰਨ ਭੂਮਿਕਾ ਨਿਭਾਈ ਹੈ ਤੇ ਅੱਜ ਦੇਸ਼ ਵਿਦੇਸ਼ ਵਿਚ ਵਸ ਰਹੇ ਸਿੱਖ ਉਚੇ ਅਹੁਦਿਆਂ ਤੇ ਬਿਰਾਜਮਾਨ ਹੋ ਕੇ ਉਨ੍ਹਾਂ ਮੁਲਕਾਂ ਦਾ ਮਾਣ ਸਤਿਕਾਰ ਵਧਾ ਰਹੇ ਹਨ। ਪਰ ਫੇਰ ਵੀ ਸਿੱਖਾਂ ਤੇ ਨਸਲੀ, ਨਫਰਤੀ ਹਮਲੇ ਹੋਣੋ ਨਹੀਂ ਰੁਕ ਰਹੇ। ਉਨ੍ਹਾਂ ਕਿਹਾ ਕਿ ਬਰਤਾਨੀਆ ਦੀ ਸਰਕਾਰ ਨੂੰ ਸਿੱਖਾਂ ਤੇ ਹੋਏ ਨਸਲੀ ਹਮਲਿਆ ਨੂੰ ਕੂਟਨੀਤਿਕ ਤੌਰ ਤੇ ਸਰਲ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਸਿੱਖਾਂ ਦੀ ਨੁਮਾਇੰਦਾ ਜਮਾਤ ਸ਼੍ਰੋਮਣੀ ਗੁ:ਪ੍ਰ: ਕਮੇਟੀ ਦਾ ਪ੍ਰਧਾਨ ਹੋਣ ਦੇ ਨਾਤੇ ਭਾਰਤ ਦੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖਿਆ ਜਾਵੇਗਾ ਕਿ ਬਰਤਾਨਵੀ ਸਰਕਾਰ ਨੂੰ ਇਸ ਸਮੱਸਿਆ ਦਾ ਜਲਦੀ ਕੋਈ ਠੋਸ ਹੱਲ ਕੱਢਣ ਲਈ ਕੂਟਨੀਤਿਕ ਸਬੰਧੀ ਦੀ ਵਰਤੋਂ ਕੀਤੀ ਜਾਵੇ ਤਾਂ ਜੋ ਸਿੱਖਾਂ ਨੂੰ ਵਿਦੇਸ਼ਾਂ ਵਿਚ ਰਹਿੰਦਿਆਂ ਕਿਸੇ ਤਰ੍ਹਾਂ ਦੀ ਵੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ ਤੇ ਹਰ ਸਿੱਖ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰੇ। ਉਨ੍ਹਾਂ ਕਿਹਾ ਕਿ ਵੈਸਟ ਮਿਡਲੈਂਡ ਦੀ ਵੁਲਵਰਹੈਂਪਟਨ ਯੂਨੀਵਰਸਿਟੀ ਸਿੱਖਾਂ ਸਬੰਧੀ ਰਿਪੋਰਟ ਜਾਰੀ ਕਰਨ ਲਈ ਵਧਾਈ ਦੀ ਪਾਤਰ ਹੈ। *੨੬ ਨਵੰਬਰ*

# ਨੌਜਵਾਨ ਪੀੜ੍ਹੀ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਕੁਰਬਾਨੀਆਂ ਤੋਂ ਸਬਕ ਲਵੇ- ਪ੍ਰੋ: ਬਡੂੰਗਰ

## ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨਤਮਸਤਕ ਹੋਣ ਤੇ ਕੀਤਾ ਸਨਮਾਨਿਤ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਿਕ ਹੋਣ ਤੇ ਨਿੱਘਾ ਸਵਾਗਤ ਕੀਤਾ। ਸ੍ਰੀ ਮੋਦੀ ਨਾਲ ਇਸ ਸਮੇਂ ਪੰਜਾਬ ਦੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ, ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ, ਕੇਂਦਰੀ ਫੂਡ ਪ੍ਰੋਸੈਸਿੰਗ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਤੇ ਪੰਜਾਬ ਭਾਜਪਾ ਪ੍ਰਧਾਨ ਸ੍ਰੀ ਵਿਜੇ ਸਾਂਪਲਾ ਵੀ ਨਤਮਸਤਿਕ ਹੋਏ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਤਖ਼ਤ ਸਾਹਿਬ ਵਿਖੇ ਸ਼ਰਧਾ-ਭਾਵਨਾ ਨਾਲ ਮੱਥਾ ਟੇਕਿਆ ਅਰਦਾਸ ਕੀਤੀ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਲਈ। ਉਨ੍ਹਾਂ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਮੱਲ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਲੋਈ, ਸਿਰੋਪਾਓ, ਸ੍ਰੀ ਸਾਹਿਬ ਤੇ ਧਾਰਮਿਕ ਪੁਸਤਕਾਂ ਦਾ ਸੈਟ ਭੇਟ ਕੀਤਾ।

ਇਸ ਉਪਰੰਤ ਸਾਰੀਆਂ ਪ੍ਰਮੁੱਖ ਸ਼ਖ਼ਸੀਅਤਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਗਈਆਂ। ਸਮਾਗਮ ਵਿੱਚ ਬੋਲਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਸੰਗਤਾਂ ਨੂੰ ਸਾਹਿਬ-ਏ-ਕਮਾਲ, ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਤੋਂ ਸੇਧ ਲੈ ਕੇ ਸਿੱਖੀ ਸਰੂਪ ਵਿੱਚ ਪਰਪੱਕ ਰਹਿਣ ਲਈ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਦੁਨੀਆਂ ਦੇ ਇਤਿਹਾਸ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹੀ ਸਨ ਜਿਨ੍ਹਾਂ ਆਪਣਾ ਪਿਤਾ, ਆਪਣੀ ਮਾਤਾ ਤੇ ਫੇਰ ਆਪਣੇ ਲ਼ਖ਼ਤੇ ਜ਼ਿਗਰ ਚਾਰੋਂ ਲਾਲ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ, ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ, ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ ਤੇ ਸਾਹਿਬਜ਼ਾਦਾ ਬਾਬਾ ਫ਼ਤਿਹ ਸਿੰਘ ਜੀ ਦੀ ਸ਼ਹਾਦਤ ਭਰੀ ਕੁਰਬਾਨੀ ਦੇ ਕੇ ਸੰਤ ਤੇ ਸਿਪਾਹੀ ਦੀ ਵਿਲੱਖਣ ਉਦਾਹਰਣ ਕਾਇਮ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ

ਪੰਜਾਂ ਜਾਤਾਂ ਦੇ ਪੰਜ ਸਿਰਲੱਥ ਯੋਧੇ ਲੈ ਕੇ ਪਹਿਲਾਂ ਉਨ੍ਹਾਂ ਨੂੰ ਅੰਮ੍ਰਿਤ ਛਕਾਇਆ ਤੇ ਫੇਰ ਆਪ ਉਨ੍ਹਾਂ ਤੋਂ ਅੰਮ੍ਰਿਤਪਾਨ ਕਰਕੇ ਆਪੇ ਗੁਰ ਚੇਲਾ ਦਾ ਉਪਦੇਸ਼ ਦਿੱਤਾ ਤੇ ਜਾਤ-ਪਾਤ ਦੇ ਭਰਮ-ਭੁਲੇਖਿਆਂ ਨੂੰ ਦੂਰ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਤੇ ਉਨ੍ਹਾਂ ਦੇ ਪ੍ਰੀਵਾਰ ਅਤੇ ਸ਼ਹੀਦ ਸਿੰਘਾਂ ਦੀਆਂ ਕੁਰਬਾਨੀਆਂ ਤੋਂ ਸਬਕ ਲੈ ਕੇ ਆਪਣੇ ਧਰਮ ਵਿੱਚ ਪ੍ਰਪੱਕ ਰਹਿੰਦੇ ਹੋਏ ਅੰਮ੍ਰਿਤਪਾਨ ਕਰਕੇ ਦਸਮ ਪਿਤਾ ਦੇ ਉਪਦੇਸ਼ਾਂ 'ਤੇ ਚੱਲਣਾ ਚਾਹੀਦਾ ਹੈ। ਇਸ ਸਮਾਗਮ ਮੌਕੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਇਲਾਵਾ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ, ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਤੇ ਪੰਜਾਬ ਭਾਜਪਾ ਪ੍ਰਧਾਨ ਸ੍ਰੀ ਵਿਜੇ ਸਾਂਪਲਾ ਨੇ ਵੀ ਸੰਬੋਧਨ ਕੀਤਾ। ਸਟੇਜ ਦਾ ਸੰਚਾਲਨ ਸਿੱਖਿਆ ਮੰਤਰੀ ਪੰਜਾਬ ਡਾ: ਦਲਜੀਤ ਸਿੰਘ ਚੀਮਾ ਨੇ ਕੀਤਾ।

ਇਸ ਮੌਕੇ ਸ੍ਰ:ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ.ਹਰਚਰਨ ਸਿੰਘ ਮੁੱਖ ਸਕੱਤਰ, ਸ.ਅਵਤਾਰ ਸਿੰਘ ਸਕੱਤਰ, ਸ.ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ, ਸ.ਸੁਖਦੇਵ ਸਿੰਘ ਭੂਰਾਕੋਹਨਾ ਨਿੱਜੀ ਸਹਾਇਕ,ਸ.ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ, ਸ.ਸਕੱਤਰ ਸਿੰਘ ਮੀਤ ਸਕੱਤਰ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

*੨੯ ਨਵੰਬਰ*

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੁਲਾਜਮ ਆਪਣੇ ਫਰਜ਼ਾਂ ਦੀ ਸਹੀ ਪੂਰਤੀ ਕਰਨ- ਪ੍ਰੋ: ਬਡੂੰਗਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਮੂਹ ਅਧਿਕਾਰੀਆਂ, ਕਰਮਚਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਪ੍ਰੋ: ਬਡੂੰਗਰ ਨੇ ਸਾਰੇ ਸਮੂਹ ਸਟਾਫ ਨੂੰ ਗੁਰੂ-ਘਰ ਦੀ ਸੇਵਾ ਬਿਹਤਰ ਢੰਗ ਤੇ ਸ਼ਰਧਾ ਨਾਲ ਨਿਭਾਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਅਕਾਲ ਪੁਰਖ ਵੱਲੋਂ ਗੁਰੂ ਘਰਾਂ ਦੀ ਸਾਂਭ-ਸੰਭਾਲ ਦੀ ਸੇਵਾ ਬਖਸ਼ਿਸ਼ ਹੋਣਾ, ਵੱਡੇ ਭਾਗ ਸਮਝਣੇ ਚਾਹੀਦੇ ਹਨ। ਇਮਾਨਦਾਰੀ ਮਨੁੱਖ ਨੂੰ ਸਚਿਆਰ, ਧਰਮ ਕਰਮ ਲਈ ਉਤਸ਼ਾਹਿਤ ਕਰਦੀ ਹੈ। ਇਮਾਨਦਾਰ ਮਨੁੱਖ ਨਿਰਭੈ ਤੇ ਗੁਰੂ ਹੁਕਮ ਅੰਦਰ ਰਹਿੰਦਾ ਹੈ। ਹਰੇਕ ਨੂੰ ਆਪਣਾ ਕਾਰਜ ਸਾਫਗੋਈ ਤੇ ਸ਼ਰਧਾ ਭਾਵਨਾ, ਇਮਾਨਦਾਰੀ ਨਾਲ ਗੁਰੂ ਘਰ ਨੂੰ ਸਮਰਪਿਤ ਹੋ ਕੇ ਕਰਨਾ ਚਾਹੀਦਾ ਹੈ।

ਉਨ੍ਹਾਂ ਸਪੱਸ਼ਟ ਤੌਰ 'ਤੇ ਮੁਲਾਜਮਾਂ ਨੂੰ ਆਪਣੀ ਡਿਊਟੀ ਲਈ ਤਤਪਰ ਰਹਿ ਕੇ ਨਿਭਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਢਿੱਲਮਠ, ਲਾਪ੍ਰਵਾਹੀ ਤੇ ਬੇਈਮਾਨੀ ਬਰਦਾਸ਼ਤ ਨਹੀਂ ਹੋਵੇਗੀ। ਹਰੇਕ ਕਰਮਚਾਰੀ ਦਰਜਾ-ਬ-ਦਰਜਾ ਆਪਣੇ ਅਧਿਕਾਰੀਆਂ ਦਾ ਸਤਿਕਾਰ ਕਾਇਮ ਰੱਖੇ। ਸੰਗਤ ਨਾਲ ਸੇਵਾਦਾਰ ਪੂਰਨ ਸਤਿਕਾਰ ਨਾਲ ਵਿਵਹਾਰ ਕਰਨ। ਪ੍ਰੋ:ਬਡੂੰਗਰ ਨੇ ਕਿਹਾ ਕਿ ਗੁਰੂ ਘਰ ਦੇ ਕਾਰਜ ਨੂੰ ਸ਼੍ਰੋਮਣੀ ਕਮੇਟੀ ਦੇ ਸਮੂਹ ਕਰਮਚਾਰੀ-ਪਰਿਵਾਰ ਨੇ ਰਲ-ਮਿਲ ਕੇ ਸਤਿਕਾਰ ਸਹਿਤ ਕਰਨਾ ਹੈ। ਕੋਈ ਤੇਰ-ਮੇਰ ਤੇ ਉਚ-ਨੀਚ ਨਹੀਂ ਹੋਣੀ ਚਾਹੀਦੀ।

ਉਨ੍ਹਾਂ ਕਿਹਾ ਕਿ ਬਹੁਤ ਵੱਡੇ ਸ਼ੰਘਰਸ਼ ਤੋਂ ਬਾਅਦ ਇਹ ਸੰਸਥਾ ਹੋਂਦ ਵਿਚ ਆਈ। ਜਿਸ ਲਈ ਵੱਡੀਆਂ ਕੁਰਬਾਨੀਆਂ ਦੇਣੀਆਂ ਪਈਆਂ। ਇਸ ਦੇ ਪ੍ਰਧਾਨ ਵੱਡੇ ਜਰਨੈਲ ਤੇ ਜੋਧੇ ਹੋਏ ਹਨ, ਜਿਨ੍ਹਾਂ ਨੇ ਕੌਮ ਲਈ ਫਖਰਯੋਗ ਕਾਰਜ ਕੀਤੇ ਹਨ। ਉਨ੍ਹਾਂ ਕਿਹਾ ਕਿ ਮੇਰੇ ਪਰਿਵਾਰ ਦਾ ਵੀ ਕੋਈ ਮੈਂਬਰ ਸ਼੍ਰੋਮਣੀ ਕਮੇਟੀ ਦੇ ਕਾਰ ਵਿਹਾਰ ਵਿਚ ਦਖ਼ਲ ਨਹੀਂ ਦੇਵੇਗਾ। ਉਨ੍ਹਾਂ ਸਮੂਹ ਮੁਲਾਜ਼ਮਾਂ ਨੂੰ ਆਦੇਸ਼ ਦਿੱਤਾ ਹੈ ਕਿ ਕੋਈ ਵੀ ਮੁਲਾਜ਼ਮ ਮੇਰੇ ਗੋਡੇ ਜਾਂ ਪੈਰੀਂ ਹੱਥ ਨਾ ਲਾਵੇ ਸਗੋਂ ਗੁਰੂ ਜੀ ਵੱਲੋਂ ਬਖਸ਼ੀ ਫਤਹਿ "ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ॥" ਬੁਲਾਵੇ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਹੀ ਮੇਰਾ ਪਰਿਵਾਰ ਹਨ। ਮੈਂ ਇਨ੍ਹਾਂ ਦੇ ਹਰ ਦੁੱਖ-ਸੁੱਖ ਵਿਚ ਸ਼ਾਮਲ ਹੋਵਾਂਗਾ। ਉਨ੍ਹਾਂ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਰੇ ਮੈਂਬਰ ਸਾਹਿਬਾਨ, ਉੱਚ-ਅਧਿਕਾਰੀਆਂ ਦਾ ਸਤਿਕਾਰ ਲਾਜ਼ਮੀ ਹੈ। ਵਿਰੋਧੀ ਧਿਰ ਦੇ ਮੈਂਬਰ ਸਾਹਿਬਾਨ ਨੂੰ ਵੀ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਅੱਜ ਜਟਿਲ ਕਿਸਮ ਦੀਆਂ ਚੁਣੌਤੀਆਂ ਮੂੰਹ ਅੱਡੀ ਖੜ੍ਹੀਆਂ ਹਨ, ਜਿਨਾਂ ਦਾ

ਟਾਕਰਾ ਸਭ ਨੇ ਰਲ-ਮਿਲ ਕੇ ਕਰਨਾ ਹੈ। ਉਨ੍ਹਾਂ ਕਿਹਾ ਕਿ ਜਥੇ. ਅਵਤਾਰ ਸਿੰਘ ਨੇ ੧੧ ਸਾਲ ਇਸ ਸੰਸਥਾ ਦੀ ਸੇਵਾ ਕੀਤੀ ਹੈ। ਉਨ੍ਹਾਂ ਬਹੁਤ ਵੱਡੇ ਕਾਰਜ ਕੀਤੇ ਹਨ ਤੇ ਅਸੀਂ ਉਨ੍ਹਾਂ ਦੇ ਧੰਨਵਾਦੀ ਹਾਂ।

ਇਸ ਮੌਕੇ ਨਵਨਿਯੁਕਤ ਹੋਏ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮੁੱਚੀ ਕਾਰਜਕਾਰਨੀ ਅਤੇ ਸਾਰੇ ਅਧਿਕਾਰੀ ਗੁਰੂ ਦੀ ਭੈਅ ਭਾਵਨੀ ਵਿਚ ਰਹਿੰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਅਗਵਾਈ ਵਿਚ ਇਮਾਨਦਾਰੀ ਨਾਲ ਸੇਵਾ ਨਿਭਾਉਣ। ਇਸ ਮੌਕੇ ਸ. ਹਰਚਰਨ ਸਿੰਘ ਮੁੱਖ ਸਕੱਤਰ ਸਮੇਤ ਸਾਰੇ ਸਕੱਤਰ ਸਾਹਿਬਾਨ, ਅਧਿਕਾਰੀ ਤੇ ਸਟਾਫ ਹਾਜ਼ਰ ਸੀ। *੧੧ ਨਵੰਬਰ*

# ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਜਾਗ੍ਰਿਤੀ ਯਾਤਰਾ ਦਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਪਹੁੰਚਣ 'ਤੇ ਨਿੱਘਾ ਸਵਾਗਤ

## ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਉਚੇਚੇ ਤੌਰ 'ਤੇ ਪਹੁੰਚੇ

ਸ੍ਰੀ ਅਨੰਦਪੁਰ ਸਾਹਿਬ- ਸਾਹਿਬ-ਏ-ਕਮਾਲ, ਸਰਬੰਸਦਾਨੀ, ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੱਲੀ ਜਾਗ੍ਰਿਤੀ ਯਾਤਰਾ ਦਾ ੨੨ ਨਵੰਬਰ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਦਸਮੇਸ਼ ਪਿਤਾ ਦੀ ਜਨਮ ਭੂਮੀ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਆਰੰਭ ਹੋਈ ਜਾਗ੍ਰਿਤੀ ਯਾਤਰਾ ਜਦ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਵਰੋਸਾਈ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਕੂਲੀ ਬੈਂਡਾਂ, ਧਾਰਮਿਕ ਸਭਾ ਸੁਸਾਇਟੀਆਂ ਤੇ ਸੰਗਤਾਂ ਦੇ ਨਾਲ ਸਤਿਨਾਮੁ ਵਾਹਿਗੁਰੂ ਦਾ ਜਾਪ ਕਰਦਿਆਂ ਪਹੁੰਚੀ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਯਾਤਰਾ ਵਿੱਚ ਸ਼ਾਮਿਲ ਸੰਗਤਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਜਾਗ੍ਰਿਤੀ ਯਾਤਰਾ ਵਿੱਚ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ ਦੇ ਨਾਲ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਸ੍ਰੀ ਨਿਤਿਸ਼ ਕੁਮਾਰ ਨਾਲ ਇਸ ਜਾਗ੍ਰਿਤੀ ਯਾਤਰਾ ਵਿੱਚ ਬਿਹਾਰ ਦੀ ਸੈਰ ਸਪਾਟਾ ਮੰਤਰੀ ਸ੍ਰੀ ਅਨੀਤਾ ਕੁਮਾਰੀ, ਸ੍ਰੀ ਚੰਦਰ ਕੁਮਾਰ ਪਰਸਨਲ ਸਕੱਤਰ, ਸ੍ਰੀ ਮਨੀਸ਼ ਕੁਮਾਰ ਵਰਮਾ ਸੀ ਐਮ ਸਕੱਤਰ, ਸ੍ਰੀ ਸੁਨੀਲ ਕੁਮਾਰ ਏ ਡੀ ਸੀ, ਸ੍ਰੀ ਵਿਪਨ ਕੁਮਾਰ ਰੈਜ਼ੀਡੈਂਸ਼ਲ ਕਮਿਸ਼ਨਰ, ਸ੍ਰੀ ਬਚਨ ਸਿੰਘ ਆਈ ਜੀ, ਡੀ ਆਈ ਜੀ ਸ੍ਰੀ ਸਾਲੀਨ, ਸ੍ਰੀ ਦਿਨੇਸ਼ ਚੰਦਰ ਰਾਏ ਪ੍ਰਾਈਵੇਟ ਸਕੱਤਰ, ਸ੍ਰੀ ਰਾਜੇਸ਼ ਕੁਮਾਰ ਡੀ ਐਸ ਪੀ ਅਤੇ ਬੀਬੀ ਹਰਜੀਤ ਕੌਰ ਪ੍ਰਿੰਸੀਪਲ ਸਕੱਤਰ ਸੈਰ ਸਪਾਟਾ ਵਿਭਾਗ ਵੀ ਇਸ ਜਾਗ੍ਰਿਤੀ ਯਾਤਰਾ ਵਿੱਚ ਸ਼ਾਮਿਲ ਹੋਏ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਫੁੱਲਾਂ ਨਾਲ ਸਜੀ ਪਾਲਕੀ ਸਾਹਿਬ ਤਖ਼ਤ ਸਾਹਿਬ ਵਿਖੇ ਪਹੁੰਚਣ ਤੇ ਸੰਗਤਾਂ ਨੇ ਫੁੱਲਾਂ ਦੀ ਵਰਖਾ ਕੀਤੀ ਤੇ ਇਸ ਉਪਰੰਤ ਡਾ: ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਤੇ ਸੰਗਤਾਂ ਨੇ ਸਤਿਨਾਮੁ ਵਾਹਿਗੁਰੂ ਦਾ ਜਾਪੁ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪੂਰਨ ਗੁਰ-ਮਰਯਾਦਾ ਅਨੁੰਸਾਰ ਤਖ਼ਤ ਸਾਹਿਬ ਦੇ ਸੁਖਆਸਣ ਸਾਹਿਬ ਵਾਲੇ ਅਸਥਾਨ ਤੇ ਬਿਰਾਜਮਾਨ ਕੀਤਾ। ਇਸ ਉਪਰੰਤ ਸ੍ਰੀ ਨਿਤਿਸ਼ ਕੁਮਾਰ ਤੇ ਉਨ੍ਹਾਂ ਨਾਲ ਆਈਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਅਤੇ ਨਗਰ ਕੀਰਤਨ ਵਿੱਚ ਸ਼ਾਮਿਲ ਸੰਗਤਾਂ ਨੇ ਬੜੀ ਸ਼ਰਧਾ-ਭਾਵਨਾ ਨਾਲ ਤਖ਼ਤ ਸਾਹਿਬ ਦੇ ਦਰਸ਼ਨ ਕੀਤੇ।

ਤਖ਼ਤ ਸਾਹਿਬ ਦੇ ਦਰਸ਼ਨਾ ਉਪਰੰਤ ਸ੍ਰੀ ਨਿਤਿਸ਼ ਕੁਮਾਰ ਦੀਵਾਨ ਹਾਲ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ਸਾਲਾ ਪ੍ਰਕਾਸ਼ ਦਿਹਾੜੇ ਸਬੰਧੀ ਸਜਾਏ ਗਏ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰਨ ਲਈ ਪਹੁੰਚੇ। ਅੱਜ ਦੁਪਹਿਰ ਤੋਂ ਹੀ ਗੁਰਮਤਿ ਸਮਾਗਮ ਵਿੱਚ ਪੰਥ ਪ੍ਰਸਿੱਧ ਵੱਖ-ਵੱਖ ਰਾਗੀ ਜਥਿਆਂ ਨੇ ਸੰਗਤਾਂ ਨੂੰ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਨਿਹਾਲ ਕੀਤਾ ਤੇ ਢਾਡੀ ਤੇ ਕਵੀਸ਼ਰੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰ-ਇਤਿਹਾਸ ਨਾਲ ਜੋੜਿਆ

ਗਿਆ। ਇਸ ਉਪਰੰਤ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸਾਹਿਬ-ਏ-ਕਮਾਲ, ਚਿੱਟਿਆਂ ਬਾਜਾਂ ਵਾਲੇ, ਮਹਾਨ ਸੂਰਮੇ, ਤੇਗ ਦੇ ਧਨੀ, ਕੁਰਬਾਨੀ ਦੇ ਪੁੰਜ, ਸਰਬੰਸ ਦਾਨੀ, ਮਨੁੱਖੀ ਸੁਧਾਰਾਂ ਦੇ ਰਹਿਬਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜਿਹਾ ਇਸ ਦੁਨੀਆਂ ਤੇ ਕੋਈ ਸਾਨੀ ਨਹੀਂ। ਉਨ੍ਹਾਂ ਕਿਹਾ ਕਿ ਦਸਮ ਪਿਤਾ ਨੇ ਜ਼ਬਰ ਤੇ ਜ਼ੁਲਮ ਦਾ ਟਾਕਰਾ ਕੀਤਾ ਤੇ ਮਜ਼ਲੂਮਾ ਦੀ ਰੱਖਿਆ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਜਨਮ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਹੋਇਆ ਤੇ ਆਪਣੀ ਜ਼ਿੰਦਗੀ ਦਾ ਲੰਮਾ ਸਮਾਂ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਤੇ ਗੁਜ਼ਾਰਿਆ। ਉਨ੍ਹਾਂ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਤੇ ਉਨ੍ਹਾਂ ਨਾਲ ਆਏ ਪਤਵੰਤਿਆਂ, ਤਖ਼ਤ ਸ੍ਰੀ ਪਟਨਾ ਸਾਹਿਬ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਜੀ ਆਇਆਂ ਕਿਹਾ। ਉਨ੍ਹਾਂ ਕਿਹਾ ਕਿ ਸ੍ਰੀ ਨਿਤਿਸ਼ ਕੁਮਾਰ ਜੀ ਨੇ ਬਿਹਾਰ ਦੇ ਮੁੱਖ ਮੰਤਰੀ ਹੁੰਦਿਆਂ ਹੋਇਆਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ੩੫੦ ਸਾਲਾ ਪ੍ਰਕਾਸ਼ ਦਿਹਾੜਾ ਮਨਾਉਣ ਵਿੱਚ ਜੋ ਅਹਿਮ ਯੋਗਦਾਨ ਪਾਇਆ ਹੈ ਤੇ ਜਿਸ ਸ਼ਰਧਾ-ਭਾਵਨਾ ਨਾਲ ਉਹ ਜਾਗ੍ਰਿਤੀ ਯਾਤਰਾ ਵਿੱਚ ਸ਼ਾਮਿਲ ਹੋ ਕੇ ਖਾਲਸੇ ਦੀ ਜਨਮ ਭੂਮੀ ਤਖ਼ਤ ਸ੍ਰੀ ਪਟਨਾ ਵਿਖੇ ਦਰਸ਼ਨਾ ਲਈ ਆਏ ਹਨ ਮੇਰੇ ਪਾਸ ਉਨ੍ਹਾਂ ਦੀ ਤਾਰੀਫ਼ ਲਈ ਕੋਈ ਸ਼ਬਦ ਨਹੀਂ। ਉਨ੍ਹਾਂ ਸ੍ਰੀ ਨਿਤਿਸ਼ ਕੁਮਾਰ, ਉਨ੍ਹਾਂ ਨਾਲ ਜਾਗ੍ਰਿਤੀ ਯਾਤਰਾ ਵਿੱਚ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਇਸ ਪਾਵਨ-ਪਵਿੱਤਰ ਅਸਥਾਨ ਤੇ ਆਉਣ ਲਈ ਸਮੁੱਚੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ੍ਰੀ ਅਨੰਦਪੁਰ ਸਾਹਿਬ ਦੀਆਂ ਸੰਗਤਾਂ ਵੱਲੋਂ ਦਿਲ ਦੀਆਂ ਗਹਿਰਾਈਆਂ 'ਚੋਂ ਜੀ ਆਇਆਂ ਕਹਿੰਦਿਆਂ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਜਿੱਥੇ ਭਾਰਤ ਸਰਕਾਰ ਤੇ ਬਿਹਾਰ ਸਰਕਾਰ ਵੱਲੋਂ ਇਸ ਮਹਾਨ ਕਾਰਜ ਵਿੱਚ ਆਪਣਾ ਯੋਗਦਾਨ ਪਾਇਆ ਜਾ ਰਿਹਾ ਹੈ ਓਥੇ ਪੰਜਾਬ ਸਰਕਾਰ ਵੀ ਇਸ ਪਾਵਨ ਦਿਹਾੜੇ ਸਬੰਧੀ ਵੱਖ-ਵੱਖ ਅਸਥਾਨਾ ਤੇ ਸਮਾਗਮ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਮੈਂ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਦੇ ਨਾਲ-ਨਾਲ ਪੰਜਾਬ ਦੇ ਮੁੱਖ ਮੰਤਰੀ ਸ.ਪ੍ਰਕਾਸ਼ ਸਿੰਘ ਬਾਦਲ, ਉਪ ਮੁੱਖ ਮੰਤਰੀ ਸ.ਸੁਖਬੀਰ ਸਿੰਘ ਬਾਦਲ ਤੇ ਸਮੁੱਚੀ ਪੰਜਾਬ ਸਰਕਾਰ ਦਾ ਵੀ ਤਹਿ ਦਿਲੋਂ ਧੰਨਵਾਦੀ ਹਾਂ ਜਿਨ੍ਹਾਂ ਦੇ ਭਰਪੂਰ ਸਹਿਯੋਗ ਸਦਕਾ ਅਸੀਂ ਇਹ ਸਮਾਗਮ ਕਰਨ ਵਿੱਚ ਸਫ਼ਲ ਹੋ ਰਹੇ ਹਾਂ।

ਸ੍ਰੀ ਨਿਤਿਸ਼ ਕੁਮਾਰ ਮੁੱਖ ਮੰਤਰੀ ਬਿਹਾਰ ਨੇ ਬੋਲਦਿਆਂ ਕਿਹਾ ਕਿ ਸ੍ਰੀ ਪਟਨਾ ਸਾਹਿਬ ਦੀ ਧਰਤੀ ਬੜੇ ਭਾਗਾਂ ਵਾਲੀ ਹੈ ਜਿੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਨਮ ਲਿਆ। ਉਨ੍ਹਾਂ ਕਿਹਾ ਕਿ ਮੈਂ ਬਹੁਤ ਮਾਣ ਮਹਿਸੂਸ ਕਰ ਰਿਹਾ ਹਾਂ ਕਿ ਸਾਨੂੰ ਐਸੇ ਮਹਾਨ ਸੂਰਬੀਰ ਯੋਧੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ੩੫੦ਵਾਂ ਪ੍ਰਕਾਸ਼ ਦਿਹਾੜਾ ਮਨਾਉਣ ਦਾ ਸੁਭਾਗ ਮੌਕਾ ਪ੍ਰਾਪਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੇ ਆਸ਼ੀਰਵਾਦ ਲੈਣ ਅਤੇ ਸੰਗਤਾਂ ਨੂੰ ਦਸਮ ਪਿਤਾ ਦੀ ਜਨਮ ਭੂਮੀ ਤੇ ਉਨ੍ਹਾਂ ਦਾ ੩੫੦ ਸਾਲਾ ਪ੍ਰਕਾਸ਼ ਦਿਹਾੜਾ ਮਨਾਉਣ ਲਈ ਆਉਣ ਦਾ ਸੱਦਾ ਦੇਣ ਲਈ ਆਇਆ ਹਾਂ। ਉਨ੍ਹਾਂ ਕਿਹਾ ਕਿ ਮੈਂ ਸਮੁੱਚੀਆਂ ਸਿੱਖ ਸੰਗਤਾਂ ਨੂੰ ਪੂਰੇ ਬਿਹਾਰ ਵੱਲੋਂ ਇਸ ਪਾਵਨ-ਪਵਿੱਤਰ ਦਿਹਾੜੇ ਵਿੱਚ ਸ਼ਾਮਿਲ ਹੋ ਕੇ ਦਸਮ ਪਿਤਾ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਅਪੀਲ ਕਰਨ ਲਈ ਆਇਆ ਹਾਂ। ਉਨ੍ਹਾਂ ਕਿਹਾ ਕਿ ਚਾਹੇ ਕਿੰਨੀ ਵੀ ਤਾਦਾਦ ਵਿੱਚ ਸੰਗਤਾਂ ਸ੍ਰੀ ਪਟਨਾ ਸਾਹਿਬ ਵਿਖੇ ਦਰਸ਼ਨਾ ਲਈ ਪਹੁੰਚਣ ਬਿਹਾਰ ਸਰਕਾਰ ਵੱਲੋਂ ਪੂਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੈਂ ਬਿਹਾਰ ਸਰਕਾਰ ਅਤੇ ਬਿਹਾਰ ਵਾਸੀਆਂ ਵੱਲੋਂ ਸਿੱਖ ਸੰਗਤਾਂ ਨੂੰ ਜੀ ਆਇਆਂ ਕਹਿੰਦਾ ਹਾਂ। ਸ੍ਰੀ ਨਿਤਿਸ਼ ਕੁਮਾਰ ਦੇ ਇਲਾਵਾ ਸਮਾਗਮ ਵਿੱਚ ਹਾਜ਼ਰ ਸੰਗਤਾਂ ਨੂੰ ਮੈਂਬਰ ਪਾਰਲੀਮੈਂਟ ਪ੍ਰੋ: ਪ੍ਰੇਮ ਸਿੰਘ ਚੰਦੂਮਾਜਰਾ ਤੇ ਸ.ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ ਨੇ ਵੀ ਸੰਬੋਧਨ ਕੀਤਾ।

ਇਸ ਉਪਰੰਤ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਮੁੱਖ ਮੰਤਰੀ ਬਿਹਾਰ ਸ੍ਰੀ ਨਿਤਿਸ਼ ਕੁਮਾਰ ਨੂੰ ਲੋਈ, ਸਿਰੋਪਾਓ, ਸ੍ਰੀ ਸਾਹਿਬ ਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ। ਪ੍ਰੋ: ਬਡੂੰਗਰ ਨੇ ਸ੍ਰੀ ਨਿਤੀਸ਼ ਕੁਮਾਰ ਨਾਲ ਸਮਾਗਮ ਵਿੱਚ ਸ਼ਿਰਕਤ ਕਰਨ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵੀ ਸਨਮਾਨਿਤ ਕੀਤਾ। ਉਨ੍ਹਾਂ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ, ਬਾਬਾ ਬਲਬੀਰ ਸਿੰਘ ੯੬ ਕਰੋੜੀ ਮੁਖੀ ਸ਼੍ਰੋਮਣੀ ਅਕਾਲੀ

ਬੁੱਢਾ ਦਲ, ਬਾਬਾ ਮਹਿੰਦਰ ਸਿੰਘ ਯੂ ਕੇ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਸੀਨੀਅਰ ਮੀਤ ਪ੍ਰਧਾਨ ਸ.ਸ਼ੈਲਿੰਦਰ ਸਿੰਘ ਅਤੇ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਨੂੰ ਵੀ ਸਨਮਾਨਿਤ ਕੀਤਾ।

ਇਸ ਮੌਕੇ ਸ.ਅਜਮੇਰ ਸਿੰਘ ਲੱਖੋਵਾਲ ਤੇ ਪ੍ਰਿੰਸੀਪਲ ਸੁਰਿੰਦਰ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ ਦੇ ਇਲਾਵਾ ਸ.ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ, ਸ.ਸੁਖਦੇਵ ਸਿੰਘ ਭੂਰਾਕੋਹਨਾ ਨਿੱਜੀ ਸਹਾਇਕ, ਡਾ: ਪਰਮਜੀਤ ਸਿੰਘ ਸਰੋਆ, ਸ.ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ, ਸ.ਜਗਜੀਤ ਸਿੰਘ ਤੇ ਸ.ਹਰਜਿੰਦਰ ਸਿੰਘ ਮੀਤ ਸਕੱਤਰ, ਸ.ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ.ਜੱਸਾ ਸਿੰਘ ਚੀਫ਼ ਗੁਰਦੁਆਰਾ ਇੰਸਪੈਕਟਰ (੮੭), ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੇ ਮੈਨੇਜਰ ਸਾਹਿਬਾਨ ਅਤੇ ਸਟਾਫ਼, ਸ.ਸੁਰਿੰਦਰ ਸਿੰਘ ਚੇਅਰਮੈਨ ਸ਼ਤਾਬਦੀ ਕਮੇਟੀ ਪਟਨਾ ਸਾਹਿਬ, ਸ.ਬਲਵੰਤ ਸਿੰਘ ਡਿਪਟੀ ਜਨਰਲ ਮੈਨੇਜਰ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੇਂਟ ਕਮੇਟੀ, ਸ.ਇੰਦਰਜੀਤ ਸਿੰਘ ਕਾਰ ਸੇਵਾ ਯੂ ਕੇ ਵਾਲੇ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

*੨੭ ਨਵੰਬਰ*

# ਜਾਗ੍ਰਿਤੀ ਯਾਤਰਾ ਦਾ ਮਨੋਰਥ ਭੁੱਲੀ ਵਿਸਰੀ ਨੌਜਵਾਨ ਪੀੜ੍ਹੀ ਨੂੰ ਦਸਮੇਸ਼ ਪਿਤਾ ਦੇ ਲਾਸਾਨੀ ਇਤਿਹਾਸ ਤੋਂ ਜਾਣੂ ਕਰਵਾਉਣਾ- ਪ੍ਰੋ: ਬਡੂੰਗਰ

## ਸ਼੍ਰੋਮਣੀ ਕਮੇਟੀ ਵੱਲੋਂ ਜਾਗ੍ਰਿਤੀ ਯਾਤਰਾ ਦਾ ਭਰਵਾਂ ਸਵਾਗਤ

ਅੰਮ੍ਰਿਤਸਰ– ਦਸਮੇਸ਼ ਪਿਤਾ, ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ–ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਕੱਢੀ ਜਾ ਰਹੀ ਜਾਗ੍ਰਿਤੀ ਯਾਤਰਾ ਦਾ ਗੁਰੂ ਕੀ ਨਗਰੀ ਸ੍ਰੀ ਅੰਮ੍ਰਿਤਸਰ ਵਿਖੇ ਪਹੁੰਚਣ ਤੇ ਗੋਲਡਨ ਗੇਟ, ਜਲੰਧਰ ਬਾਈਪਾਸ ਸ੍ਰੀ ਅੰਮ੍ਰਿਤਸਰ ਵਿਖੇ ਪਹੁੰਚਣ ਤੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਤ੍ਰਿੰਗ ਮੈਂਬਰ, ਮੈਂਬਰ ਸ਼੍ਰੋਮਣੀ ਕਮੇਟੀ, ਸ਼੍ਰੋਮਣੀ ਕਮੇਟੀ ਅਧਿਕਾਰੀਆਂ ਅਤੇ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰੋ. ਬਡੂੰਗਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਤੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਗ੍ਰੰਥੀ ਸਿੰਘ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸੰਗਤਾਂ ਦੇ ਵਿਸ਼ਾਲ ਇਕੱਠ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਉਨ੍ਹਾਂ ਦੇ ਹਿਰਦਿਆਂ ਵਿੱਚ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਤੀ ਕਿੰਨੀ ਸ਼ਰਧਾ ਤੇ ਸਤਿਕਾਰ ਹੈ। ਉਨ੍ਹਾਂ ਕਿਹਾ ਕਿ ਜਾਗ੍ਰਿਤੀ ਯਾਤਰਾ ਦਾ ਮਨੋਰਥ ਭੁੱਲੀ ਵਿਸਰੀ ਨੌਜਵਾਨ ਪੀੜ੍ਹੀ ਨੂੰ ਦਸਮੇਸ਼ ਪਿਤਾ ਦੇ ਲਾਸਾਨੀ ਇਤਿਹਾਸ ਤੋਂ ਜਾਣੂ ਕਰਵਾਉਣਾ ਹੈ।

ਇਸ ਤੋਂ ਪਹਿਲਾਂ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਦੇ ਮੁੱਖ ਦਰਵਾਜੇ ਤੇ ਜਾਗ੍ਰਿਤੀ ਯਾਤਰਾ ਦਾ ਯੂਨੀਵਰਸਿਟੀ ਵੱਲੋਂ ਸ. ਹਰਚਰਨ ਸਿੰਘ ਕੰਟਰੋਲਰ, ਸ. ਜੋਗਿੰਦਰ ਸਿੰਘ ਅਦਲੀਵਾਲ ਸਕੱਤਰ, ਬੀਬੀ ਗੀਤਾ ਸ਼ਰਮਾ ਡਾਇਰੈਕਟਰ ਪ੍ਰਿੰਸੀਪਲ, ਸ. ਦਿਲਜੀਤ ਸਿੰਘ ਬੇਦੀ ਤੇ ਸ. ਮਹਿੰਦਰ ਸਿੰਘ ਆਹਲੀ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ, ਯੂਨੀਵਰਸਿਟੀ ਦੇ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਸ਼ਾਨਦਾਰ ਸਵਾਗਤ ਕੀਤਾ ਗਿਆ।

ਇਸ ਮੌਕੇ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਭਾਈ ਰਾਮ ਸਿੰਘ ਤੇ ਭਾਈ ਸੁਰਜੀਤ ਸਿੰਘ ਭਿਟੇਵਡ ਅੰਤ੍ਰਿੰਗ ਕਮੇਟੀ ਮੈਂਬਰ, ਸ. ਰਜਿੰਦਰ ਸਿੰਘ ਮਹਿਤਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਮਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਬਡਾਲਾ ਤੇ ਬੀਬੀ ਕਿਰਨਜੋਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸ. ਸੁਖਦੇਵ ਸਿੰਘ ਭੂਰਾਕੋਹਨਾ (ਨਿਜੀ ਸਕੱਤਰ), ਸ. ਹਰਭਜਨ ਸਿੰਘ ਮਨਾਵਾਂ, ਸ. ਬਲਵਿੰਦਰ

ਸਿੰਘ ਜੌੜਾਸਿੰਘਾ, ਸ. ਪ੍ਰਤਾਪ ਸਿੰਘ, ਸ. ਕੇਵਲ ਸਿੰਘ ਤੇ ਸ. ਰਣਜੀਤ ਸਿੰਘ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ, ਸ. ਸਤਿੰਦਰ ਸਿੰਘ, ਸ. ਹਰਜਿੰਦਰ ਸਿੰਘ ਤੇ ਸ. ਜਗਜੀਤ ਸਿੰਘ ਮੀਤ ਸਕੱਤਰ, ਸ. ਸੁਖਰਾਜ ਸਿੰਘ, ਸ. ਲਖਬੀਰ ਸਿੰਘ, ਸ. ਹਰਜਿੰਦਰ ਸਿੰਘ ਤੇ ਸ. ਹਰਪ੍ਰੀਤ ਸਿੰਘ, ਸ. ਇਕਬਾਲ ਸਿੰਘ ਵਧੀਕ ਮੈਨੇਜਰ ਆਦਿ ਹਾਜ਼ਰ ਸਨ।

*੩੦ ਨਵੰਬਰ*

# ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸ਼ਹੀਦ ਸ. ਜਸਜੀਤ ਸਿੰਘ ਜੰਮੂ ਦੀ ਤਸਵੀਰ ਸੁਸ਼ੋਭਿਤ

## ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ- ਗਿਆਨੀ ਗੁਰਬਚਨ ਸਿੰਘ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਤ੍ਰਿੰਗ ਕਮੇਟੀ ਦੇ ਮਤੇ ਅਨੁਸਾਰ ਸ਼ਹੀਦ ਸ. ਜਸਜੀਤ ਸਿੰਘ ਜੰਮੂ ਦੀ ਤਸਵੀਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਸੁਸ਼ੋਭਿਤ ਕੀਤੀ ਗਈ। ਜਿਸ ਤੋਂ ਪੜਦਾ ਹਟਾਉਣ ਦੀ ਰਸਮ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਹੈਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ ਨੇ ਕੀਤੀ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਬੈਂਕਾ ਦੇ ਜਥੇ ਵੱਲੋਂ ਇਲਾਹੀ ਗੁਰਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਅਰਦਾਸ ਭਾਈ ਰਾਜਦੀਪ ਸਿੰਘ ਨੇ ਕੀਤੀ।

ਤਸਵੀਰ ਤੋਂ ਪਰਦਾ ਹਟਾਉਣ ਉਪਰੰਤ ਸੰਗਤਾਂ ਨੂੰ ਸੰਬੋਧਨ ਕਰਦਿਆਂ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸਮੇਂ ਕੀਤੇ ਗਏ ਅਹਿਮ ਫ਼ੈਸਲੇ ਅਨੁਸਾਰ ਸ. ਜਸਜੀਤ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਵਿਸ਼ਵ ਭਰ ਤੋਂ ਸੰਗਤਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਣ ਆਉਂਦੀਆਂ ਹਨ ਤੇ ਇਸ ਅਸਥਾਨ ਪੁਰ ਸਿੱਖ ਇਤਿਹਾਸ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਵਾਲੀਆਂ ਸਖਸ਼ੀਅਤਾਂ ਦੇ ਦਰਸ਼ਨ ਦੀਦਾਰ ਜ਼ਰੂਰ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ਼ਹੀਦਾਂ ਦੀ ਲੜੀ ਸ਼ੁਰੂ ਕੀਤੀ ਤੇ ਇਸ ਵਿੱਚ ਸਮੇਂ-ਸਮੇਂ ਅਨੁਸਾਰ ਕੁਰਬਾਨੀ ਦੇਣ ਵਾਲੇ ਸ਼ਹੀਦ ਪੈਦਾ ਹੋਏ ਤੇ ਅੱਗੇ ਵੀ ਹੁੰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਮਹਾਨ ਸ਼ਹੀਦਾਂ ਦਾ ਦਿਹਾੜਾ ਕੌਮ ਹਮੇਸ਼ਾ ਮਨਾਉਂਦੀ ਰਹੇਗੀ ਕਿਉਂਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸ. ਜਸਜੀਤ ਸਿੰਘ ਨੇ ਛੋਟੀ ਅਵਸਥਾ ਵਿੱਚ ਵੱਡੀ ਕੁਰਬਾਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮਹਾਨ ਸ਼ਹੀਦ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆ ਦੀ ਤਸਵੀਰ ਲੱਗੇ ਇਸ਼ਤਿਹਾਰ ਨੂੰ ਜੰਮੂ-ਕਸ਼ਮੀਰ ਪ੍ਰਸ਼ਾਸਨ ਨੇ ਪਾੜ ਦਿੱਤਾ ਸੀ ਇਸ ਬੇਦਅਬੀ ਨੂੰ ਨਾ ਸਹਾਰਦੇ ਹੋਏ ਨੌਜਵਾਨਾਂ ਨੇ ਸ਼ਾਂਤਮਈ ਢੰਗ ਨਾਲ ਰੋਸ ਮਾਰਚ ਕੀਤਾ ਜਿਸ ਦੌਰਾਨ ਪੁਲਿਸ ਦੇ ਅੰਨ੍ਹੇਵਾਹ ਤਸ਼ੱਦਦ ਵਿੱਚ ਸ. ਜਸਜੀਤ ਸਿੰਘ ਨੇ ਸ਼ਹਾਦਤ ਦਾ ਜਾਮ ਪੀਤਾ। ਉਨ੍ਹਾਂ ਕਿਹਾ ਕਿ ਜੋ ਸਿੱਖ ਕੌਮ ਵਾਸਤੇ ਕੁਝ ਕਰਕੇ ਜਾਂਦੇ ਹਨ ਉਨ੍ਹਾਂ ਦੀ ਯਾਦ ਨੂੰ ਹਮੇਸ਼ਾ ਵਾਸਤੇ ਕੇਂਦਰੀ ਸਿੱਖ ਅਜਾਇਬਘਰ ਵਿੱਚ ਸੰਭਾਲ ਕੇ ਰੱਖਿਆ ਜਾਂਦਾ ਹੈ। ਇਸ ਸਮੇਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਡਾ. ਰੂਪ ਸਿੰਘ ਸਕੱਤਰ ਨੇ ਵੀ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਅਤੇ ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ ਵੱਲੋਂ ਸ. ਜਸਜੀਤ ਸਿੰਘ ਦੇ ਪਿਤਾ ਸ. ਨਰਵੀਰ ਸਿੰਘ, ਮਾਤਾ ਰਾਜ ਕੌਰ ਤੇ ਸਿੱਖ ਨੌਜਵਾਨ ਸਭਾ ਸਿੰਬਲ ਕੈਂਪ ਜੰਮੂ ਦੇ ਪ੍ਰਧਾਨ ਸ. ਅਜਮੀਤ ਸਿੰਘ ਤੇ ਨਾਲ ਆਏ ਮੈਂਬਰ ਸਾਹਿਬਾਨਾਂ ਨੂੰ ਗੁਰੂ-ਘਰ ਦੀ ਬਖਸ਼ਿਸ਼ ਸਿਰੋਪਾਓ ਬਖ਼ਸ਼ਿਸ਼ ਕੀਤਾ ਗਿਆ।

ਇਸ ਮੌਕੇ ਸ. ਬਾਵਾ ਸਿੰਘ ਗੁਮਾਨਪੁਰਾ ਮੈਂਬਰ ਸ਼੍ਰੋਮਣੀ ਕਮੇਟੀ, ਸ. ਦਿਲਜੀਤ ਸਿੰਘ ਬੇਦੀ, ਸ. ਸੁਖਦੇਵ

ਸਿੰਘ ਭੂਰਾਕੋਹਨਾ ਤੇ ਸ. ਰਣਜੀਤ ਸਿੰਘ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਸਕੱਤਰ ਸਿੰਘ, ਜਗਜੀਤ ਸਿੰਘ ਜੱਗੀ ਤੇ ਸ. ਹਰਿੰਦਰਪਾਲ ਸਿੰਘ ਮੀਤ ਸਕੱਤਰ, ਸ. ਬਘੇਲ ਸਿੰਘ, ਸ. ਹਰਜਿੰਦਰ ਸਿੰਘ, ਸ. ਲਖਵਿੰਦਰ ਸਿੰਘ ਬਦੋਵਾਲ ਤੇ ਸ. ਲਖਬੀਰ ਸਿੰਘ ਵਧੀਕ ਮੈਨੇਜਰ, ਕੇਂਦਰੀ ਸਿੱਖ ਅਜਾਇਬਘਰ ਦੇ ਕਿਊਰੇਟਰ ਤੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਅਤੇ ਸ. ਗੁਰਿੰਦਰਪਾਲ ਸਿੰਘ ਚਿੱਤਰਕਾਰ ਆਦਿ ਮੌਜੂਦ ਸਨ।

*੧੭ ਨਵੰਬਰ*

## ਵਿਰਾਸਤ-ਏ-ਖ਼ਾਲਸਾ ਦਾ ਦੂਜਾ ਪੜ੍ਹਾਅ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਵੱਲੋਂ ਮਨੁੱਖਤਾ ਨੂੰ ਸਮਰਪਿਤ

ਸ੍ਰੀ ਅਨੰਦਪੁਰ ਸਾਹਿਬ- ਖ਼ਾਲਸਾ ਪੰਥ ਦੇ ਜਨਮ ਸਥਾਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਣਾਏ ਗਏ ਵਿਸ਼ਵ ਪ੍ਰਸਿੱਧ ਵਿਰਾਸਤ-ਏ-ਖ਼ਾਲਸਾ ਦੇ ਦੂਸਰੇ ਪੜਾਅ ਦਾ ਉਦਘਾਟਨ ਪੰਜਾਬ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਕੀਤਾ ਗਿਆ। ਇਸ ਮੌਕੇ ਲੋਕ ਸਭਾ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਕੈਬਨਿਟ ਮੰਤਰੀ ਡਾ. ਦਲਜੀਤ ਸਿੰਘ ਚੀਮਾ, ਸ. ਸੋਹਣ ਸਿੰਘ ਠੰਡਲ ਤੇ ਮਦਨ ਮੋਹਨ ਮਿੱਤਲ ਵੀ ਹਾਜ਼ਰ ਸਨ। ਇਸ ਤੋਂ ਪਹਿਲਾਂ ਇਸ ਦੇ ਪਹਿਲੇ ਹਿੱਸੇ ਦਾ ਉਦਘਾਟਨ ੨੫ ਨਵੰਬਰ ੨੦੧੧ ਨੂੰ ਕਰਨ ਉਪਰੰਤ ੨੭ ਨਵੰਬਰ ਨੂੰ ਇਹ ਸੈਲਾਨੀਆਂ ਦੇ ਲਈ ਖੋਲ੍ਹਿਆ ਗਿਆ ਸੀ ਪਰ ਹੁਣ ਤਿਆਰ ਕੀਤਾ ਦੂਜਾ ਪੜਾਅ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਥਾਪਨਾ ਤੋਂ ਲੈ ਕੇ ਦੇਸ਼ ਦੀ ਅਜ਼ਾਦੀ ਤੋਂ ਬਾਅਦ ਦੇ ਪੰਜਾਬ ਤੱਕ ਦੇ ਗੌਰਵਮਈ ਵਿਰਸੇ ਤੇ ਇਤਿਹਾਸ ਨੂੰ ਰੂਪਮਾਨ ਕਰੇਗਾ। ਵਿਰਾਸਤ-ਏ-ਖ਼ਾਲਸਾ ਦੇ ਦੂਜੇ ਪੜਾਅ 'ਚ ੧੩ ਗੈਲਰੀਆਂ ਹਨ, ਜਿਨ੍ਹਾਂ 'ਚ ਹਸਤਕਲਾ, ਅਤਿ ਆਧੁਨਿਕ ਤਕਨਾਲੋਜੀ ਤੋਂ ਇਲਾਵਾ ੩ ਡੀ ਤਕਨੀਕ ਸਮੇਤ ਆਲਾ ਦਰਜੇ ਦਾ ਆਡੀਓ ਤੇ ਵੀਡੀਓ ਕਨਟੈਂਟ ਲੱਖਾਂ ਸੈਲਾਨੀਆਂ ਦੇ ਲਈ ਵਿਸ਼ੇਸ਼ ਸਹੂਲਤ ਹੀ ਪ੍ਰਦਾਨ ਨਹੀਂ ਕਰੇਗਾ, ਬਲਕਿ ਨੌਜਵਾਨ ਪੀੜ੍ਹੀ ਦੇ ਲਈ ਆਪਣੇ ਅਮੀਰ ਵਿਰਸੇ ਤੋਂ ਜਾਣੂ ਹੋਣ ਦੇ ਲਈ ਦੁਨੀਆ ਦਾ ਵਿਲੱਖਣ ਤੇ ਅਨੋਖਾ ਸੋਮਾ ਬਣ ਕੇ ਵੀ ਉੱਭਰੇਗਾ। ਇਸ ਮੌਕੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਨੇ ਕਿਹਾ ਕਿ ਅੱਜ ਮਨੁੱਖਤਾ ਨੂੰ ਸਮਰਪਿਤ ਕੀਤਾ ਇਹ ਦੂਸਰਾ ਭਾਗ ਬੁਹਤ ਹੀ ਵਧੀਆ ਢੰਗ ਦੇ ਨਾਲ ਬਣਾਇਆ ਗਿਆ ਹੈ, ਜੋ ਕਿ ਰਹਿੰਦੀ ਦੁਨੀਆ ਤੱਕ ਮਿਸਾਲ ਬਣ ਕੇ ਨੌਜਵਾਨ ਪੀੜ੍ਹੀ ਨੂੰ ਆਪਣੇ ਵਿਰਸੇ ਤੇ ਇਤਿਹਾਸ ਨਾਲ ਜੋੜਨ ਦੇ ਲਈ ਸਿੱਖ ਕੌਮ ਦੇ ਗੌਰਵਮਈ ਇਤਿਹਾਸ ਨੂੰ ਰੂਪਮਾਨ ਕਰਦਾ ਰਹੇਗਾ।

*੨੫ ਨਵੰਬਰ*

## ਸ਼੍ਰੋਮਣੀ ਕਮੇਟੀ ਨੇ ਭਾਈ ਮਰਦਾਨਾ ਜੀ ਦੀ ਯਾਦ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਈ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਸਾਹਿਬਾਨ ਦੇ ਨਾਲ-ਨਾਲ ਪ੍ਰਮੁੱਖ ਭਗਤਾਂ ਅਤੇ ਸਤਿਕਾਰਯੋਗ ਸ਼ਖ਼ਸੀਅਤਾਂ ਦੇ ਦਿਹਾੜਿਆਂ ਨੂੰ ਉੱਚ ਪੱਧਰ 'ਤੇ ਮਨਾਉਣ ਦੀ ਆਰੰਭੀ ਗਈ ਪਰੰਪਰਾ ਦੀ ਲੜੀ ਨੂੰ ਅੱਗੇ ਤੋਰਦਿਆਂ ਹੋਇਆ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਅਤੇ ਅੰਤ੍ਰਿੰਗ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਲਏ ਦੂਰ ਅੰਦੇਸ਼ੀ ਫੈਸਲੇ ਅਨੁਸਾਰ ਸਮੂਹ ਸੰਗਤਾਂ ਦੇ ਨਿੱਘੇ ਸਹਿਯੋਗ ਨਾਲ ਅੱਜ ਗੁਰੂ-ਘਰ ਦੇ ਪਹਿਲੇ ਕੀਰਤਨੀਏ ਹੋਣ ਦਾ ਮਾਣ ਪ੍ਰਾਪਤ ਕਰਨ ਵਾਲੇ ਰਬਾਬੀ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਦੀ ਯਾਦ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਭਾਵਨਾ ਨਾਲ ਮਨਾਈ ਗਈ। ਜਿਸ ਵਿੱਚ ਦੇਸ਼ਾਂ-ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਪੁੱਜੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੇ ਆਪਣੀ ਹਾਜ਼ਰੀ ਭਰ ਕੇ ਭਾਈ ਮਰਦਾਨਾ ਜੀ ਨੂੰ ਆਪਣਾ ਸਤਿਕਾਰ ਸਹਿਤ ਸਿਜਦਾ ਭੇਟ ਕੀਤਾ। ਇਸ ਦੌਰਾਨ ਭਾਈ ਮਰਦਾਨਾ ਜੀ ਦੀ ਯਾਦ ਨੂੰ ਆਯੋਜਿਤ ਕੀਤੇ ਗਏ ਗੁਰਮਤਿ ਸਮਾਗਮ ਤੋਂ ਪਹਿਲਾ ਸ੍ਰੀ ਅਖੰਡਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਿਮਰਨਜੀਤ ਸਿੰਘ ਦੇ ਜਥੇ ਨੇ

ਸੰਗਤਾਂ ਨੂੰ ਅੰਮ੍ਰਿਤਮਈ ਬਾਣੀ ਦੇ ਕੀਰਤਨ ਦੁਆਰਾ ਨਿਹਾਲ ਕੀਤਾ। ਅਰਦਾਸ ਭਾਈ ਸੁਲਤਾਨ ਸਿੰਘ ਅਰਦਾਸੀਏ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ।

ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਕਿਹਾ ਕਿ ਭਾਈ ਮਰਦਾਨਾ ਜੀ ਦਾ ਜਨਮ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਗਟ ਅਸਥਾਨ ਤਲਵੰਡੀ ਰਾਇ ਭੋਇ ਵਿੱਚ ਹੋਇਆ। ਉਨ੍ਹਾਂ ਕਿਹਾ ਕਿ ਰੱਬੀ-ਰਬਾਬੀ ਅਤੇ ਗੁਰੂ-ਘਰ ਦੇ ਮੂਲ ਕੀਰਤਨੀਏ ਨੂੰ ਜਿੰਨਾ ਵੀ ਸਤਿਕਾਰ ਦੇਈਏ ਉਨ੍ਹਾਂ ਹੀ ਥੋੜ੍ਹਾ ਹੈ।

ਇਸ ਮੌਕੇ ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਕਿਹਾ ਕਿ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਤਿ ਨਿਕਟਵਰਤੀ ਭਾਈ ਮਰਦਾਨਾ ਜੀ ਸਾਦਗੀ, ਪਵਿੱਤਰ, ਸੰਜੀਦਾ ਅਤੇ ਮਿਲਾਪੜੇ ਸੁਭਾਗ ਜਿਹੇ ਉੱਚ ਗੁਣਾਂ ਦੇ ਮੁਜਸਮ ਸਨ। ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਗੁਰੂ ਸਾਹਿਬਾਨ ਵੱਲੋਂ ਆਰੰਭੇ ਰੂਹਾਨੀਅਤ ਦੇ ਮਿਸ਼ਨ ਨੂੰ ਸਮਰਪਿਤ ਕਰਕੇ ਅਧਿਆਤਮਕ ਗੁਣਾਂ ਵਿੱਚ ਰੰਗੀ 'ਧੁਰ ਕੀ ਬਾਣੀ' ਨੂੰ ਆਪਣੀ ਰਬਾਬ ਦੀਆਂ ਅੰਗਮ ਧੁਨਾਂ ਰਾਹੀਂ ਮੁੱਢਲੀ ਕੀਰਤਨ ਕਰਨ ਦੀ ਸ਼ੈਲੀ ਨੂੰ ਪ੍ਰਫੁੱਲਤ ਕਰਨ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਭਾਈ ਮਰਦਾਨਾ ਜੀ ਦੀ ਯਾਦ ਨੂੰ ਮਨਾਉਣ ਦਾ ਕੀਤਾ ਗਿਆ ਉਪਰਾਲਾ ਸਮੁੱਚੀ ਕੌਮ ਦੇ ਲਈ ਪ੍ਰੇਰਨਾ ਦਾ ਸਰੋਤ ਬਣੇਗਾ। ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਕਮੇਟੀ ਭਾਈ ਮਰਦਾਨਾ ਜੀ ਦੇ ਅੰਸ਼-ਵੰਸ਼ ਵਿਚੋਂ ਕੀਰਤਨ ਕਰ ਰਹੇ ਭਾਈ ਲਾਲ ਜੀ (ਪਾਕਿਸਤਾਨ) ਤੇ ਉਨ੍ਹਾਂ ਦੇ ਪਰਿਵਾਰ ਨੂੰ ਵਿਸ਼ੇਸ਼ ਤੌਰ ਤੇ ਇਥੇ ਸੱਦ ਕੇ ਸਨਮਾਨਿਤ ਕਰਨ ਦਾ ਯਤਨ ਵੀ ਕਰੇਗੀ।

ਇਸ ਦੌਰਾਨ ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ ਨੇ ਸੰਗਤਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸਿੱਖ ਇਤਿਹਾਸ ਦੇ ਪਹਿਲੇ ਕੀਰਤਨੀਏ ਦਾ ਮਾਣ ਪ੍ਰਾਪਤ ਕਰਨ ਵਾਲੇ ਭਾਈ ਮਰਦਾਨਾ ਜੀ ਨੂੰ ਇਸ ਗੱਲ ਦਾ ਵੀ ਸੁਭਾਗ ਪ੍ਰਾਪਤ ਹੋਇਆ ਹੈ ਕਿ ਬਿਹਾਗੜ ਦੀ ਵਾਰ ਵਿਚਲੇ ਦੋ ਸਲੋਕ ਉਨ੍ਹਾਂ ਨੂੰ ਸਮਰਪਿਤ ਹਨ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਨੂੰ ਧੁਰ ਕੀ ਰੱਬੀ ਬਾਣੀ ਨੂੰ ਰਬਾਬ ਨਾਲ ਗਾਇਨ ਕਰਨ ਕਰਕੇ ਰਬਾਬੀ ਪਰੰਪਰਾ ਦੇ ਮੋਢੀ ਵਜੋਂ ਸਤਿਕਾਰ ਹਾਸਲ ਹੋਇਆ। ਉਨ੍ਹਾਂ ਕਿਹਾ ਕਿ ਗੁਰਮਤਿ ਸੰਗੀਤੀ ਪੱਧਤੀ ਤੇ ਪਰੰਪਰਾ ਦਾ ਵਿਕਾਸ ਤੇ ਵਿਗਾਸ ਭਾਈ ਮਰਦਾਨਾ ਜੀ ਦੀ ਰਬਾਬ ਨਾਲ ਹੀ ਆਰੰਭ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਭਾਈ ਮਰਦਾਨਾ ਜੀ ਨੂੰ ਜਾਤਾਂ-ਪਾਤਾਂ, ਵਹਿਮਾਂ-ਭਰਮਾਂ, ਛੂਤ-ਛਾਤ ਦਾ ਭਰਮ ਦੂਰ ਕਰਨ ਲਈ ਬਤੌਰ ਰਬਾਬੀ ਸਾਥੀ ਬਣਾਇਆ। ਚੰਹੁ ਰੁਟਾਂ ਦੀ ਯਾਤਰਾ ਉਪਰੰਤ ਅੰਤ ਭਾਈ ਮਰਦਾਨਾ ਜੀ ਨੇ ਅੰਤਮ ਸੁਆਸ ਅਫਗਾਨਿਸਤਾਨ ਦੇ ਕੁਰਮ ਨਗਰ ਵਿਚ ਲਏ। ਉਨ੍ਹਾਂ ਕਿਹਾ ਕਿ ਸਮੁੱਚੀ ਲੋਕਾਈ ਨੂੰ ਭਾਈ ਮਰਦਾਨਾ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਭਾਈ ਮਰਦਾਨਾ ਜੀ ਦੇ ਪਿਆਰ ਅਤੇ ਨਿਸ਼ਕਾਮ ਭਰੇ ਜੀਵਨ ਤੋਂ ਸਮੂਹ ਸੰਗਤਾਂ ਖਾਸ ਕਰਕੇ ਗੁਰੂ ਘਰ ਦੇ ਕੀਰਤਨੀਏ ਵੱਧ ਤੋਂ ਵੱਧ ਸੇਧ ਲੈਣ ਅਤੇ ਅੰਗਮੀ ਧੁਨਾਂ ਦਾ ਦੁਨਿਆਵੀ ਧੁਨਾਂ ਵਿੱਚ ਰੁਪਾਂਤਰਣ ਤੰਤੀ ਸਾਜਾਂ ਦੀ ਪੁਰਾਤਨ ਸ਼ੈਲੀ ਰਾਹੀਂ ਕਰਕੇ ਰੂਹਾਨੀਅਤ ਨਾਲ ਭਰਪੂਰ ਗੁਰਮਤਿ ਸੰਗੀਤ ਕਲਾ ਨੂੰ ਹੋਰ ਪ੍ਰਫੁੱਲਿਤ ਕਰਨ। ਇਸ ਮੌਕੇ ਵਿਸ਼ਵ ਰਬਾਬੀ ਭਾਈ ਮਰਦਾਨਾ ਸੁਸਾਇਟੀ (ਰਜਿ.) ਪੰਜਾਬ ਦੇ ਅਹੁਦੇਦਾਰਾਂ ਜੀਤਾ, ਮੁਸਤਾਕ ਅਲੀ ਕਿੰਗ, ਸ. ਸਰਦਾਰ ਸਿੰਘ, ਸ. ਅਮਰੀਕ ਸਿੰਘ, ਸ. ਭੋਲਾ ਸਿੰਘ ਤੇ ਸਾਧੂ ਖਾਨ ਸਮੇਤ ਸਮਾਗਮ ਵਿੱਚ ਸ਼ਾਮਲ ਸੰਗਤਾਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਭਾਈ ਮਰਦਾਨਾ ਜੀ ਦੀ ਯਾਦ ਨੂੰ ਮਨਾਉਣ ਸਬੰਧੀ ਕੀਤੇ ਗਏ ਵੱਡੇ ਉਪਰਾਲੇ ਦੀ ਜ਼ੋਰਦਾਰ ਸ਼ਬਦਾਂ ਵਿੱਚ ਪ੍ਰਸੰਸਾ ਕੀਤੀ। ਇਸ ਮੌਕੇ ਸ. ਸੁਰਜੀਤ ਸਿੰਘ ਭਿਟੇਵਡ ਮੈਂਬਰ ਅੰਤ੍ਰਿੰਗ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ, ਸ. ਗੁਰਿੰਦਰ ਸਿੰਘ ਮੈਨੇਜਰ, ਸ. ਸਕੱਤਰ ਸਿੰਘ ਮੀਤ ਸਕੱਤਰ, ਸ. ਹਰਜਿੰਦਰ ਸਿੰਘ, ਸ.ਲਖਵਿੰਦਰ ਸਿੰਘ ਬਦੋਵਾਲ ਤੇ ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸ. ਮਨਿੰਦਰ ਮੋਹਣ ਸਿੰਘ, ਸ. ਜਸਵਿੰਦਰ ਸਿੰਘ ਦੀਪ ਤੇ ਸ. ਕਰਮਜੀਤ ਸਿੰਘ ਇੰਚਾਰਜ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੁੱਚੇ ਸਟਾਫ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। *੨੨ ਨਵੰਬਰ*

# ਭਾਈ ਮਰਦਾਨਾ ਜੀ ਦੀ ਯਾਦ ਮਨਾਉਣਾ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦਾ ਇਤਿਹਾਸਕ ਉਪਰਾਲਾ

## ਵਿਸ਼ਵ ਰਬਾਬੀ ਭਾਈ ਮਰਦਾਨਾ ਸੁਸਾਇਟੀ ਵੱਲੋਂ ਸ਼੍ਰੋਮਣੀ ਕਮੇਟੀ ਦਾ ਧੰਨਵਾਦ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਸੁਹਿਰਦਤਾ ਅਤੇ ਦੂਰ ਅੰਦੇਸ਼ੀ ਵਾਲੀ ਸੋਚ ਦੇ ਸਦਕਾ ਸਿੱਖ ਇਤਿਹਾਸ ਦੇ ਅਣਗੌਲੇ ਰਤਨ ਭਾਈ ਮਰਦਾਨਾ ਜੀ ਦੀ ਯਾਦ ਨੂੰ ਵੱਡੇ ਪੱਧਰ 'ਤੇ ਮਨਾਉਣ ਦਾ ਕੀਤਾ ਗਿਆ ਉਪਰਾਲਾ ਇਕ ਨਵੇਂ ਇਤਿਹਾਸ ਦੀ ਸਿਰਜਣਾ ਕਰੇਗਾ। ਜਿਸ ਸਦਕਾ ਗੁਰੂ-ਘਰ ਦੇ ਪਹਿਲੇ ਕੀਰਤਨੀਏ ਰਬਾਬੀ ਭਾਈ ਮਰਦਾਨਾ ਜੀ ਦੀ ਭੁੱਲੀ ਵਿਸਰੀ ਯਾਦ ਮੁੜ ਸੁਰਜੀਤ ਹੋਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਸ਼ਵ ਰਬਾਬੀ ਭਾਈ ਮਰਦਾਨਾ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਮੁੱਖ ਅਹੁਦੇਦਾਰ ਮੁਸ਼ਤਾਕ ਅਲੀ ਕਿੰਗ ਅਤੇ ਉਨ੍ਹਾਂ ਦੇ ਸਾਥੀਆਂ ਨੇ ਸਾਂਝੇ ਰੂਪ ਵਿਚ ਕੀਤਾ। ਪ੍ਰੋ:ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਦਾ ਉਕਤ ਉਪਰਾਲੇ ਲਈ ਤਹਿ ਦਿਲੋਂ ਧੰਨਵਾਦ ਕਰਦਿਆਂ ਵਿਸ਼ਵ ਰਬਾਬੀ ਭਾਈ ਮਰਦਾਨਾ ਸੁਸਾਇਟੀ ਦੇ ਅਹੁਦੇਦਾਰਾਂ ਨੇ ਕਿਹਾ ਕਿ ਸਾਡੇ ਲਈ ਬੜੇ ਫਖ਼ਰ ਤੇ ਮਾਣ ਵਾਲੀ ਗੱਲ ਹੈ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਵੱਲੋਂ ਸਾਡੀ ਮੰਗ ਨੂੰ ਸੰਜੀਦਗੀ ਨਾਲ ਸਵੀਕਾਰ ਕਰਦਿਆਂ ਹੋਇਆ ਭਾਈ ਮਰਦਾਨਾ ਜੀ ਦੀ ਯਾਦ ਮਨਾਉਣ ਦਾ ਇਤਿਹਾਸਕ ਫੈਸਲਾ ਲਿਆ ਹੈ। ਜਦਕਿ ਇਸ ਤੋਂ ਪਹਿਲਾ ਸਾਡੀ ਸੁਸਾਇਟੀ ਆਪਣੇ ਤੌਰ ਤੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪਿਛਲੇ ਕਈ ਸਾਲਾਂ ਤੋਂ ਇਹ ਸਮਾਗਮ ਆਪਣੇ ਤੌਰ 'ਤੇ ਮਨਾਉਂਦੀ ਆ ਰਹੀ ਹੈ। ਭਾਈ ਮਰਦਾਨਾ ਜੀ ਦਾ ਦਿਹਾੜਾ ਸਿੱਖ ਪੰਥ ਦੀਸਿਰਮੌਰ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਨਾਇਆ ਜਾਣਾ ਸਾਡੇ ਲਈ ਫਖਰ ਵਾਲੀ ਗੱਲ ਹੈ।

ਇਸ ਮੌਕੇ ਵਿਸ਼ਵ ਰਬਾਬੀ ਭਾਈ ਮਰਦਾਨਾ ਸੁਸਾਇਟੀ ਵੱਲੋਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਸਨਮਾਨਿਤ ਕਰਨ ਹਿਤ ਲਿਆਂਦਾ ਗਿਆ ਸਨਮਾਨ ਉਨ੍ਹਾਂ ਦੀ ਗੈਰ ਹਾਜ਼ਰੀ ਦੌਰਾਨ ਸ. ਸੁਰਜੀਤ ਸਿੰਘ ਭਿਟੇਵਿਡ ਅੰਤ੍ਰਿੰਗ ਕਮੇਟੀ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ ਨੇ ਹਾਸਲ ਕੀਤਾ। ਗੁਰਮਤਿ ਸਮਾਗਮ ਸਮੇਂ ਵਿਸ਼ਵ ਰਬਾਬੀ ਭਾਈ ਮਰਦਾਨਾ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਮੁੱਖ ਅਹੁਦੇਦਾਰਾਂ ਸਮੇਤ ਜ਼ਿਲ੍ਹਾ ਗੁਰਦਾਸਪੁਰ ਤੋਂ ਪ੍ਰਧਾਨ ਜੀਤਾ, ਨਾਭਾ ਤੋਂ ਮੁਸਤਾਕ ਅਲੀ ਕਿੰਗ, ਪਟਿਆਲਾ ਤੋਂ ਸ. ਸਰਦਾਰਾ ਸਿੰਘ, ਰਾਜਪੁਰਾ ਤੋਂ ਸ. ਅਮਰੀਕ ਸਿੰਘ ਅਤੇ ਸੰਗਰੂਰ ਤੋਂ ਸਾਧੂ ਖਾਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ-ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। *੨੮ ਨਵੰਬਰ*

# ਸ਼੍ਰੋਮਣੀ ਕਮੇਟੀ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਕੂਲਾਂ/ਕਾਲਜਾਂ ਅੰਦਰ ਜ਼ੋਰਦਾਰ ਪ੍ਰਚਾਰ ਮੁਹਿੰਮ ਚਲਾਏਗੀ -ਪ੍ਰੋ: ਬਡੂੰਗਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਸਕੂਲਾਂ/ਕਾਲਜਾਂ ਦੇ ਬੱਚੇ-ਬੱਚੀਆਂ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖ ਵਿਰਸੇ ਨਾਲ ਜੋੜਿਆ ਜਾਵੇਗਾ। ਇਸ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਤੇਜਾ ਸਿੰਘ ਸਮੁੰਦਰੀ ਹਾਲ, ਦਫਤਰ ਸ਼੍ਰੋਮਣੀ ਕਮੇਟੀ ਵਿਖੇ ਸ਼੍ਰੋਮਣੀ ਕਮੇਟੀ ਮੈਂਬਰਾਂ, ਸਕੂਲਾਂ/ਕਾਲਜਾਂ ਦੇ ਪ੍ਰਿੰਸੀਪਲਾਂ, ਧਾਰਮਿਕ ਅਧਿਆਪਕਾਂ, ਪ੍ਰਚਾਰਕਾਂ, ਢਾਡੀਆਂ, ਕਵੀਸ਼ਰਾਂ ਅਤੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨਾਲ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਇਕੱਤਰਤਾਂ ਨੂੰ

ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ:ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ ਬੱਚੇ-ਬੱਚੀਆਂ ਤੇ ਨੌਜਵਾਨਾਂ ਨੂੰ ਸਿੱਖੀ ਨਾਲ ਜੋੜਨ ਲਈ ਜ਼ੋਰਦਾਰ ਮੁਹਿੰਮ ਵਿੱਢੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਦੇ ਪਹਿਲੇ ਪੜਾਅ ਤਹਿਤ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਕੂਲਾਂ/ਕਾਲਜਾਂ ਅੰਦਰ ਵਿਸ਼ੇਸ਼ ਧਾਰਮਿਕ ਪ੍ਰੋਗਰਾਮ ਉਲੀਕੇ ਗਏ ਹਨ। ਇਸ ਫੈਸਲੇ ਨੂੰ ਅਮਲ ਵਿਚ ਲਿਆਉਣ ਲਈ ਅਤੇ ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਸ੍ਰੀ ਅੰਮ੍ਰਿਤਸਰ, ਸ੍ਰੀ ਅਨੰਦਪੁਰ ਸਾਹਿਬ ਅਤੇ ਤਲਵੰਡੀ ਸਾਬੋ ਤਿੰਨ ਜ਼ੋਨ ਬਣਾਏ ਗਏ ਹਨ। ਅੰਮ੍ਰਿਤਸਰ ਜ਼ੋਨ ਦਾ ਹੈਡ ਕੁਆਟਰ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਦਾ ਹੈਡ ਕੁਆਟਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਲਵੰਡੀ ਸਾਬੋ ਜ਼ੋਨ ਦਾ ਹੈਡ ਕੁਆਟਰ ਤਖ਼ਤ ਸ੍ਰੀ ਦਮਦਮਾ ਸਾਹਿਬ ਹੋਏਗਾ। ਸ੍ਰੀ ਅੰਮ੍ਰਿਤਸਰ ਜੋਨ ਵਿੱਚ ਜ਼ਿਲ੍ਹਾ ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ, ਕਪੂਰਥਲਾ, ਜਲੰਧਰ, ਪਠਾਨਕੋਟ, ਫ਼ਿਰੋਜ਼ਪੁਰ ਤੇ ਮੋਗਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਜੋਨ ਵਿੱਚ ਹੁਸ਼ਿਆਰਪੁਰ, ਰੋਪੜ, ਨਵਾਂ ਸ਼ਹਿਰ, ਮੋਹਾਲੀ, ਸ੍ਰੀ ਫ਼ਤਹਿਗੜ੍ਹ ਸਾਹਿਬ, ਚੰਡੀਗੜ੍ਹ, ਲੁਧਿਆਣਾ ਤੇ ਹਿਮਾਚਲ ਪ੍ਰਦੇਸ਼ ਰਾਜ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਜੋਨ ਵਿੱਚ ਬਠਿੰਡਾ, ਮਾਨਸਾ, ਸੰਗਰੂਰ, ਬਰਨਾਲਾ, ਫਾਜਿਲਕਾ, ਪਟਿਆਲਾ, ਸ੍ਰੀ ਮੁਕਤਸਰ ਸਾਹਿਬ ਤੇ ਹਰਿਆਣਾ ਰਾਜ ਸ਼ਾਮਿਲ ਕੀਤੇ ਗਏ ਹਨ। ਉਨ੍ਹਾਂ ਪ੍ਰੋਗਰਾਮਾਂ ਦੀ ਰੂਪ ਰੇਖਾ ਦੱਸਦਿਆਂ ਕਿਹਾ ਕਿ ਧਾਰਮਿਕ ਟੀਚਰ, ਢਾਡੀ, ਕਵੀਸ਼ਰ ਪੰਜਾਬ ਦੇ ਸਾਰੇ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੂੰ ਜਪੁਜੀ ਸਾਹਿਬ ਦੀ ਬਾਣੀ ਦ੍ਰਿੜ੍ਹ ਕਰਵਾਉਣਗੇ। ਇਸ ਉਪਰੰਤ ਮਿਤੀ ੨੨-੧੨-੨੦੧੬ ਨੂੰ ਸਾਰੇ ਵਿਦਿਅਕ ਅਦਾਰਿਆਂ ਵਿੱਚ ਘੱਟੋ-ਘੱਟ ਇੱਕ ਲੱਖ ਵਿਦਿਆਰਥੀਆਂ ਪਾਸੋਂ ਜਪੁਜੀ ਸਾਹਿਬ ਦੇ ਪਾਠ ਸੰਗਤੀ ਰੂਪ ਵਿੱਚ ਕਰਵਾਏ ਜਾਣਗੇ।

ਅੰਮ੍ਰਿਤਸਰ ਜ਼ੋਨ ਦੇ ਪ੍ਰੋਗਰਾਮ ਦੀ ਵਿਉਂਤਬੰਦੀ ਲਈ ਸੱਦੀ ਗਈ ਇਸ ਇਕੱਤਰਤਾ ਮੌਕੇ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਸਿੱਖ ਪਨੀਰੀ ਨੌਜਵਾਨੀ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ, ਸਿੱਖ ਇਤਿਹਾਸ ਤੇ ਸਿੱਖ ਵਿਰਾਸਤ ਨਾਲ ਜੋੜਨ ਲਈ ਵੱਡੇ ਉਪਰਾਲੇ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਦੀ ਇਹ ਪਹਿਲ ਰਹੇਗੀ ਕਿ ਗੁਰਦੁਆਰਾ ਸਾਹਿਬਾਨ ਦੀ ਬਿਹਤਰ ਸੇਵਾ-ਸੰਭਾਲ ਦੇ ਨਾਲ-ਨਾਲ ਧਰਮ ਪ੍ਰਚਾਰ ਵੱਲ ਵੀ ਵਿਸ਼ੇਸ਼ ਤਵੱਜੋਂ ਦਿੱਤੀ ਜਾਵੇ। ਇਸੇ ਤਹਿਤ ਹੀ ਅੱਜ ਦੀ ਵਿਸ਼ੇਸ਼ ਇਕੱਤਰਤਾ ਬੁਲਾਈ ਗਈ ਹੈ। ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ, ਪ੍ਰਚਾਰਕ, ਢਾਡੀ ਅਤੇ ਵਿਦਿਅਕ ਸੰਸਥਾਵਾਂ ਦੇ ਨੁਮਾਇੰਦਿਆਂ ਦੀ ਬਿਹਤਰ ਇਕਸੁਰਤਾ ਇਸ ਮੁਹਿੰਮ ਨੂੰ ਸਫਲ ਕਰਨ ਵਿਚ ਵੱਡਾ ਰੋਲ ਅਦਾ ਕਰ ਸਕਦੀ ਹੈ।

ਪ੍ਰੋ: ਬਡੂੰਗਰ ਨੇ ਕਿਹਾ ਕਿ ਸਾਡੀ ਨੌਜਵਾਨੀ ਜੇਕਰ ਧਰਮ ਦੇ ਸਿਧਾਂਤ ਵਿਚ ਪ੍ਰਪੱਕ ਹੋਵੇਗੀ ਤਾਂ ਨਿਰਸੰਦੇਹ ਸਾਡਾ ਸਮਾਜ ਨਿੱਗਰ ਹੋਏਗਾ। ਉਨ੍ਹਾਂ ਕਿਹਾ ਕਿ ਬੱਚਿਆਂ ਅੰਦਰ ਧਰਮ ਦੇ ਸੰਸਕਾਰ ਪੈਦਾ ਕਰਨ ਲਈ ਸਾਡਾ ਇਤਿਹਾਸ ਅਗਵਾਈ ਕਰ ਸਕਦਾ ਹੈ ਇਸ ਲਈ ਬੱਚਿਆਂ ਅੰਦਰ ਇਤਿਹਾਸ ਦੇ ਅੰਸ਼ ਦ੍ਰਿੜ੍ਹ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਚੰਗੇ ਹੁਨਰਮੰਦ ਬਣਾਉਣ ਦੇ ਨਾਲ-ਨਾਲ ਚੰਗੇ ਮਨੁੱਖ ਬਣਾਉਣ ਲਈ ਵੀ ਇਸ ਸਬੰਧ ਵਿਚ ਸੁਚੇਤ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਸਾਡੀ ਅਕਸਰ ਚਿੰਤਾ ਰਹਿੰਦੀ ਹੈ ਕਿ ਬੱਚਿਆਂ ਅੰਦਰ ਅਧਾਰਮਿਕ ਪ੍ਰਵਿਰਤੀਆਂ ਵਧ ਰਹੀਆਂ ਹਨ ਪਰ ਉਨ੍ਹਾਂ ਨੂੰ ਇਸ ਵਿੱਚੋਂ ਕੱਢਣ ਲਈ ਸਾਡੇ ਯਤਨ ਕੀ ਹਨ? ਇਹ ਵੀ ਵੱਡਾ ਸਵਾਲ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਮੋਢਿਆਂ ਤੇ ਕੌਮੀ ਭਵਿੱਖ ਉਸਰਨੇ ਹਨ। ਅੱਜ ਦੀ ਨੌਜਵਾਨੀ ਕੌਮੀ ਨੀਂਹ ਹੈ ਅਤੇ ਜੇਕਰ ਨੀਂਹ ਕਮਜ਼ੋਰ ਰਹਿ ਗਈ ਤਾਂ ਮਜ਼ਬੂਤ ਭਵਿੱਖ ਦੀ ਕਾਮਨਾ ਨਹੀਂ ਕਰ ਸਕਾਂਗੇ। ਇਸ ਲਈ ਅੱਜ ਦੇ ਬੱਚਿਆਂ ਅਤੇ ਨੌਜਵਾਨਾਂ ਦੇ ਜੀਵਨ ਅੰਦਰ ਗੁਰਬਾਣੀ ਅਤੇ ਇਤਿਹਾਸ ਦੀ ਸ਼ਮੂਲੀਅਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਉਲੀਕੇ ਗਏ ਪ੍ਰੋਗਰਾਮ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼੍ਰੋਮਣੀ ਗੁ: ਪ੍ਰ: ਕਮੇਟੀ ਵਲੋਂ 'ਜਪੁਜੀ ਸਾਹਿਬ ਦੇ ਗੁਟਕੇ ਅਤੇ ਸਚਿੱਤਰ ਨਿੱਕੀਆਂ ਜਿੰਦਾਂ ਵੱਡਾ ਸਾਕਾ' ਭੇਟਾ ਰਹਿਤ ਦਿੱਤੇ ਜਾਣਗੇ, ਤਾਂ ਜੋ ਨੌਜਵਾਨ ਬੱਚੇ-ਬੱਚੀਆਂ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਸਰਬੰਸਦਾਨੀ ਸ੍ਰੀ

*(ਬਾਕੀ ਪੰਨਾ ੭੧ 'ਤੇ)*



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਗਏ ਸਮਾਗਮ ਸਮੇਂ ਸੰਬੋਧਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ।
ਹੇਠਾਂ: ਸਮਾਗਮ 'ਚ ਹਾਜ਼ਰ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਦੇ ਸਨਮਾਨ ਦਾ ਦ੍ਰਿਸ਼।

(15 ਨਵੰਬਰ 2016)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਾਈ ਮਰਦਾਨਾ ਜੀ ਦੀ ਸਾਲਾਨਾ ਯਾਦ ਮਨਾਉਣ ਸਮੇਂ
ਅਰਦਾਸ ਕਰਦੇ ਹੋਏ ਭਾਈ ਸੁਲਤਾਨ ਸਿੰਘ ਤੇ ਅਰਦਾਸ ਵਿੱਚ ਸ਼ਾਮਲ ਸ਼੍ਰੋਮਣੀ ਕਮੇਟੀ ਅਧਿਕਾਰੀ, ਕਰਮਚਾਰੀ ਤੇ ਸੰਗਤਾਂ।

(27 ਨਵੰਬਰ 2016)



ਵਿਸ਼ਵ ਰਬਾਬੀ ਭਾਈ ਮਰਦਾਨਾ ਸੁਸਾਇਟੀ ਪੰਜਾਬ ਦੇ ਅਹੁਦੇਦਾਰਾਂ ਪਾਸੋਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ
ਸ਼੍ਰੋਮਣੀ ਕਮੇਟੀ ਦਾ ਸਨਮਾਨ ਹਾਸਲ ਕਰਦੇ ਹੋਏ ਸ. ਸੁਰਜੀਤ ਸਿੰਘ ਭਿੱਟੇਵਿਡ ਅੰਤ੍ਰਿੰਗ ਕਮੇਟੀ ਮੈਂਬਰ,
ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ।

(27 ਨਵੰਬਰ 2016)



ਗੁਰਦੁਆਰਾ ਸ੍ਰੀ ਦਮਦਮਾ ਸਾਹਿਬ (ਗੁਰੂ ਕੇ ਮਹਿਲ) ਸ੍ਰੀ ਅਨੰਦਪੁਰ ਸਾਹਿਬ ਵਿਖੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਿਆਈ ਦਿਵਸ ਮੌਕੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦੇ ਹੋਏ ਗਿਆਨੀ ਮੱਲ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਅਤੇ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ। (2 ਦਸੰਬਰ 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬਘਰ ਵਿਚ ਸ਼ਹੀਦ ਭਾਈ ਜਸਜੀਤ ਸਿੰਘ ਜੰਮੂ ਦੀ ਤਸਵੀਰ ਸੁਸ਼ੋਭਿਤ ਕਰਨ ਉਪਰੰਤ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ, ਭਾਈ ਰਾਮ ਸਿੰਘ ਅੰਤ੍ਰਿੰਗ ਮੈਂਬਰ, ਸ. ਬਾਵਾ ਸਿੰਘ ਗੁਮਾਨਪੁਰਾ ਮੈਂਬਰ, ਡਾ. ਰੂਪ ਸਿੰਘ ਸਕੱਤਰ, ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਨਿੱਜੀ ਸਕੱਤਰ ਤੇ ਸ. ਸੁਲੱਖਣ ਸਿੰਘ ਮੈਨੇਜਰ। (17 ਨਵੰਬਰ 2016)



ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਸ. ਤਰਵਿੰਦਰ ਸਿੰਘ ਦੇ ਸੇਵਾ-ਮੁਕਤ ਹੋਣ 'ਤੇ ਉਨ੍ਹਾਂ ਨੂੰ ਸਨਮਾਨਤ ਕਰਦੇ ਹੋਏ ਸ. ਸੁਖਦੇਵ ਸਿੰਘ ਭੂਰਾ ਕੋਹਨਾ ਨਿੱਜੀ ਸਕੱਤਰ, ਸ. ਕੇਵਲ ਸਿੰਘ ਐਡੀ. ਸਕੱਤਰ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਜਗਜੀਤ ਸਿੰਘ ਜੱਗੀ ਤੇ ਸ. ਸਕੱਤਰ ਸਿੰਘ ਮੀਤ ਸਕੱਤਰ ਤੇ ਹੋਰ। (30 ਨਵੰਬਰ 2016)



ਸ. ਸੁਰਿੰਦਰ ਸਿੰਘ ਤਲਵੰਡੀ ਡਰਾਇਵਰ ਦੇ ਸੇਵਾ-ਮੁਕਤ ਹੋਣ 'ਤੇ ਉਨ੍ਹਾਂ ਨੂੰ ਸਨਮਾਨਤ ਕਰਦੇ ਹੋਏ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਸਾਬਕਾ ਜਥੇਦਾਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਦਲਮੇਘ ਸਿੰਘ ਸਾਬਕਾ ਸਕੱਤਰ, ਐਡੀ. ਸਕੱਤਰ ਸ. ਰਣਜੀਤ ਸਿੰਘ, ਸ. ਪ੍ਰਤਾਪ ਸਿੰਘ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਅਤੇ ਹੋਰ। (30 ਨਵੰਬਰ 2016)



ਧਰਮ ਪ੍ਰਚਾਰ ਕਮੇਟੀ ਦੇ ਸਹਾਇਕ ਅਕਾਊਂਟੈਂਟ ਸ. ਕਿਰਪਾਲ ਸਿੰਘ ਦੇ ਸੇਵਾ-ਮੁਕਤ ਹੋਣ 'ਤੇ ਉਨ੍ਹਾਂ ਨੂੰ ਸਨਮਾਨਤ ਕਰਦੇ ਹੋਏ ਸ. ਦਿਲਜੀਤ ਸਿੰਘ 'ਬੇਦੀ' ਐਡੀ. ਸਕੱਤਰ, ਸ. ਤਰਵਿੰਦਰ ਸਿੰਘ ਮੀਤ ਸਕੱਤਰ ਅਤੇ ਹੋਰ। (31 ਅਕਤੂਬਰ 2016)

*(ਪੰਨਾ ੬੬ ਦਾ ਬਾਕੀ)*

ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਹੋ ਗੁਰਬਾਣੀ ਨਾਲ ਜੁੜ ਸਕਣ।

ਇਸ ਮੌਕੇ ਭਾਈ ਰਾਮ ਸਿੰਘ ਅੰਤ੍ਰਿੰਗ ਮੈਂਬਰ, ਬੀਬੀ ਕਿਰਨਜੋਤ ਕੌਰ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਅਮਰਜੀਤ ਸਿੰਘ ਬੰਡਾਲਾ ਮੈਂਬਰ ਸ਼੍ਰੋਮਣੀ ਕਮੇਟੀ, ਸ. ਭਗਵਾਨ ਸਿੰਘ ਜੌਹਲ ਤੇ ਸ. ਅਵਤਾਰ ਸਿੰਘ ਵਣਵਾਲਾ ਮੈਂਬਰ ਧਰਮ ਪ੍ਰਚਾਰ ਕਮੇਟੀ, ਪ੍ਰਿੰਸੀਪਲ ਬੀਬੀ ਸਤਵੰਤ ਕੌਰ ਬਟਾਲਾ ਵੱਲੋਂ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਗਈ ਅਤੇ ਉਨ੍ਹਾਂ ਨੇ ਇਸ ਮੁਹਿੰਮ ਵਿਚ ਤਨੋ ਮਨੋ ਯੋਗਦਾਨ ਪਾਉਣ ਦਾ ਭਰੋਸਾ ਦਿਵਾਇਆ। ਸ. ਸੁਰਜੀਤ ਸਿੰਘ ਭਿੱਟੇਵਿਡ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ ਨੇ ਸਾਰੀਆਂ ਪਹੁੰਚੀਆਂ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ ਤੇ ਧੰਨਵਾਦ ਕੀਤਾ। ਇਸ ਮੌਕੇ ਸ. ਬਲਵਿੰਦਰ ਸਿੰਘ ਸਿੰਘ ਵੇਈਂਪੂਈਂ ਅੰਤ੍ਰਿੰਗ ਮੈਂਬਰ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਸ਼ਿੰਗਾਰਾ ਸਿੰਘ ਲੋਹੀਆਂ, ਸ. ਰਜਿੰਦਰ ਸਿੰਘ ਮਹਿਤਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਗੁਰਿੰਦਰਪਾਲ ਸਿੰਘ ਗੋਰਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਅਮਰੀਕ ਸਿੰਘ ਸ਼ਾਹਪੁਰ, ਸ. ਬਿਕਰਮਜੀਤ ਸਿੰਘ ਕੋਟਲਾ, ਸ. ਅਮਰੀਕ ਸਿੰਘ ਵਿਛੋਆ, ਸ. ਨਿਰਮਲ ਸਿੰਘ ਨੌਸ਼ਹਿਰਾ ਢਾਲਾ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਮਗਵਿੰਦਰ ਸਿੰਘ ਖਾਪੜਖੇੜੀ, ਸ. ਸੱਜਣ ਸਿੰਘ ਬੱਜੂਮਾਨ, ਸ. ਦਰਸ਼ਨ ਸਿੰਘ ਸ਼ੇਰ ਖਾਂ (ਸਾਰੇ ਮੈਂਬਰ ਸ਼੍ਰੋਮਣੀ ਕਮੇਟੀ), ਜਥੇਦਾਰ ਰਤਨ ਸਿੰਘ ਜਫਰਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ, ਸ. ਹਰਭਜਨ ਸਿੰਘ ਮਨਾਵਾਂ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਸ. ਕੇਵਲ ਸਿੰਘ, ਡਾ. ਪਰਮਜੀਤ ਸਿੰਘ ਸਰੋਆ, ਸ. ਬਿਜੈ ਸਿੰਘ ਤੇ ਸ. ਮਹਿੰਦਰ ਸਿੰਘ ਆਹਲੀ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ. ਜਗਜੀਤ ਸਿੰਘ ਤੇ ਸ. ਕੁਲਵਿੰਦਰ ਸਿੰਘ ਰਮਦਾਸ ਮੀਤ ਸਕੱਤਰ, ਸ. ਗੁਰਨਾਮ ਸਿੰਘ ਸੁਪ੍ਰਿੰਟੈਂਡੈਂਟ ਤੇ ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ ਆਦਿ ਮੌਜੂਦ ਸਨ। *੩੦ ਨਵੰਬਰ*

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਆਲ ਇੰਡੀਆ ਗੁਰੂ ਨਾਨਕ ਦੇਵ ਗੋਲਡ ਕੱਪ ਵੂਮੈਨ ਹਾਕੀ ਟੂਰਨਾਮੈਂਟ

ਅੰਮ੍ਰਿਤਸਰ- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਵਿਖੇ ਹਾਕੀ ਇੰਡੀਆ ਦੀ ਪ੍ਰਵਾਨਗੀ ਨਾਲ ਚਾਰ ਰੋਜ਼ਾ ਆਲ ਇੰਡੀਆ ਗੁਰੂ ਨਾਨਕ ਦੇਵ ਗੋਲਡ ਕੱਪ ਵੂਮੈਨ ਹਾਕੀ ਟੂਰਨਾਮੈਂਟ ੨੦੧੬ ਹੋਇਆ। ਇਸ ਟੂਰਨਾਮੈਂਟ ਵਿਚ ਦੇਸ਼ ਭਰ ਦੀਆਂ ਹਾਕੀ ਦੀਆਂ ੧੨ ਪ੍ਰਮੁੱਖ ਟੀਮਾਂ ਭਾਗ ਲੈ ਰਹੀਆਂ ਹਨ। ਟੂਰਨਾਮੈਂਟ ਦੇ ਉਦਘਾਟਨੀ ਸਮਾਰੋਹ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਵਰਲਡ ਯੂਨੀਵਰਸਿਟੀ ਦੇ ਚਾਂਸਲਰ ਪ੍ਰੋ:ਕਿਰਪਾਲ ਸਿੰਘ ਬਡੂੰਗਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀ ਜੀਵਨ ਵਿਚ ਖੇਡਾਂ ਦੇ ਮਹੱਤਵ ਬਾਰੇ ਦੱਸਦਿਆਂ ਕਿਹਾ ਕਿ ਖੇਡਾਂ ਨਾ ਕੇਵਲ ਵਿਦਿਆਰਥੀਆਂ ਦੇ ਮਾਨਸਿਕ ਤੇ ਸਰੀਰਕ ਵਿਕਾਸ ਵਿਚ ਬਲਕਿ ਉਨ੍ਹਾਂ ਦੇ ਨੈਤਿਕ, ਸਮਾਜਿਕ ਅਤੇ ਸੱਭਿਆਚਾਰਕ ਵਿਕਾਸ ਵਿਚ ਵੀ ਅਹਿਮ ਯੋਗਦਾਨ ਪਾਉਂਦੀਆਂ ਹਨ। ਉਨ੍ਹਾਂ ਸਿੱਖ ਇਤਿਹਾਸ ਵਿਚੋਂ ਉਦਾਹਰਣਾਂ ਦੇ ਕੇ ਦੱਸਿਆ ਕਿ ਦੂਸਰੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਖਡੂਰ ਸਾਹਿਬ ਦੀ ਪਵਿੱਤਰ ਧਰਤੀ ਤੋਂ ਮੱਲ ਅਖਾੜੇ ਲਗਾਉਣੇ ਸ਼ੁਰੂ ਕੀਤੇ ਅਤੇ ਫਿਰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਖਾੜੇ ਲਗਾਉਣੇ ਸ਼ੁਰੂ ਕੀਤੇ ਜਿਥੋਂ ਸਿੰਘਾਂ ਵਿਚ ਬੀਰ ਰਸ ਭਰਨ ਲਈ ਵਾਰ ਗਾਇਨ ਦੀ ਪ੍ਰੰਪਰਾ ਵੀ ਸ਼ੁਰੂ ਕੀਤੀ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਖੇਡਾਂ ਦੇ ਖੇਤਰ ਵਿਚ ਇਹ ਮਕਸਦ ਲੈ ਕੇ ਚੱਲੀ ਸੀ ਕਿ ਖੇਡਾਂ ਵਿਚ ਜੋ ਸਿੱਖ ਖਿਡਾਰੀ ਹੋਣ ਉਹ ਸਾਬਤ ਸੂਰਤ ਹੋਣ ਜੋ ਸਿੱਖ ਦੀ ਦੇਸ਼ ਵਿਦੇਸ਼ ਵਿਚ ਪਹਿਚਾਣ ਦਾ ਸਹੀ ਪ੍ਰਤੀਕ ਹੋਣ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਜਦੋਂ ਸਿੱਖ ਖਿਡਾਰੀ ਖੇਡਦੇ ਸਨ ਤਾਂ ਸਿੱਖ ਕੌਮ ਨੂੰ ਉਨ੍ਹਾਂ ਤੇ ਗੌਰਵ ਮਹਿਸੂਸ ਹੁੰਦਾ ਸੀ ਤੇ ਹੁਣ ਵੀ ਅਸੀਂ ਇਹੋ ਨਿਸ਼ਾਨਾ ਲੈ ਕੇ ਚੱਲੇ ਹਾਂ ਕਿ ਸਾਬਤ ਸੂਰਤ ਸਿੱਖ ਖਿਡਾਰੀਆਂ ਨੂੰ ਖੇਡਾਂ ਦੇ ਖੇਤਰ ਵਿਚ ਅੱਗੇ ਲਿਆਂਦਾ ਜਾਵੇ ਤਾਂ ਜੋ ਉਹ ਦੂਸਰੇ ਖਿਡਾਰੀਆਂ ਲਈ ਇਕ ਰੋਲ ਮਾਡਲ ਸਾਬਤ ਹੋਣ। ਉਨ੍ਹਾਂ ਇਸ ਮੌਕੇ ਇਹ ਐਲਾਨ ਵੀ ਕੀਤਾ ਕਿ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਖੇਡਾਂ ਵਿਚ ਨਾਮਣਾ ਖੱਟਣ ਵਾਲੇ ਦੋ ਸਿੱਖ ਖਿਡਾਰੀਆਂ ਦਾ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਇਸ ਮੌਕੇ ਮਹਾਨ ਸ਼ਹੀਦ ਸਰਦਾਰ ਕਰਤਾਰ ਸਿੰਘ ਸਰਾਭਾ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਮੌਕੇ ਯਾਦ ਕੀਤਾ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਗੁਰਮੋਹਨ ਸਿੰਘ ਨੇ ਦੱਸਿਆ ਕਿ ਇਹ ਟੂਰਨਾਮੈਂਟ ਪਹਿਲੇ ਗੁਰੂ ਸਾਹਿਬਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਇਹ ਬੜੀ ਮਾਣ ਵਾਲੀ ਗੱਲ ਹੈ ਕਿ ਯੂਨੀਵਰਸਿਟੀ ਵਿਖੇ ੨੦੧੪ ਤੋਂ ਚਲਾਈ ਜਾ ਰਹੀ ਹਾਕੀ ਅਕੈਡਮੀ ਦੀਆਂ ਖਿਡਾਰਨਾਂ ਨੇ ਰਾਸ਼ਟਰੀ ਪੱਧਰ ਤੇ ੧੯ ਗੋਲਡ ਮੈਡਲ, ੪ ਸਿਲਵਰ ਮੈਡਲ ਅਤੇ ੩ ਕਾਂਸੀ ਦੇ ਮੈਡਲ ਜਿੱਤੇ ਹਨ। ਉਨ੍ਹਾਂ ਇਸ ਉਪਲਬਧੀ ਪਿਛੇ ਯੂਨੀਵਰਸਿਟੀ ਦੇ ਡਾਇਰੈਕਟਰ ਸਪੋਰਟਸ ਡਾ. ਕੰਵਲਜੀਤ ਸਿੰਘ ਅਤੇ ਦਰੋਣਾਚਾਰੀਆ ਐਵਾਰਡੀ ਮੁੱਖ ਕੋਚ ਸ. ਬਲਦੇਵ ਸਿੰਘ ਦੀ ਯੋਗ ਅਗਵਾਈ ਦੱਸਿਆ।

ਇਸ ਟੂਰਨਾਮੈਂਟ ਮੌਕੇ ਪੰਜਾਬ ਲਈ ਅੰਤਰਰਾਸ਼ਟਰੀ ਪੱਧਰ ਤੇ ਨਾਮਣਾ ਖਟਣ ਵਾਲੇ ਦੋ ਉਘੇ ਖਿਡਾਰੀਆਂ, ਦਰੋਣਾਚਾਰੀਆ ਐਵਾਰਡੀ ਅਤੇ ਵਰਲਡ ਯੂਨੀਵਰਸਿਟੀ ਦੇ ਹਾਕੀ ਅਕੈਡਮੀ ਦੇ ਮੁੱਖ ਕੋਚ ਸ. ਬਲਦੇਵ ਸਿੰਘ ਅਤੇ ਓਲੰਪੀਅਨ ਸ. ਹਰਦੀਪ ਸਿੰਘ ਗਰੇਵਾਲ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮਗਰੋਂ ਅੰਤਰਰਾਸ਼ਟਰੀ ਪੱਧਰ ਤੇ ਨਾਮਣਾ ਖੱਟਣ ਵਾਲੀਆਂ ਵਰਲਡ ਯੂਨੀਵਰਸਿਟੀ ਦੀਆਂ ਹਾਕੀ ਅਕੈਡਮੀ ਦੀਆਂ ਵਿਦਿਆਰਥਣਾਂ ਨਵਪ੍ਰੀਤ ਕੌਰ, ਹਰਦੀਪ ਕੌਰ, ਰਿਤੂ, ਗਗਨਦੀਪ ਕੌਰ ਅਤੇ ਨਵਨੀਤ ਕੌਰ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਰਲਡ ਯੂਨੀਵਰਸਿਟੀ ਦੇ ਵਿਦਿਆਰਥੀਆਂ ਵਲੋਂ ਗਤਕਾ, ਭੰਗੜਾ ਅਤੇ ਸੂਫੀਆਨਾ ਸੰਗੀਤ ਦੀ ਰੂਹਾਨੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਐਸ.ਜੀ.ਪੀ.ਸੀ. ਦੇ ਅਧਿਕਾਰੀਆਂ ਅਤੇ ਵੱਖ ਵੱਖ ਸਿਖਿਆ ਸੰਸਥਾਵਾਂ ਦੇ ਮੁਖੀਆਂ ਦਾ ਵੀ ਸਨਮਾਨ ਕੀਤਾ ਗਿਆ। ਇਸ ਅਵਸਰ ਤੇ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਡਾ. ਕੰਵਲਜੀਤ ਸਿੰਘ, ਡੀਨ ਰਿਸਰਚ ਡਾ. ਬਲਬੀਰ ਸਿੰਘ ਭਾਟੀਆ, ਰਜਿਸਟਰਾਰ ਡਾ. ਪ੍ਰਿਤਪਾਲ ਸਿੰਘ ਅਤੇ ਡੀਨ ਵਿਦਿਆਰਥੀ ਭਲਾਈ ਡਾ. ਬੀਰਬਿਕਰਮ ਸਿੰਘ ਸਮੂਹ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ। *੧੭ ਨਵੰਬਰ*

## ਸ਼੍ਰੋਮਣੀ ਕਮੇਟੀ ਵੱਲੋਂ ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਨਾਮਦੇਵ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਦੀਪ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਅਰਦਾਸ ਭਾਈ ਰਾਜਦੀਪ ਸਿੰਘ ਨੇ ਕੀਤੀ। ਹੁਕਮਨਾਮਾ ਭਾਈ ਜਸਵੰਤ ਸਿੰਘ ਨੇ ਲਿਆ।

ਭਗਤ ਨਾਮਦੇਵ ਜੀ ਦਾ ਜਨਮ ਮਹਾਂਰਾਸ਼ਟਰ ਪ੍ਰਾਂਤ ਦੇ ਜ਼ਿਲ੍ਹਾ ਸਤਾਰਾ ਦੇ ਪਿੰਡ ਨਰਸੀ ਬਾਮਨੀ ਵਿਖੇ ਹੋਇਆ। ਭਗਤ ਨਾਮਦੇਵ ਜੀ ਉਨ੍ਹਾਂ ਪੰਦਰਾਂ ਭਗਤਾਂ ਵਿਚੋਂ ਇੱਕ ਸਨ, ਜਿਨ੍ਹਾਂ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹੈ। ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਭਗਤ ਨਾਮਦੇਵ ਜੀ ਦੇ ਰਚੇ ਕੁਲ ੬੧ ਸ਼ਬਦਾਂ ਨੂੰ ੧੮ ਰਾਗਾਂ ਵਿੱਚ ਦਰਜ ਕੀਤਾ। ਮਾਨਵਤਾ ਦੇ ਸੱਚੇ ਦਰਦੀ ਭਗਤ ਨਾਮਦੇਵ ਜੀ ਨੇ ਮਨੁੱਖਤਾ ਨੂੰ ਕਰਮਕਾਂਡਾਂ, ਵਹਿਮਾਂ-ਭਰਮਾਂ ਤੋਂ ਬਚਣ ਦਾ ਸੰਦੇਸ਼ ਦਿੱਤਾ। ਭਗਤ ਨਾਮਦੇਵ ਜੀ ਨੇ ਨਾਮ ਸਿਮਰਨ ਨੂੰ ਮੁਕਤੀ ਦਾ ਦੁਆਰ ਦਰਸਾਇਆ ਤੇ ਈਸ਼ਵਰ ਦੀ ਭਗਤੀ ਭਾਵਨਾ ਵੱਲ ਲੋਕਾਂ ਨੂੰ ਪ੍ਰੇਰਿਤ ਕੀਤਾ।

ਇਸ ਮੌਕੇ ਸ. ਦਿਲਜੀਤ ਸਿੰਘ ਬੇਦੀ, ਸ. ਹਰਭਜਨ ਸਿੰਘ ਮਨਾਵਾਂ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਬਿਜੈ ਸਿੰਘ ਤੇ ਸ. ਰਣਜੀਤ ਸਿੰਘ ਵਧੀਕ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ (ਨਿਜੀ

ਸਹਾਇਕ), ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਸਕੱਤਰ ਸਿੰਘ, ਸ. ਜਗਜੀਤ ਸਿੰਘ ਤੇ ਸ. ਜਸਵਿੰਦਰ ਸਿੰਘ ਦੀਨਪੁਰ ਮੀਤ ਸਕੱਤਰ, ਸ. ਹਰਜਿੰਦਰ ਸਿੰਘ ਤੇ ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸ. ਬਲਵਿੰਦਰ ਸਿੰਘ ਖੈਰਾਬਾਦ ਤੇ ਸ. ਜਸਵਿੰਦਰ ਸਿੰਘ ਦੀਪ ਇੰਚਾਰਜ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੁੱਚੇ ਸਟਾਫ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ। *੧੧ ਨਵੰਬਰ*

## ਐਮ.ਜੇ. ਅਕਬਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਏ

ਅੰਮ੍ਰਿਤਸਰ- ਰਾਜ ਦੇ ਬਾਹਰੀ ਮਾਮਲਿਆਂ ਬਾਰੇ ਮੰਤਰੀ ਤੇ ਮੈਂਬਰ ਪਾਰਲੀਮੈਂਟ ਰਾਜ ਸਭਾ ਐਮ ਜੇ ਅਕਬਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਏ ਤੇ ਉਨ੍ਹਾਂ ਗੁਰਬਾਣੀ ਦੇ ਰਸ ਭਿੰਨੇ ਕੀਰਤਨ ਦਾ ਆਨੰਦ ਮਾਣਿਆ। ਉਨ੍ਹਾਂ ਪ੍ਰੀਕਰਮਾ ਕਰਦੇ ਸਮੇਂ ਸੂਚਨਾ ਅਧਿਕਾਰੀ ਸ. ਗੁਰਬਚਨ ਸਿੰਘ ਤੋਂ ਸ੍ਰੀ ਹਰਿਮੰਦਰ ਸਾਹਿਬ ਤੇ ਪ੍ਰੀਕਰਮਾ ਵਿੱਚ ਸਥਿਤ ਇਤਿਹਾਸਕ ਅਸਥਾਨਾਂ ਦੇ ਇਤਿਹਾਸ ਬਾਰੇ ਜਾਣਕਾਰੀ ਹਾਸਲ ਕੀਤੀ। ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਐਮ ਜੇ ਅਕਬਰ ਨੂੰ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸ੍ਰੀ ਬਖਸ਼ੀ ਰਾਮ ਅਰੋੜਾ ਮੇਅਰ ਸ੍ਰੀ ਅੰਮ੍ਰਿਤਸਰ ਵੀ ਹਾਜ਼ਰ ਸਨ।

ਸੂਚਨਾ ਕੇਂਦਰ ਵਿਖੇ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਆਪਣੇ ਆਪ ਨੂੰ ਵਡਭਾਗੇ ਸਮਝਦੇ ਹਨ ਕਿ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਸਭ ਧਰਮਾਂ ਦੇ ਲੋਕ ਬੜੀ ਸ਼ਰਧਾ ਭਾਵਨਾ ਨਾਲ ਆਉਂਦੇ ਹਨ ਤੇ ਆਪਣੀਆਂ ਮਨੋਕਾਮਨਾਵਾਂ ਪੂਰੀਆਂ ਕਰਦੇ ਹਨ। *੨੯ ਨਵੰਬਰ*

## ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸਿੱਖ ਜੱਜ ਸ. ਮੋਤਾ ਸਿੰਘ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ

ਅੰਮ੍ਰਿਤਸਰ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਰਤਾਨੀਆ ਦੇ ਪਹਿਲੇ ਘੱਟ ਗਿਣਤੀ ਸਿੱਖ ਜੱਜ ਸ. ਮੋਤਾ ਸਿੰਘ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ਹੈ।

ਇਥੋਂ ਜਾਰੀ ਪ੍ਰੈਸ ਨੋਟ 'ਚ ਉਨ੍ਹਾਂ ਕਿਹਾ ਕਿ ਸ. ਮੋਤਾ ਸਿੰਘ ਨੇ ਅੰਗਰੇਜ਼ੀ ਬੈਂਚ ਵਿੱਚ ਘੋੜੇ ਦੇ ਵਾਲਾਂ ਵਾਲੀ ਵਿਗ ਦੀ ਥਾਂ ਪੱਗੜੀ ਬੰਨ੍ਹਣ ਨੂੰ ਪ੍ਰਮੁੱਖਤਾ ਦੇ ਕੇ ਸਿੱਖੀ ਸਰੂਪ ਨੂੰ ਕਾਇਮ ਰੱਖਣ ਲਈ ਜੋ ਉਪਰਾਲੇ ਕੀਤੇ ਉਹ ਸਦਾ ਯਾਦ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ. ਮੋਤਾ ਸਿੰਘ ਨੂੰ ਉਨ੍ਹਾਂ ਦੀਆਂ ਚੰਗੀਆਂ ਸੇਵਾਵਾਂ ਬਦਲੇ ਚੋਟੀ ਦੇ ਸਿਵਲ ਪੁਰਸਕਾਰ 'ਨਾਈਟ ਹੁੱਡ' ਨਾਲ ਵੀ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸ. ਮੋਤਾ ਸਿੰਘ ਦੇ ਬਰਤਾਨੀਆ ਦੇ ਪਹਿਲੇ ਸਿੱਖ ਜੱਜ ਹੋਣ ਨਾਲ ਪੂਰੇ ਵਿਸ਼ਵ ਦੇ ਸਿੱਖ ਪੰਥ ਲਈ ਬੜੀ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਅਕਾਲ ਚਲਾਣੇ ਤੇ ਸਮੁੱਚੇ ਸਿੱਖ ਪੰਥ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ ਪਰ ਅਕਾਲ ਪੁਰਖ ਦਾ ਭਾਣਾ ਅਟੱਲ ਹੈ ਉਸ ਅੱਗੇ ਕਿਸੇ ਦਾ ਜ਼ੋਰ ਨਹੀਂ ਚੱਲਦਾ।

